ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 24 ਫਰਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੧੩ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੰਜਾਬ ਵਿਧਾਨ ਸਭਾ ਦੇ ਸੈਸ਼ਨ ਦੀਆਂ ਤਰੀਕਾਂ ਦਾ ਐਲਾਨ, 6 ਮਾਰਚ ਤੋਂ 16 ਮਾਰਚ ਤੱਕ ਚੱਲੇਗਾ ਇਜਲਾਸ



**ਚੰਡੀਗੜ੍ਹ, 24 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਧਾਨਸਭਾ ਦੇ ਸੈਸ਼ਨ ਦੀਆਂ ਤਰੀਕਾਂ ਦਾ ਐਲਾਨ ਹੋ ਗਿਆ ਹੈ। ਦੱਸ ਦਈਏ ਕਿ ਪੰਜਾਬ ਕੈਬਨਿਟ ਦੀ ਮੀਟਿੰਗ ਮਗਰੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪ੍ਰੈਸ ਕਾਨਫਰੰਸ ਕੀਤੀ ਗਈ।ਮੀਟਿੰਗ ਦੌਰਾਨ ਕਈ ਅਹਿਮ ਫੈਸਲਿਆਂ 'ਤੇ ਮੁਹਰ ਲੱਗੀ। ਇਸ ਤੋਂ ਇਲਾਵਾ ਪ੍ਰੈਸ ਕਾਨਫਰੰਸ ਦੌਰਾਨ ਪੰਜਾਬ ਬਜਟ ਸੈਸ਼ਨ ਦੀਆਂ ਤਰੀਕਾਂ ਦਾ ਵੀ ਐਲਾਨ ਕੀਤਾ ਗਿਆ। ਮੁੱਖ ਮੰਤਰੀ ਭਗਵੰਤ ਮਾਨ ਨੇ ਦੱਸਿਆ ਕਿ 6 ਮਾਰਚ ਤੋਂ 16 ਮਾਰਚ ਤੱਕ ਪੰਜਾਬ ਦਾ ਬਜਟ ਇਲਜਾਸ ਚੱਲੇਗਾ। 8 ਮਾਰਚ ਦਿਨ ਐਤਵਾਰ ਨੂੰ ਪੰਜਾਬ ਦਾ ਬਜਟ ਪੇਸ਼ ਕੀਤਾ ਜਾਵੇਗਾ। ਮੁੱਖ ਮੰਤਰੀ ਭਗਵੰਤ ਮਾਨ ਕਹਿਣਾ ਹੈ ਕਿ ਇਸ ਵਾਰ ਦਾ ਬਜਟ ਲੋਕਪੱਖੀ ਹੋਵੇਗਾ।ਨਾਲ ਹੀ ਲੋਕਾਂ ਦਾ ਦੀਆਂ ਨਜ਼ਰਾਂ ਇਸ ਵਾਰ ਮਹਿਲਾਵਾਂ ਨੂੰ ਦਿੱਤੇ ਜਾਣ ਵਾਲੇ 1000 ਰੁਪਏ ਦੇ ਐਲਾਨ 'ਤੇ ਵੀ ਹੈ।

# ਦਿੱਲੀ ਦੇ ਦੋ ਵੱਡੇ ਸਕੂਲਾਂ ਨੂੰ ਬੰਬ ਧਮਾਕਿਆਂ ਨਾਲ ਉਡਾਉਣ ਦੀ ਧਮਕੀ ਮਿਲੀ




**ਨਵੀਂ ਦਿੱਲੀ, 24 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਦੇ ਦੋ ਵੱਡੇ ਸਕੂਲਾਂ, ਧੌਲਾ ਕੁਆਂ ਵਿਖੇ ਆਰਮੀ ਪਬਲਿਕ ਸਕੂਲ ਅਤੇ ਲੋਧੀ ਰੋਡ ਵਿਖੇ ਏਅਰ ਫੋਰਸ ਬਾਲ ਭਾਰਤੀ ਸਕੂਲ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਭਰੀ ਮੇਲ ਮਿਲੀ ਹੈ। ਦੱਸ ਦਈਏ ਕਿ ਸੂਚਨਾ ਮਿਲਣ 'ਤੇ, ਦਿੱਲੀ ਪੁਲਿਸ ਅਤੇ ਫਾਇਰ ਸਰਵਿਸ ਦੀਆਂ ਟੀਮਾਂ ਮੌਕੇ 'ਤੇ ਪਹੁੰਚ ਗਈਆਂ, ਅਤੇ ਸੁਰੱਖਿਆ ਕਾਰਨਾਂ ਕਰਕੇ ਇਮਾਰਤ ਨੂੰ ਖਾਲੀ ਕਰਵਾ ਲਿਆ ਗਿਆ। ਬੰਬ ਡਿਸਪੋਜ਼ਲ ਸਕੁਐਡ ਦੁਆਰਾ ਇੱਕ ਤੀਬਰ ਖੋਜ ਮੁਹਿੰਮ ਅਤੇ ਜਾਂਚ ਤੋਂ ਬਾਅਦ, ਹੁਣ ਤੱਕ ਕੋਈ ਸ਼ੱਕੀ ਵਸਤੂ ਜਾਂ ਵਿਸਫੋਟਕ ਨਹੀਂ ਮਿਲਿਆ ਹੈ। ਦਿੱਲੀ ਫਾਇਰ ਸਰਵਿਸ ਦੇ ਅਨੁਸਾਰ, ਸਥਿਤੀ ਕਾਬੂ ਵਿੱਚ ਹੈ ਅਤੇ ਇਹ ਇੱਕ ਝੂਠੀ ਕਾਲ ਜਾਪਦੀ ਹੈ। ਮਾਪਿਆਂ ਨੂੰ ਸ਼ਾਂਤ ਰਹਿਣ ਦੀ ਸਲਾਹ ਦਿੱਤੀ ਗਈ ਹੈ, ਅਤੇ ਪੁਲਿਸ ਧਮਕੀ ਭੇਜਣ ਵਾਲੇ ਈਮੇਲ ਦੇ IP ਪਤੇ ਦੀ ਜਾਂਚ ਕਰ ਰਹੀ ਹੈ।

## ਨੇਪਾਲ 'ਚ ਵਾਪਰਿਆ ਵੱਡਾ ਬੱਸ ਹਾਦਸਾ; ਯਾਤਰੀਆਂ ਨਾਲ ਭਰੀ ਬੱਸ ਨਦੀ 'ਚ ਡਿੱਗੀ, 18 ਲੋਕਾਂ ਦੀ ਮੌਤ

**ਕਾਠਮੰਡੂ, 24 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਨੇਪਾਲ ਦੇ ਧਾਡਿੰਗ ਜ਼ਿਲ੍ਹੇ ਵਿੱਚ ਇੱਕ ਭਿਆਨਕ ਹਾਦਸਾ ਵਾਪਰਿਆ। ਪੋਖਰਾ ਤੋਂ ਕਾਠਮੰਡੂ ਜਾ ਰਹੀ ਇੱਕ ਯਾਤਰੀ ਬੱਸ ਤ੍ਰਿਸ਼ੂਲੀ ਨਦੀ ਵਿੱਚ ਡਿੱਗ ਗਈ, ਜਿਸ ਕਾਰਨ ਘੱਟੋ-ਘੱਟ 18 ਲੋਕਾਂ ਦੀ ਮੌਤ ਹੋ ਗਈ। ਸਥਾਨਕ ਮੀਡੀਆ ਰਿਪੋਰਟਾਂ ਅਨੁਸਾਰ, ਇਹ ਘਟਨਾ ਭਾਰਤੀ ਸਮੇਂ ਅਨੁਸਾਰ ਸਵੇਰੇ 1 ਵਜੇ ਦੇ ਕਰੀਬ ਚਿੰਨਧਰਾ ਖੇਤਰ ਨੇੜੇ ਵਾਪਰੀ। ਬੱਸ ਵਿੱਚ ਲਗਭਗ 40 ਤੋਂ 45 ਯਾਤਰੀ ਸਵਾਰ ਸਨ, ਜਿਨ੍ਹਾਂ ਵਿੱਚ ਕੁਝ ਵਿਦੇਸ਼ੀ ਸੈਲਾਨੀ ਵੀ ਸ਼ਾਮਲ ਸਨ। ਮਰਨ ਵਾਲਿਆਂ ਦੀ ਗਿਣਤੀ 18 ਦੱਸੀ ਜਾ ਰਹੀ ਹੈ, ਜਿਨ੍ਹਾਂ ਵਿੱਚ ਛੇ ਔਰਤਾਂ ਅਤੇ 11 ਪੁਰਸ਼ ਸ਼ਾਮਲ ਹਨ। ਹਾਦਸੇ ਵਿੱਚ 25 ਤੋਂ 27 ਲੋਕ ਜ਼ਖਮੀ ਹੋਏ ਹਨ ਅਤੇ ਉਨ੍ਹਾਂ ਨੂੰ ਵੱਖ-ਵੱਖ ਹਸਪਤਾਲਾਂ ਵਿੱਚ ਦਾਖਲ ਕਰਵਾਇਆ ਗਿਆ ਹੈ। ਜ਼ਖਮੀਆਂ ਵਿੱਚ ਅੱਠ ਔਰਤਾਂ, 18 ਪੁਰਸ਼ ਅਤੇ ਇੱਕ ਨਾਬਾਲਗ ਲੜਕੀ ਸ਼ਾਮਲ ਹੈ। ਬੱਸ ਪ੍ਰਿਥਵੀ ਹਾਈਵੇਅ 'ਤੇ ਜਾ ਰਹੀ ਸੀ। ਦੱਸਿਆ ਜਾ ਰਿਹਾ ਹੈ ਕਿ ਬੇਨੀਘਾਟ ਰੋਰੰਗ ਪੇਂਡੂ ਨਗਰ ਪਾਲਿਕਾ-5 ਦੇ ਭਈਸੇਪਤੀ ਖੇਤਰ ਦੇ ਨੇੜੇ ਇਹ ਅਚਾਨਕ ਕੰਟਰੋਲ ਤੋਂ ਬਾਹਰ ਹੋ ਗਈ। ਵਾਹਨ ਸੜਕ ਤੋਂ ਫਿਸਲ ਗਿਆ, ਲਗਭਗ 300 ਮੀਟਰ ਦੀ ਢਲਾਣ ਤੋਂ ਹੇਠਾਂ ਡਿੱਗ ਗਿਆ ਅਤੇ ਨਦੀ ਦੇ ਕੰਢੇ 'ਤੇ ਜਾ ਡਿੱਗਿਆ। ਬੱਸ ਬੁਰੀ ਤਰ੍ਹਾਂ ਨੁਕਸਾਨੀ ਗਈ। ਪੁਲਿਸ ਨੇ ਕਿਹਾ ਕਿ ਹਾਦਸੇ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ। ਮੁੱਢਲੀ ਜਾਂਚ ਤੋਂ ਪਤਾ ਚੱਲਦਾ ਹੈ ਕਿ ਡਰਾਈਵਰ ਨੇ ਕੰਟਰੋਲ ਗੁਆ ਦਿੱਤਾ ਜਾਂ ਸੜਕ ਦੀ ਹਾਲਤ ਮਾੜੀ ਸੀ। ਬੱਸ ਵਿੱਚ ਓਵਰਲੋਡਿੰਗ ਹੋਣ ਦੀ ਸੰਭਾਵਨਾ ਦੀ ਵੀ ਜਾਂਚ ਕੀਤੀ ਜਾ ਰਹੀ ਹੈ। ਅਧਿਕਾਰੀਆਂ ਨੇ ਮ੍ਰਿਤਕਾਂ ਦੇ ਪਰਿਵਾਰਾਂ ਨੂੰ ਸੂਚਿਤ ਕਰ ਦਿੱਤਾ ਹੈ। ਦੱਸ ਦਈਏ ਕਿ ਇਹ ਹਾਦਸਾ ਰਾਤ ਨੂੰ ਵਾਪਰਿਆ, ਜਿਸ ਕਾਰਨ ਬਚਾਅ ਕਾਰਜ ਵਿੱਚ ਰੁਕਾਵਟ ਆਈ। ਨੇਪਾਲ ਫੌਜ, ਹਥਿਆਰਬੰਦ ਪੁਲਿਸ ਬਲ, ਨੇਪਾਲ ਪੁਲਿਸ ਅਤੇ ਸਥਾਨਕ ਲੋਕਾਂ ਨੇ ਬਚਾਅ ਕਾਰਜ ਨੂੰ ਅੰਜਾਮ ਦੇਣ ਲਈ ਇਕੱਠੇ ਕੰਮ ਕੀਤਾ।

## ਖਡੂਰ ਸਾਹਿਬ ਤੋਂ 'ਆਪ' ਵਿਧਾਇਕ ਦੀਆਂ ਵਧੀਆਂ ਮੁਸ਼ਿਕਲਾਂ ! ਹਾਈਕੋਰਟ ਨੇ ਵਿਧਾਇਕ ਸਮੇਤ ਪੰਜਾਬ ਸਰਕਾਰ ਨੂੰ ਜਾਰੀ ਕੀਤਾ ਨੋਟਿਸ

**ਚੰਡੀਗੜ੍ਹ, 24 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਖਡੂਰ ਸਾਹਿਬ ਤੋਂ ਆਮ ਆਦਮੀ ਪਾਰਟੀ ਪੰਜਾਬ ਦੇ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਦੀਆਂ ਮੁਸ਼ਿਕਲਾਂ ਵਿੱਚ ਵਾਧਾ ਹੁੰਦਾ ਵਿਖਾਈ ਦੇ ਰਿਹਾ ਹੈ। ਆਗੂ ਦੀ ਵਿਧਾਨ ਸਭਾ ਮੈਂਬਰਸ਼ਿਪ ਰੱਦ ਕਰਨ ਲਈ ਹਾਈ ਕੋਰਟ ਵਿੱਚ ਇੱਕ ਜਨਹਿੱਤ ਪਟੀਸ਼ਨ ਦਾਇਰ ਕੀਤੀ ਗਈ ਹੈ। ਤਰਨਤਾਰਨ ਦੇ ਜਸਵੰਤ ਸਿੰਘ ਦੀ ਪਟੀਸ਼ਨ 'ਤੇ ਹਾਈ ਕੋਰਟ ਨੇ ਮਨਜਿੰਦਰ ਸਿੰਘ ਲਾਲਪੁਰਾ, ਪੰਜਾਬ ਸਰਕਾਰ ਅਤੇ ਹੋਰਾਂ ਨੂੰ ਪਟੀਸ਼ਨ 'ਤੇ ਜਵਾਬ ਮੰਗਣ ਲਈ ਨੋਟਿਸ ਜਾਰੀ ਕੀਤੇ ਹਨ।



ਪਟੀਸ਼ਨ ਵਿੱਚ ਕਿਹਾ ਗਿਆ ਹੈ ਕਿ ਲਾਲਪੁਰਾ ਨੂੰ ਤਰਨਤਾਰਨ ਦੀ ਇੱਕ ਅਦਾਲਤ ਨੇ 2013 ਵਿੱਚ ਇੱਕ ਔਰਤ 'ਤੇ ਹਮਲਾ ਕਰਨ ਅਤੇ ਐਸਸੀ/ਐਸਟੀ ਐਕਟ ਦੇ ਤਹਿਤ ਦੋਸ਼ੀ ਠਹਿਰਾਇਆ ਸੀ ਅਤੇ ਪਿਛਲੇ ਸਾਲ ਸਤੰਬਰ ਵਿੱਚ ਚਾਰ ਸਾਲ ਦੀ ਕੈਦ ਦੀ ਸਜ਼ਾ ਸੁਣਾਈ ਸੀ।

ਸੁਪਰੀਮ ਕੋਰਟ ਵੱਲੋਂ ਜਾਰੀ ਹੁਕਮਾਂ ਦੇ ਤਹਿਤ, ਲਾਲਪੁਰਾ ਦੀ ਵਿਧਾਨ ਸਭਾ ਮੈਂਬਰਸ਼ਿਪ ਉਸਦੀ ਸਜ਼ਾ ਸੁਣਾਏ ਜਾਣ ਤੋਂ ਤੁਰੰਤ ਬਾਅਦ ਰੱਦ ਕਰ ਦਿੱਤੀ ਜਾਣੀ ਚਾਹੀਦੀ ਸੀ। ਇਸ ਦੇ ਬਾਵਜੂਦ, ਹਾਈ ਕੋਰਟ ਨੇ ਅੱਜ ਤੱਕ ਉਸਦੀ ਮੈਂਬਰਸ਼ਿਪ ਰੱਦ ਨਾ ਕਰਨ ਨੂੰ ਚੁਣੌਤੀ ਦਿੱਤੀ ਹੈ।

ਪਟੀਸ਼ਨਕਰਤਾ ਦਾ ਇਲਜ਼ਾਮ ਹੈ ਕਿ ਹਾਈ ਕੋਰਟ ਨੇ ਅਜੇ ਤੱਕ ਲਾਲਪੁਰਾ 'ਤੇ ਲਗਾਈ ਗਈ ਸਜ਼ਾ 'ਤੇ ਰੋਕ ਨਹੀਂ ਲਗਾਈ ਹੈ, ਜੋ ਕਿ ਸੁਪਰੀਮ ਕੋਰਟ ਦੇ ਹੁਕਮਾਂ ਦੀ ਸਿੱਧੀ ਉਲੰਘਣਾ ਹੈ। ਸਿੱਟੇ ਵਜੋਂ, ਪਟੀਸ਼ਨਕਰਤਾ ਨੇ ਹੁਣ ਲਾਲਪੁਰਾ ਦੀ ਵਿਧਾਨ ਸਭਾ ਮੈਂਬਰਸ਼ਿਪ ਤੁਰੰਤ ਰੱਦ ਕਰਨ ਦੀ ਮੰਗ ਕਰਦੇ ਹੋਏ ਹਾਈ ਕੋਰਟ ਵਿੱਚ ਪਟੀਸ਼ਨ ਦਾਇਰ ਕੀਤੀ ਹੈ। ਹਾਈ ਕੋਰਟ ਨੇ ਪਟੀਸ਼ਨ 'ਤੇ ਪੰਜਾਬ ਸਰਕਾਰ, ਲਾਲਪੁਰਾ ਅਤੇ ਹੋਰਾਂ ਨੂੰ ਨੋਟਿਸ ਜਾਰੀ ਕਰਕੇ 30 ਮਾਰਚ ਤੱਕ ਜਵਾਬ ਮੰਗਿਆ ਹੈ।

ਦੱਸ ਦਈਏ ਕਿ ਹੈ ਕਿ ਤਰਨਤਾਰਨ ਜ਼ਿਲ੍ਹਾ ਅਦਾਲਤ ਨੇ ਮਨਜਿੰਦਰ ਸਿੰਘ ਲਾਲਪੁਰਾ ਸਮੇਤ 12 ਲੋਕਾਂ ਨੂੰ ਹਮਲੇ ਅਤੇ ਛੇੜਛਾੜ ਦੇ ਇੱਕ ਮਾਮਲੇ ਵਿੱਚ ਦੋਸ਼ੀ ਠਹਿਰਾਇਆ ਸੀ। ਪੁਲਿਸ ਨੇ ਵਿਧਾਇਕ ਸਮੇਤ ਸੱਤ ਹੋਰਾਂ ਨੂੰ ਗ੍ਰਿਫ਼ਤਾਰ ਕੀਤਾ ਸੀ। 12 ਸਤੰਬਰ ਨੂੰ ਸੁਣਵਾਈ ਤੋਂ ਬਾਅਦ, ਵਿਧਾਇਕ ਨੂੰ ਚਾਰ ਸਾਲ ਦੀ ਕੈਦ ਦੀ ਸਜ਼ਾ ਸੁਣਾਈ ਗਈ ਸੀ।

## ਪਿੰਡ ਭੁੱਸੇ ਵਿਖੇ 300 ਸਾਲਾ ਸ਼ਹੀਦੀ ਸ਼ਤਾਬਦੀ ਸਮਾਗਮ 24-25 ਤੇ 26 ਨੂੰ

### ਬਾਬਾ ਹਰਨਾਮ ਸਿੰਘ ਖਾਲਸਾ ਦੀ ਅਗਵਾਈ ਤੇ ਪ੍ਰਧਾਨ ਧਾਮੀ ਦੇ ਸਹਿਯੋਗ ਨਾਲ ਹੋਣਗੇ ਤਿੰਨ ਰੋਜ਼ਾ ਧਾਰਮਿਕ ਸਮਾਗਮ

ਚੌਕ ਮਹਿਤਾ, 23 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)-ਅਮਰ ਸ਼ਹੀਦ ਬਾਬਾ ਬਘੇਲ ਸਿੰਘ ਜੀ, ਸ਼ਹੀਦ ਬਾਬਾ ਅਮਰ ਸਿੰਘ ਜੀ ਤੇ ਸ਼ਹੀਦ ਬਾਬਾ ਤਾਰਾ ਸਿੰਘ ਜੀ ਵਾਂ ਦੀ 300 ਸਾਲਾ ਸ਼ਹੀਦੀ ਸ਼ਤਾਬਦੀ ਪਿੰਡ ਭੁੱਸੇ ਦੇ ਗੁਰਦੁਆਰਾ





ਜਨਮ ਅਸਥਾਨ ਸ਼ਹੀਦ ਬਾਬਾ ਬਘੇਲ ਸਿੰਘ ਜੀ ਅਤੇ ਸ਼ਹੀਦ ਬਾਬਾ ਅਮਰ ਸਿੰਘ ਜੀ ਵਿਖੇ ਸੰਗਤਾਂ ਵੱਲੋਂ ਬੜੀ ਸ਼ਰਧਾ ਭਾਵਨਾ ਨਾਲ ਮਨਾਈ ਜਾ ਰਹੀ ਹੈ। ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ 18 ਵੀਂ ਸਦੀ ਦੇ ਇੰਨ੍ਹਾਂ ਮਹਾਨ ਸਿੱਖ ਯੋਧਿਆਂ ਦੀ ਸ਼ਹਾਦਤ ਨੂੰ ਯਾਦ ਕਰਦੇ ਹੋਏ ਕਿਹਾ ਕਿ ਕਰੋੜ ਸਿੰਘੀਆ ਮਿਸਲ ਦੇ ਬਾਬਾ ਬਘੇਲ ਸਿੰਘ ਜੀ ਨੇ 1783 ਵਿੱਚ ਦਿੱਲੀ ਜਿੱਤ ਕੇ ਲਾਲ ਕਿਲ੍ਹੇ 'ਤੇ ਖਾਲਸਾਈ ਨਿਸ਼ਾਨ ਸਾਹਿਬ ਲਹਿਰਾ ਕੇ ਗੁਰਧਾਮ ਸਥਾਪਿਤ ਕੀਤਾ ਸੀ ,ਜਦਕਿ ਸ਼ਹੀਦ ਬਾਬਾ ਅਮਰ ਸਿੰਘ ਤੇ ਬਾਬਾ ਤਾਰਾ ਸਿੰਘ ਵਾਂ ਨੇ ਧਰਮ ਤੇ ਕੌਮ ਦੀ ਰਾਖੀ ਲਈ ਮੁਗਲ ਤੇ ਅਫਗਾਨ ਹਮਲਾਵਰਾਂ ਵਿਰੁੱਧ ਲੜਦੇ ਹੋਏ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ ਸਨ ।ਉਨ੍ਹਾਂ ਨੇ ਕਿਹਾ ਕਿ ਇਹ ਸ਼ਹੀਦ ਸਾਡੇ ਕੌਮ ਦਾ ਅਣਮੋਲ ਸਰਮਾਇਆ ਹਨ ।ਇਸ ਲਈ ਇੰਨ੍ਹਾਂ ਸਿੱਖ ਯੋਧਿਆਂ ਦੇ 300 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਸੰਗਤਾਂ ਵੱਡੀ ਗਿਣਤੀ 'ਚ ਭੁੱਸੇ ਪਿੰਡ ਪੁੱਜਣ ਤੇ ਸ਼ਹੀਦੀ ਸਮਾਗਮਾਂ 'ਚ ਹਾਜ਼ਰੀ ਭਰਨ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਧਾਨ ਜਗਦੀਪ ਸਿੰਘ,ਨੰਬਰਦਾਰ ਜਸਤਾਰ ਸਿੰਘ ਤੇ ਰੇਸ਼ਮ ਸਿੰਘ ਨੇ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਅਗਵਾਈ ਹੇਠ ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਵਿਸ਼ੇਸ਼ ਸਹਿਯੋਗ ਨਾਲ ਇਹ ਸ਼ਹੀਦੀ ਸ਼ਤਾਬਦੀ ਸਮਾਗਮ ਕਰਾਏ ਜਾ ਰਹੇ ਹਨ ।ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਤਿੰਨ ਰੋਜ਼ਾ ਧਾਰਮਿਕ ਸਮਾਗਮਾਂ ਦੌਰਾਨ 24 ਫਰਵਰੀ,ਦਿਨ ਮੰਗਲਵਾਰ ਤੇ 25 ਫਰਵਰੀ ਦਿਨ ਬੁੱਧਵਾਰ ਨੂੰ 8 ਰਾਤ ਵਜੇ ਤੋਂ 12 ਵਜੇ ਤੱਕ ਕੀਰਤਨ ਦਰਬਾਰ ਹੋਣਗੇ ।26 ਫਰਵਰੀ ਦਿਨ ਵੀਰਵਾਰ ਨੂੰ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ,ਉਪਰੰਤ ਸਾਰਾ ਦਿਨ ਧਾਰਮਿਕ ਦੀਵਾਨ ਸੱਜਣਗੇ ।ਇਸ ਦੌਰਾਨ ਸਮਾਗਮਾਂ 'ਚ ਪੁੱਜ ਰਹੇ ਸੰਤ ਮਹਾਂਪੁਰਸ਼ ਤੇ ਹੋਰ ਧਾਰਮਿਕ ਸ਼ਖਸ਼ੀਅਤਾਂ ਤੋਂ ਇਲਾਵਾ ਪੰਥ ਦੇ ਉੱਘੇ ਕਥਾ ਵਾਚਕ,ਢਾਡੀ ਤੇ ਕਵੀਸ਼ਰੀ ਜਥੇ ਸੰਗਤਾਂ ਨੂੰ ਗੁਰ ਜਸ ਸਰਵਣ ਕਰਾਉਣਗੇ ।ਉਨ੍ਹਾਂ ਕਿਹਾ ਕਿ ਸਮਾਗਮਾਂ ਦੌਰਾਨ ਲੰਗਰਾਂ ਦੀ ਅਤੁੱਟ ਸੇਵਾ ਦਮਦਮੀ ਟਕਸਾਲ ਵੱਲੋਂ ਨਿਭਾਈ ਜਾਵੇਗੀ ।ਇਸ ਮੌਕੇ ਜਥੇਦਾਰ ਸਤਨਾਮ ਸਿੰਘ, ਦਿਲਬਾਗ ਸਿੰਘ ਤੇ ਜਗੀਰ ਸਿੰਘ ਦੋਧੀ ਆਦਿ ਵੀ ਮੌਜੂਦ ਸਨ।

## ਨਾਨਕਸਰ ਵਾਲੇ ਸੰਤਾਂ ਨਾਲ ਜੇ ਕੋਈ ਘਟਨਾ ਵਾਪਰੀ ਤਾਂ ਪੰਜਾਬ ਸਰਕਾਰ ਹੋਵੇਗੀ ਜ਼ਿੰਮੇਵਾਰ : ਸਿੰਘ ਸਾਹਿਬ

**ਅੰਮ੍ਰਿਤਸਰ, 24 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਨਾਨਕਸਰ ਸੰਪਰਦਾ ਦੇ ਅਤਿ ਸਤਿਕਾਰਯੋਗ ਸੰਤ ਬਾਬਾ ਘਾਲਾ ਸਿੰਘ ਪਾਸੋਂ ਸੁਰੱਖਿਆ ਵਾਪਸ ਲੈਣ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਪੰਜਾਬ ਸੂਬੇ ਦੀ ਮੌਜੂਦਾ ਅਮਨ ਕਾਨੂੰਨ ਦੀ ਵਿਗੜੀ ਸਥਿਤੀ ਦੇ ਚੱਲਦਿਆਂ ਸਰਕਾਰ ਦੀ ਇਹ ਕਾਰਵਾਈ ਗਲਤ ਹੈ।ਉਨ੍ਹਾਂ ਕਿਹਾ ਕਿ ਨਾਨਕਸਰ ਸੰਪਰਦਾ ਸਿੱਖੀ ਦੇ ਪ੍ਰਚਾਰ ਪ੍ਰਸਾਰ ਵਿਚ ਅਹਿਮ ਭੂਮਿਕਾ ਨਿਭਾਅ ਰਹੀ ਹੈ ਅਤੇ ਸੰਤ ਬਾਬਾ ਘਾਲਾ ਸਿੰਘ ਨੂੰ ਪਿਛਲੇ ਲੰਮੇ ਸਮੇਂ ਤੋਂ ਜੋ ਸੁਰੱਖਿਆ ਮਿਲੀ ਹੋਈ ਹੈ ਜਿਸ ਨੂੰ ਹਾਲ ਹੀ ਵਿਚ ਵਾਪਸ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਭਾਵੇਂ ਕਿ ਜੋ ਕਤਲੋਗਾਰਤ ਅੱਜ ਪੰਜਾਬ ਵਿਚ ਵਾਪਰ ਰਹੀ ਹੈ ਇਹ ਪੰਜਾਬ ਦਾ ਸੁਭਾਅ ਨਹੀਂ ਬਲਕਿ ਇੱਥੋਂ ਸਰਬੱਤ ਦੇ ਭਲੇ ਦਾ ਸਨੇਹਾ ਸਮੁੱਚੇ ਵਿਸ਼ਵ ਨੂੰ ਜਾਂਦਾ ਹੈ। ਜੇਕਰ ਸਰਬੱਤ ਦਾ ਭਲਾ ਮੰਗਣ ਵਾਲੀ ਸਿੱਖ ਕੌਮ ਦੇ ਪ੍ਰਚਾਰਕਾਂ ਨਾਲ ਸਰਕਾਰ ਲਾਗਤਬਾਜ਼ੀ ਕਰਕੇ ਕਾਰਵਾਈ ਕਰੇਗੀ ਤਾਂ ਇਹ ਬਿਲਕੁਲ ਉਚਿਤ ਨਹੀਂ ਇਸ ਉੱਤੇ ਮੁੜ ਵਿਚਾਰ ਕਰਨੀ ਚਾਹੀਦੀ ਹੈ। ਜਥੇਦਾਰ ਨੇ ਕਿਹਾ ਕਿ ਇਹ ਕਾਰਵਾਈ ਸੰਜੀਦਾ ਨਹੀਂ ਅਤੇ ਅਜਿਹੇ ਵਿਚ ਜੇਕਰ ਸੰਤ ਬਾਬਾ ਘਾਲਾ ਸਿੰਘ ਦੀ ਸੁਰੱਖਿਆ ਵਾਪਸ ਲੈਣ ਤੋਂ ਬਾਅਦ ਕੋਈ ਘਟਨਾ ਵਾਪਰਦੀ ਹੈ ਤਾਂ ਇਸ ਦੀ ਸਿੱਧੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ। ਉਨ੍ਹਾਂ ਕਿਹਾ ਕਿ ਸਰਕਾਰ ਤੁਰੰਤ ਪ੍ਰਭਾਵ ਨਾਲ ਸੰਤ ਬਾਬਾ ਘਾਲਾ ਸਿੰਘ ਦੀ ਸੁਰੱਖਿਆ ਮੁੜ ਬਹਾਲ ਕਰੇ।






**ਸਾਹਿਬ ਸਤਿਗੁਰੂ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਖਾਰਗਰ ਨਵੀਂ ਮੁੰਬਈ ਵਿਖੇ ਮਿਤੀ 28 ਫਰਵਰੀ ਅਤੇ 1 ਮਾਰਚ 2026 ਨੂੰ ਦੋ ਰੋਜ਼ਾ ਬਹੁਤ ਭਾਰੀ ਮਹਾਨ ਗੁਰਮਤਿ ਸਮਾਗਮ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਮਹਾਂਪੁਰਸ਼ਾ ਦੀ ਅਗੁਵਾਈ 'ਚ ਮਹਾਰਾਸ਼ਟਰ ਦੀ ਸਰਕਾਰ ਦੀ ਦੇਖ ਰੇਖ ਹੇਠ ਕੀਤਾ ਜਾ ਰਿਹਾ ਹੈ।**

**ਸੰਗਤਾਂ ਨੂੰ ਬੇਨਤੀ ਹੈ ਇਹਨਾਂ ਸਮਾਗਮਾਂ 'ਚ ਹਾਜਰੀਆਂ ਭਰੋ ਅਤੇ ਲਾਹੇ ਪ੍ਰਾਪਤ ਕਰੋ ਜੀ।**

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar


www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net


ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛੱਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV

ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ ’ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

### ਪੁਰਖਿਆਂ ਦੇ ਘਰ ਦੀ ਤੋੜਫੋੜ ’ਤੇ ਖਹਿਰਾ ਵੱਲੋਂ

# ਆਪ ਸਰਕਾਰ ਦਾ ਵਿਰੋਧ, ‘ਬੁਲਡੋਜ਼ਰ ਰਾਜਨੀਤੀ’ ਦੇ ਲਗਾਏ ਦੋਸ਼









**ਚੰਡੀਗੜ੍ਹ/ਜਲੰਧਰ, 23 ਫਰਵਰੀ (ਆਵਾਜ਼ਿ ਕੌਮ ਬਿਊਰੋ)-** ਭੁਲੱਥ ਤੋਂ ਵਿਧਾਇਕ ਅਤੇ ਸੀਨੀਅਰ ਕਾਂਗਰਸੀ ਆਗੂ ਸੁਖਪਾਲ ਸਿੰਘ ਖਹਿਰਾ ਨੇ ਆਪਣੇ ਪੁਰਖਿਆਂ ਦੇ ਘਰ ਦੀ ਕਥਿਤ ਤੋੜਫੋੜ ਨੂੰ ਲੈ ਕੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਦਾ ਤਿੱਖਾ ਵਿਰੋਧ ਕੀਤਾ ਹੈ।ਉਨ੍ਹਾਂ ਇਸ ਕਾਰਵਾਈ ਨੂੰ “ਬੁਲਡੋਜ਼ਰ ਰਾਜਨੀਤੀ” ਕਰਾਰ ਦਿੰਦਿਆਂ ਕਿਹਾ ਕਿ ਇਹ ਲੋਕਤੰਤਰ ਅਤੇ ਅਸਹਿਮਤੀ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਹੈ।

ਖਹਿਰਾ ਨੇ ਦੋਸ਼ ਲਗਾਇਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਰਾਜਨੀਤਿਕ ਬਦਲੇ ਦੀ ਭਾਵਨਾ ਨਾਲ ਇਹ ਕਾਰਵਾਈ ਕੀਤੀ ਗਈ ਹੈ ਅਤੇ ਇਹ ਸਭ ਕੁਝ ਅਰਵਿੰਦ ਕੇਜਰੀਵਾਲ ਦੇ ਇਸ਼ਾਰਿਆਂ ‘ਤੇ ਹੋ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇ ਪਿੰਡ ਵਿੱਚ ਸਥਿਤ ਉਨ੍ਹਾਂ ਦੇ ਕਾਨੂੰਨੀ ਪੁਰਖਿਆਂ ਦੇ ਘਰ ਦਾ ਇਕ ਹਿੱਸਾ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਭਾਰੀ ਪੁਲਿਸ ਬਲ ਦੀ ਮੌਜੂਦਗੀ ਵਿੱਚ ਢਾਹ ਦਿੱਤਾ ਗਿਆ। ਖਹਿਰਾ ਨੇ ਕਿਹਾ ਕਿ ਇਸ ਤੋੜਫੋੜ ਤੋਂ ਪਹਿਲਾਂ ਨਾ ਕੋਈ ਨੋਟਿਸ ਦਿੱਤਾ ਗਿਆ ਅਤੇ ਨਾ ਹੀ ਉਨ੍ਹਾਂ ਨੂੰ ਆਪਣਾ ਪੱਖ ਰੱਖਣ ਦਾ ਮੌਕਾ ਦਿੱਤਾ ਗਿਆ।

ਉਨ੍ਹਾਂ ਦਾਅਵਾ ਕੀਤਾ ਕਿ ਉਨ੍ਹਾਂ ਕੋਲ ਜਾਇਦਾਦ ਨਾਲ ਸਬੰਧਿਤ ਸਾਰੇ ਮਲਕੀਅਤ ਦਸਤਾਵੇਜ਼ ਮੌਜੂਦ ਹਨ ਅਤੇ ਜਾਇਦਾਦ ਦਾ ਕੋਈ ਵੀ ਹਿੱਸਾ ਗੈਰਕਾਨੂੰਨੀ ਨਹੀਂ ਹੈ।ਖਹਿਰਾ ਨੇ ਕਿਹਾ ਕਿ ਸਰਕਾਰ ਵੱਲੋਂ ਪੁਲਿਸ ਮਸ਼ੀਨਰੀ ਦੀ ਵਰਤੋਂ ਕਰਕੇ ਉਨ੍ਹਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ।

ਉਨ੍ਹਾਂ ਦੋਸ਼ ਲਗਾਇਆ ਕਿ ਪੰਜਾਬ ਨੂੰ ਪੁਲਿਸ ਰਾਜ ਵੱਲ ਧੱਕਿਆ ਜਾ ਰਿਹਾ ਹੈ ਅਤੇ ਵਿਰੋਧੀ ਆਵਾਜ਼ਾਂ ਨੂੰ ਦਬਾਉਣ ਲਈ ਪ੍ਰਸ਼ਾਸਨ ਦੀ ਵਰਤੋਂ ਹੋ ਰਹੀ ਹੈ।ਖਹਿਰਾ ਨੇ ਕਿਹਾ ਕਿ ਉਹ ਸਰਕਾਰ ਦੀਆਂ ਨੀਤੀਆਂ ਦੇ ਖੁੱਲ੍ਹੇ ਆਲੋਚਕ ਰਹੇ ਹਨ ਅਤੇ ਇਸ ਕਰਕੇ ਉਨ੍ਹਾਂ ਨੂੰ ਪਹਿਲਾਂ ਵੀ ਕੇਸਾਂ ਅਤੇ ਗ੍ਰਿਫ਼ਤਾਰੀਆਂ ਰਾਹੀਂ ਨਿਸ਼ਾਨਾ ਬਣਾਇਆ ਗਿਆ ਹੈ।

ਖਹਿਰਾ ਨੇ ਐਲਾਨ ਕੀਤਾ ਕਿ ਉਹ ਇਸ ਮਾਮਲੇ ਵਿੱਚ ਕਾਨੂੰਨੀ ਕਾਰਵਾਈ ਕਰਦੇ ਹੋਏ ਜਲਦ ਹੀ ਪੰਜਾਬ ਅਤੇ ਹਰਿਆਣਾ ਹਾਈਕੋਰਟ ਦਾ ਦਰਵਾਜ਼ਾ ਖੜਕਾਉਣਗੇ। ਉਨ੍ਹਾਂ ਕਿਹਾ ਕਿ ਇਸ ਕਥਿਤ ਗੈਰਕਾਨੂੰਨੀ ਤੋੜਫੋੜ ਲਈ ਜ਼ਿੰਮੇਵਾਰ ਅਧਿਕਾਰੀਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕਰਵਾਈ ਜਾਵੇਗੀ।

ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਬੁਲਡੋਜ਼ਰ ਰਾਜਨੀਤੀ ਜਾਂ ਧਮਕੀਆਂ ਰਾਹੀਂ ਲੋਕਤਾਂਤ੍ਰਿਕ ਵਿਰੋਧ ਨੂੰ ਕੁਚਲਣ ਦੀ ਕਿਸੇ ਵੀ ਕੋਸ਼ਿਸ਼ ਨੂੰ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ।

ਆਵਾਜ਼ਿ ਕੌਮ
AWAZE QAUM
International Newspaper & WEB TV


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

# ਯਾਦਗਾਰ ਹੋ ਨਿੱਬੜਿਆ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਜਨਮ ਅਸਥਾਨ ਵਿਖੇ ਸਲਾਨਾ 5 ਰੋਜ਼ਾ ਗੁਰਮਤਿ ਸਮਾਗਮ

## ਸਮਾਪਤੀ ਉਪਰੰਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਵੱਲੋਂ ਸਮੂਹ ਮਹਾਂਪੁਰਖਾਂ ਅਤੇ ਸੰਗਤਾਂ, ਸੇਵਾਦਾਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ











ਆਵਾਜ਼ਿ ਕੌਮ AWAZE QAUM
International Newspaper & WEB TV








ਪਿੰਡ ਰੋਡੇ (ਮੋਗਾ), 23 ਫਰਵਰੀ (ਗੁਰਪ੍ਰੀਤ ਸਿੰਘ)-ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਜਨਮ ਅਸਥਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮਹਾਂਪੁਰਖਾਂ ਦੇ ਨਗਰ ਵਿਖੇ ਸਲਾਨਾ 5 ਰੋਜ਼ਾ ਮਹਾਨ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਪੰਥ ਦੀਆਂ ਮਹਾਨ ਸ਼ਖ਼ਸੀਅਤਾਂ ਅਤੇ ਮਹਾਂਪੁਰਖਾਂ ਵੱਲੋਂ ਹਾਜ਼ਰੀ ਭਰੀ ਗਈ ਅਤੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਗਿਆ। 18 ਫਰਵਰੀ ਤੋਂ ਲੈਕੇ 22 ਫਰਵਰੀ ਤੱਕ ਗੁਰਮਤਿ ਕੀਰਤਨ ਦਰਬਾਰ ਸਜਾਇਆ ਗਿਆ ਅਤੇ ਕਥਾ ਵਿਚਾਰਾਂ ਦੀ ਸਾਂਝ ਪਾਈ ਗਈ। ਵੱਖ ਵੱਖ ਮਹਾਂਪੁਰਖਾਂ ਵੱਲੋਂ ਹਾਜ਼ਰੀ ਭਰ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਅੱਜ ਸਮਾਪਤੀ ਦੇ ਦੀਵਾਨ ਉਪਰੰਤ ਵੱਖ ਵੱਖ ਮਹਾਨ ਸ਼ਖ਼ਸੀਅਤਾਂ ਵੱਲੋਂ ਹਾਜ਼ਰੀ ਭਰੀ ਗਈ ਅਤੇ ਪੰਥਕ ਵਿਚਾਰਾਂ ਦੀ ਸਾਂਝ ਪਾਈ ਗਈ। ਸਮਾਪਤੀ ਉਪਰੰਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਵੱਲੋਂ ਸਮੂਹ ਮਹਾਂਪੁਰਖਾਂ ਅਤੇ ਸੰਗਤਾਂ, ਸੇਵਾਦਾਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ। ਸਮਾਪਤੀ ਉਪਰੰਤ ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ।

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਅਸੀਂ ਕੈਸੇ ਲੋਕ ਹਾਂ !

## ਪੰਜਾਬ ਵਿੱਚ ਪੰਜਾਬੀ ਨੂੰ ਪਹਿਲੀ ਵਾਰ ਰਾਜ-ਭਾਸ਼ਾ ਬਨਾਉਣ ਵਾਲਾ ਨਾਇਕ-ਲਛਮਣ ਸਿੰਘ ਗਿੱਲ

**ਉਹਨੂੰ ਇਹ ਇਤਿਹਾਸਕ ਕਾਰਜ ਕਰਨ ਲਈ ਪ੍ਰੇਰਨਾ ਦੇਣ ਵਾਲੇ ਗਿਆਨੀ ਲਾਲ ਸਿੰਘ ਤੇ ਕਿਰਪਾਲ ਸਿੰਘ ਨਾਰੰਗ**

**ਸਰਦਾਰ ਲਛਮਣ ਸਿੰਘ ਗਿੱਲ ਦੇ ਨਾਂ 'ਤੇ ਪੰਜਾਬੀ ਯੂਨੀਵਰਸਿਟੀ ਵਿਚ ਚੇਅਰ ਕਾਇਮ ਕੀਤੀ ਜਾਵੇ !**

**ਸਾਰਾ ਪ੍ਰਸੰਗ ਕੱਲ੍ਹ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਪੰਜਾਬੀ ਭਾਸ਼ਾ ਵਿਕਾਸ ਵਿਭਾਗ ਦੇ ਸਮਾਗਮ ਵਿੱਚ ਸਾਂਝਾ ਕੀਤਾ।**

**ਪੜ੍ਹਨ ਤੋਂ ਬਾਅਦ ਮੇਰੀ ਗੱਲ ਵਿਚਾਰਨਾ**

---------------------------------

ਪੰਜਾਬੀ ਜ਼ਬਾਨ ਦੇ ਆਧਾਰ 'ਤੇ ਪੰਜਾਬੀ ਭਾਸ਼ਾ, ਸਾਹਿਤ ਤੇ ਸਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਪੰਜਾਬੀ ਸੂਬਾ ਬਣਾਇਆ ਗਿਆ ਸੀ। ਪਰ ਪੰਜਾਬੀ ਨੂੰ ਇਹ ਰਵਾਇਤੀ ਅਕਾਲੀ ਤੇ ਕਾਂਗਰਸੀ ਸ਼ਾਇਦ ਕਦੀ ਰਾਜ ਭਾਸ਼ਾ ਦਾ ਦਰਜਾ ਵੀ ਨਾ ਦਿੰਦੇ ਜੇ ਲਛਮਣ ਸਿੰਘ ਗਿੱਲ ਇਹ ਉਦਮ ਨਾ ਕਰਦਾ

ਲਛਮਣ ਸਿੰਘ ਗਿੱਲ ਪੰਜਾਬ ਦੇ 25 ਨਵੰਬਰ 1967 ਤੋਂ 23 ਅਗਸਤ 1968 ਤੱਕ ਮੁੱਖ ਮੰਤਰੀ ਰਹੇ। ਉਹਨਾਂ ਨੂੰ ਕਾਂਗਰਸ ਪਾਰਟੀ ਵੱਲੋਂ ਸਮਰਥਨ ਦੇਣ ਨਾਲ ਪੰਜਾਬ ਦੇ ਮੁੱਖ ਮੰਤਰੀ ਜਸਟਿਸ ਗੁਰਨਾਮ ਸਿੰਘ ਦੀ ਸਰਕਾਰ ਡਿਗ ਪਈ। ਲਛਮਣ ਸਿੰਘ ਨਵੀਂ ਬਣੀ ਘੱਟ-ਗਿਣਤੀ ਸਰਕਾਰ ਦੇ ਮੁੱਖ ਮੰਤਰੀ ਬਣੇ। ਉਹਨਾਂ ਨੇ ਹੀ ਪੰਜਾਬ ਦੇ ਦਫਤਰਾਂ ਵਿੱਚ ਪੰਜ ਦਿਨ ਦਾ ਹਫਤਾ ਲਾਗੂ ਕੀਤਾ ਸੀ।

ਆਓ ਪਹਿਲਾਂ ਜਸਟਿਸ ਗੁਰਨਾਮ ਸਿੰਘ ਵਾਲੀ ਸਰਕਾਰ ਬਣਨ ਦੀ ਗੱਲ ਕਰ ਲਈਏ। ਪੰਜਾਬੀ ਸੂਬਾ ਬਣਨ ਤੋਂ ਤਿੰਨ ਮਹੀਨੇ ਮਗਰੋਂ ਫ਼ਰਵਰੀ, 1967 ਵਿਚ, ਅਸੈਂਬਲੀ ਤੇ ਪਾਰਲੀਮੈਂਟ ਦੀਆਂ ਚੋਣਾਂ ਹੋਈਆਂ ਜਿਨ੍ਹਾਂ ਵਿਚ ਕਾਂਗਰਸ ਦੇ 48, ਅਕਾਲੀ ਦਲ ਦੇ 26 , ਸੀ. ਪੀ. ਆਈ. ਦੇ 5, ਸੀ. ਪੀ. ਐਮ. ਦੇ 3, ਜਨਸੰਘ ਦੇ 9, ਪੀ. ਐਸ. ਪੀ ਦਾ 1, ਐਸ. ਐਸ. ਪੀ ਦੇ 3 ਤੇ 9 ਆਜ਼ਾਦ ਮੈਂਬਰ ਕਾਮਯਾਬ ਹੋਏ।8 ਮਾਰਚ, 1967 ਨੂੰ ਪੰਜਾਬ ਵਿਚ ਅਕਾਲੀ ਦਲ ਦੀ ਅਗਵਾਈ ਹੇਠ ਸਾਂਝੇ ਮੋਰਚੇ ਦੀ ਵਜ਼ਾਰਤ ਕਾਇਮ ਹੋ ਗਈ। ਜਸਟਿਸ ਗੁਰਨਾਮ ਸਿੰਘ ਮੁੱਖ ਮੰਤਰੀ ਬਣਿਆਂ। ਉਹਦੀ ਵਜ਼ਾਰਤ ਵਿਚ ਲਛਮਣ ਸਿੰਘ ਗਿੱਲ, ਰਜਿੰਦਰ ਸਿੰਘ ਸਪੈਰੋ, ਡਾਕਟਰ ਬਲਦੇਵ ਪ੍ਰਕਾਸ਼, ਪਿਆਰਾ ਰਾਮ ਧੰਨੋਵਾਲੀ ਪਹਿਲੇ ਵਜ਼ੀਰ ਬਣੇ।

ਭਾਵੇਂ ਪੰਜਾਬ, ਪੰਜਾਬੀ ਬੋਲੀ ਦਾ ਸੂਬਾ ਬਣਿਆ ਸੀ ਪਰ ਅਜੇ ਵੀ ਪੰਜਾਬ ਵਿਚ ਪੰਜਾਬੀ ਲਾਗੂ ਨਹੀਂ ਸੀ। ਜਨਸੰਘ ਜਿਹੜੀ ਹੁਣ ਭਾਜਪਾ ਹੈ, ਇਹ ਪੰਜਾਬੀ ਲਾਗੂ ਕਰਨ ਦੇ ਖ਼ਿਲਾਫ਼ ਸੀ। ਪੰਜਾਬੀ ਸੂਬਾ ਕਿਉਂਕਿ ਬਣਿਆਂ ਹੀ ਪੰਜਾਬੀ ਭਾਸ਼ਾ ਦੇ ਨਾਂ 'ਤੇ ਸੀ, ਇਸ ਲਈ ਜਿਨ੍ਹਾਂ ਨੇ ਪੰਜਾਬੀ ਸੂਬਾ ਲੈਣ ਲਈ ਕੁਰਬਾਨੀਆਂ ਦਿੱਤੀਆਂ ਸਨ, ਉਹਨਾਂ ਨੂੰ ਇਸ ਗੱਲ ਦੀ ਤਕਲੀਫ਼ ਹੋਣੀ ਲਾਜ਼ਮੀ ਸੀ ਕਿ ਪੰਜਾਬ ਦਾ ਅੰਨ-ਪਾਣੀ ਖਾਣ ਵਾਲੇ ਤੇ ਪੰਜਾਬ ਦੀਆਂ ਹਵਾਵਾਂ ਵਿਚ ਸਾਹ ਲੈਣ ਵਾਲੇ ਜਨਸੰਘੀ ਹੁਣ ਪੰਜਾਬੀ ਨੂੰ ਬਣਦਾ ਸਥਾਨ ਦੇਣ ਲਈ ਤਿਆਰ ਨਹੀਂ ਸਨ।

ਅਕਾਲੀਆਂ ਦੀ ਸਰਕਾਰ ਵਿਚ ਜਨਸੰਘ ਵੱਡੀ ਧਿਰ ਸੀ। ਇਸ ਲਈ ਅਕਾਲੀ ਆਗੂ ਉਹਨਾਂ ਨੂੰ ਨਰਾਜ਼ ਕਰਨ ਦੀ ਹਿੰਮਤ ਨਹੀਂ ਸਨ ਰੱਖਦੇ , ਸੋ ਪੰਜਾਬੀ ਜ਼ਬਾਨ ਦੀ ਕਿਸ ਨੇ ਸੁਣਨੀ ਸੀ। ਪਰ ਜਿਨ੍ਹਾਂ ਨੇ ਪੰਜਾਬੀ ਸੂਬੇ ਦੀ ਕਾਇਮੀ ਲਈ ਲੜਾਈ ਲੜੀ ਸੀ ਉਹਨਾਂ ਨੂੰ ਇਹ ਗੱਲ ਬਰਦਾਸ਼ਤ ਨਹੀਂ ਸੀ ਹੋ ਰਹੀ। ਉਹਨਾਂ ਦਾ ਗੁੱਸਾ ਅਕਸਰ ਫੁੱਟਣਾ ਹੀ ਸੀ ਤੇ ਉਹ ਫੁੱਟ ਵੀ ਪਿਆ।

ਅਕਾਲੀਆਂ ਦੀ ਨਵੇਂ ਪੰਜਾਬ ਵਿਚ ਬਣੀ ਵਜ਼ਾਰਤ ਵਿਚ ਜਦੋਂ ਜਨਸੰਘੀਆਂ ਦੇ ਦਬਾਓ ਅਧੀਨ ਪੰਜਾਬੀ ਨੂੰ ਸਕੱਤਰੇਤ ਪੱਧਰ ਦੀ ਭਾਸ਼ਾ ਬਨਾਉਣ ਵਿਚ ਰੁਕਾਵਟ ਖੜੀ ਹੋਈ ਤਾਂ ਪੁਰਾਣੇ ਅਕਾਲੀ ਆਗੂਆਂ ਵਿਚੋਂ ਦੋ ਅਕਾਲੀ ਆਗੂਆਂ ਹਰਚਰਨ ਸਿੰਘ ਹੁਡਿਆਰਾ ਅਤੇ ਹਜ਼ਾਰਾ ਸਿੰਘ ਗਿੱਲ ਨੇ 23 ਮਈ, 1967 ਨੂੰ ਪੰਜਾਬੀ ਨੂੰ ਸਕੱਤਰੇਤ ਪੱਧਰ ਤਕ ਲਾਗੂ ਕਰਨ ਅਤੇ ਸਿਖਿਆ ਦਾ ਮਾਧਿਅਮ ਬਣਾਉਣ ਦੇ ਸਵਾਲ 'ਤੇ ਅਕਾਲੀ ਦਲ ਛੱਡਣ ਦੀ ਧਮਕੀ ਦਿਤੀ। ਹਰਚਰਨ ਸਿੰਘ ਹੁਡਿਆਰਾ ਪੁਰਾਣਾ ਅਕਾਲੀ ਲੀਡਰ ਸੀ, ਜਿਸ ਨੇ ਪੰਜਾਬੀ ਸੂਬਾ ਬਣਨ ਤੱਕ ਆਪਣੇ ਗਲ ਕੁੜਤਾ ਨਾ ਪਹਿਨਣ ਦੀ ਕਸਮ ਪਾਈ ਹੋਈ ਸੀ। ਉਹ ਪੰਜਾਬੀ ਸੂਬਾ ਨਾ ਬਣਾਏ ਜਾਣ ਦੇ ਰੋਸ ਵਜੋਂ ਆਪਣੇ ਪਿੰਡੇ 'ਤੇ ਕਾਲੀ ਲੋਈ ਦੀ ਬੁੱਕਲ ਮਾਰ ਕੇ ਰੱਖਦਾ ਸੀ। ਹੁਣ ਅਜਿਹੇ ਲੋਕਾਂ ਦੇ ਇਸ ਐਕਸ਼ਨ ਨਾਲ ਕੁਝ ਹੋਰ ਆਗੂਆਂ ਦੀ ਜ਼ਮੀਰ ਦਾ ਟੁੰਬੇ ਜਾਣਾ ਸੁਭਾਵਕ ਸੀ।

13 ਅਗੱਸਤ, 1967 ਨੂੰ ਵਜ਼ੀਰ ਹੋਣ ਨਾਤੇ ਲਛਮਣ ਸਿੰਘ ਗਿੱਲ ਨੇ ਐਲਾਨ ਕੀਤਾ ਕਿ ਅਗਲੇ ਸੈਸ਼ਨ ਵਿਚ ਪੰਜਾਬੀ ਨੂੰ ਦਫ਼ਤਰੀ ਬੋਲੀ ਬਣਾਉਣ ਸਬੰਧੀ ਬਿਲ ਪੇਸ਼ ਹੋਵੇਗਾ। 4 ਨਵੰਬਰ, 1967 ਨੂੰ ਲਛਮਣ ਸਿੰਘ ਨੇ ਫਿਰ ਐਲਾਨ ਕੀਤਾ ਕਿ ਪਹਿਲੀ ਜਨਵਰੀ, 1968 ਤਕ ਪੰਜਾਬੀ ਪੂਰੀ ਤਰ੍ਹਾਂ ਸਰਕਾਰੀ ਪੱਧਰ 'ਤੇ ਲਾਗੂ ਕਰ ਦਿਤੀ ਜਾਵੇਗੀ।

ਪਰ ਇਹ ਗੱਲ ਜਨਸੰਘੀਆਂ ਨੂੰ ਹਜ਼ਮ ਹੋਣ ਵਾਲੀ ਨਹੀਂ ਸੀ। ਇਸ ਨਾਲ ਗੱਠਜੋੜ ਨਾਲ ਬਣੀ ਇਸ ਸਰਕਾਰ ਵਿਚ ਤਰੇੜਾਂ ਪੈਣ ਲੱਗੀਆਂ। ਇਸੇ ਤਰ੍ਹਾਂ ਅਕਾਲੀ ਦਲ ਦੇ ਪ੍ਰਧਾਨ ਸੰਤ ਫ਼ਤਿਹ ਸਿੰਘ ਨੇ ਵੀ ਵਜ਼ਾਰਤ ਦੀ ਭਾਈਵਾਲ ਸੀ.ਪੀ.ਆਈ. ਦੀ ਆਗੂ ਬਿਮਲਾ ਡਾਂਗ ਵਿਰੁਧ ਇਕ ਬਿਆਨ ਦਿਤਾ ਅਤੇ ਅਕਾਲੀਆਂ ਤੇ ਕਮਿਊਨਿਸਟਾਂ ਵਿਚ ਵੀ ਖੜਕ ਪਈ। ਤੀਜੇ ਪਾਸੇ ਲਛਮਣ ਸਿੰਘ ਗਿੱਲ ਕਾਰਨ ਹੀ ਫ਼ਤਿਹ ਸਿੰਘ ਦਾ ਅਕਾਲੀ ਦਲ ਬਣਿਆ ਸੀ ਕਿਉਂਕਿ ਇਸਤੋਂ ਪਹਿਲਾਂ ਅਕਾਲੀ ਦਲ ਉੱਤੇ ਮਾਸਟਰ ਤਾਰਾ ਸਿੰਘ ਦਾ ਕਬਜ਼ਾ ਸੀ। ਪਰ ਹੁਣ ਸੰਤ ਫ਼ਤਹਿ ਸਿੰਘ ਵਾਲੇ ਅਕਾਲੀ ਦਲ ਦਾ ਬਣਾਇਆ ਮੁੱਖ ਮੰਤ੍ਰੀ ਗੁਰਨਾਮ ਸਿੰਘ, ਲਛਮਣ ਸਿੰਘ ਗਿੱਲ ਦੀਆਂ ਗੱਲਾਂ ਮੰਨਣ ਲਈ ਤਿਆਰ ਨਹੀਂ ਸੀ ਹੁੰਦਾ। ਜਦੋਂ ਲਛਮਣ ਸਿੰਘ ਗਿੱਲ ਨੂੰ ਪਤਾ ਲੱਗਾ ਕਿ ਉਹਦੀ ਗੱਲ ਸੰਤ ਅਕਾਲੀ ਦਲ ਦਾ ਮੁੱਖ-ਮੰਤ੍ਰੀ ਗੁਰਨਾਮ ਸਿੰਘ ਮੰਨਣ ਲਈ ਤਿਆਰ ਨਹੀਂ ਤਾਂ ਉਹਦੇ ਮਨ ਵਿਚ ਰੋਸ ਪੈਦਾ ਹੋਣਾ ਵੀ ਲਾਜ਼ਮੀ ਸੀ। ਓਧਰ ਕਾਂਗਰਸ ਪਾਰਟੀ ਇਸ ਗੱਠਜੋੜ ਸਰਕਾਰ ਨੂੰ ਤੋੜਨ ਲਈ ਉਤਾਵਲੀ ਸੀ। ਉਹਨਾਂ ਨੇ ਲਛਮਣ ਸਿੰਘ ਗਿੱਲ ਦੀ ਨਰਾਜ਼ਗੀ ਤੇ ਰੋਸ ਨੂੰ ਤਾੜ ਲਿਆ ਸੀ।

ਕਾਂਗਰਸ ਨੇ ਲਛਮਣ ਸਿੰਘ ਗਿੱਲ ਦੀ ਮਦਦ ਕਰਨ ਦਾ ਉਹਨੂੰ ਭਰੋਸਾ ਦੇ ਦਿੱਤਾ ਤਾਂ ਅਖ਼ੀਰ ਲਛਮਣ ਸਿੰਘ ਗਿੱਲ ਨੇ ਅਕਾਲੀਆਂ



ਦੇ 26 ਵਿਚੋਂ 16 ਅਕਾਲੀ ਮੈਂਬਰਾਂ ਨੂੰ ਨਾਲ ਲੈ ਕੇ 'ਜਨਤਾ ਪਾਰਟੀ' ਬਣਾ ਲਈ ਅਤੇ ਅਕਾਲੀ ਦਲ ਸੰਤ ਦੇ ਪ੍ਰਧਾਨ ਸੰਤ ਫ਼ਤਿਹ ਸਿੰਘ ਤੋਂ ਬਾਗ਼ੀ ਹੋ ਗਿਆ। ਇਸ ਨਾਲ ਸਾਂਝੇ ਮੋਰਚੇ ਦੀ ਸਰਕਾਰ ਘੱਟ ਗਿਣਤੀ ਵਿਚ ਹੋ ਗਈ। 22 ਨਵੰਬਰ ਨੂੰ ਸਾਂਝੇ ਮੋਰਚੇ ਦੀ ਸਰਕਾਰ ਨੇ ਅਸਤੀਫ਼ਾ ਦੇ ਦਿਤਾ। ਉਧਰ ਕਾਂਗਰਸ ਨੇ ਲਛਮਣ ਸਿੰਘ ਦੀ ਹਮਾਇਤ ਕਰਨ ਦਾ ਐਲਾਨ ਕਰ ਦਿਤਾ। ਲਛਮਣ ਸਿੰਘ, ਵਜ਼ਾਰਤ ਬਣਾਉਣ ਵਿਚ ਕਾਮਯਾਬ ਹੋ ਗਿਆ। ਲਛਮਣ ਸਿੰਘ ਗਿੱਲ ਨੇ 25 ਨਵੰਬਰ, 1967 ਦੇ ਦਿਨ ਮੁੱਖ ਮੰਤਰੀ ਦਾ ਹਲਫ਼ ਲੈ ਲਿਆ।

ਲਛਮਣ ਸਿੰਘ ਗਿੱਲ ਨੇ ਆਪਣੇ ਲਗਭਗ ਨੌਂ ਮਹੀਨੇ ਦੇ ਕਾਰਜਕਾਲ ਵਿਚ ਕੁਝ ਅਜਿਹੇ ਕੰਮ ਕੀਤੇ, ਜੋ ਉਹਦਾ ਨਾਂ ਇਤਿਹਾਸ ਵਿਚ ਅਮਰ ਕਰ ਗਏ। ਸਭ ਤੋਂ ਪਹਿਲਾ ਤੇ ਵੱਡਾ ਕੰਮ ਜੋ ਉਸਨੇ ਕੀਤਾ , ਉਹ ਸੀ ਪੰਜਾਬੀ ਭਾਸ਼ਾ ਨੂੰ ਰਾਜ ਭਾਸ਼ਾ ਬਨਾਉਣ ਦਾ। ਸੋ ਪੰਜਾਬੀ ਨੂੰ ਰਾਜ ਭਾਸ਼ਾ ਬਣਾਉਣ ਦਾ ਸਿਹਰਾ ਸ. ਲਛਮਣ ਸਿੰਘ ਗਿੱਲ ਨੂੰ ਜਾਂਦਾ ਹੈ ਜਿਨ੍ਹਾਂ ਕਾਂਗਰਸ ਦੀ ਸਹਾਇਤਾ ਨਾਲ ਇਹ ਬਿੱਲ ਪਾਸ ਕਰਵਾਇਆ।

ਉਸਨੇ ਇਹ ਐਲਾਨ ਕਰ ਦਿੱਤਾ ਕਿ ਹੁਣ ਸਕੱਤਰੇਤ ਦਾ ਸਾਰਾ ਕੰਮ ਪੰਜਾਬੀ ਵਿਚ ਹੋਵੇਗਾ। ਹਰੇਕ ਅਫ਼ਸਰ ਆਪਣੀ ਨੋਟਿੰਗ ਪੰਜਾਬੀ ਵਿਚ ਲਿਖੇਗਾ। ਜਿਹੜਾ ਅਜਿਹਾ ਨਹੀਂ ਕਰੇਗਾ, ਉਹਦੀ ਜਵਾਬਤਲਬੀ ਕੀਤੀ ਜਾਵੇਗੀ। ਓਸੇ ਵੇਲੇ ਆਈ ਏ ਐਸ ਅਫ਼ਸਰਾਂ ਨੇ ਬਾਲ-ਉਪਦੇਸ਼ ਲੈ ਕੇ ਪੰਜਾਬੀ ਸਿੱਖਣੀ ਸ਼ੁਰੂ ਕਰ ਦਿੱਤੀ। ਅੰਗਰੇਜ਼ੀ ਦੀਆਂ ਟਾਈਪ ਮਸ਼ੀਨਾਂ ਦੀ ਥਾਂ 'ਤੇ ਦਫ਼ਤਰਾਂ ਵਿਚ ਪੰਜਾਬੀ ਦੀਆਂ ਟਾਈਪ ਮਸ਼ੀਨਾਂ ਆ ਗਈਆਂ। ਇਹ ਸਾਰਾ ਕੁਝ ਤਾਂ ਹੀ ਸੰਭਵ ਹੋਇਆ ਕਿਉਂਕਿ ਇਸ ਪਿੱਛੇ ਗਿੱਲ ਸਾਹਿਬ ਦੀ ਦ੍ਰਿੜ੍ਹਤਾ ਤੇ ਪ੍ਰਤੀਬੱਧਤਾ ਸੀ। ਉਹਦਾ ਰਸਮੀ ਬਿਆਨ ਬਾਜ਼ੀ ਵਿਚ ਵਿਸ਼ਵਾਸ ਨਹੀਂ ਸੀ। ਸਗੋਂ ਜੋ ਕਿਹਾ ਹੈ, ਉਹਨੂੰ ਪੂਰਾ ਕਰ ਕੇ ਵਿਖਾਉਣ ਦਾ ਦ੍ਰਿੜ੍ਹ ਇਰਾਦਾ ਸੀ। ਇਹ ਦ੍ਰਿੜ੍ਹਤਾ ਤੇ ਪ੍ਰਤੀਬੱਧਤਾ ਜੇ ਬਾਅਦ ਦੇ ਅਕਾਲੀ ਤੇ ਕਾਂਗਰਸੀ ਆਗੂਆਂ ਵਿਚ ਹੁੰਦੀ ਤਾਂ ਅੱਜ ਪੰਜਾਬੀ ਜ਼ਬਾਨ ਦੀ ਰਾਜ ਭਾਸ਼ਾ ਹੋਣ ਦੇ ਬਾਵਜੂਦ ਅਜਿਹੀ ਹਾਲਤ ਨਾ ਹੁੰਦੀ।

ਲਛਮਣ ਸਿੰਘ ਗਿੱਲ ਦੀ ਪੰਜਾਬੀ ਨੂੰ ਪੰਜਾਬ ਦੀ ਰਾਜ ਭਾਸ਼ਾ ਬਨਾਉਣ ਤੋਂ ਇਲਾਵਾ ਵੀ ਬੜੀ ਇਤਿਹਾਸਕ ਦੇਣ ਹੈ,

ਉਹਨਾਂ ਨੇ ਜੋ ਹੋਰ ਇਤਿਹਾਸਕ ਕਾਰਜ ਕੀਤੇ ਉਹਨਾਂ ਵਿਚੋਂ ਇਕ ਇਹ ਸੀ ਕਿ ਸੰਨ 1967 ਵਿੱਚ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਨੂੰ ਕੋਠਾਰੀ ਕਮਿਸ਼ਨ ਦੇ ਗਰੇਡ ਮਿਲ ਗਏ, ਇਸ ਨਾਲ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਦੀਆਂ ਤਨਖ਼ਾਹਾਂ ਲਗਭਗ ਦੂਣੀਆਂ ਹੋ ਗਈਆਂ ਸਨ। ਇਸਦੇ ਨਾਲ ਹੀ ਨਿੱਜੀ ਸਕੂਲਾਂ ਦੇ ਅਧਿਆਪਕਾਂ ਨੂੰ ਵੀ ਗਰੇਡ ਮਿਲ ਗਏ। ਇੰਜ ਹੀ ਪੰਜਾਬ ਸਰਕਾਰ ਦੇ ਕਰਮਚਾਰੀਆਂ ਨੂੰ ਕੇਂਦਰੀ ਪੈਟਰਨ 'ਤੇ ਮਹਿੰਗਾਈ ਭੱਤਾ ਦੇਣ ਦਾ ਸਿਹਰਾ ਵੀ ਸ. ਲਛਮਣ ਸਿੰਘ ਗਿੱਲ ਦੀ ਸਰਕਾਰ ਨੂੰ ਜਾਂਦਾ ਹੈ। ਇਕ ਹੋਰ ਇਤਿਹਾਸਕ ਕਾਰਜ ਜੋ ਉਹਨੇ ਕੀਤਾ, ਉਹ ਸੀ ਪਿੰਡਾਂ ਨੂੰ ਲਿੰਕ ਸੜਕਾਂ ਬਨਾਉਣ ਦਾ। ਅੱਜ ਜੇ ਹਰੇਕ ਪਿੰਡ ਲਿੰਕ ਸੜਕਾਂ ਨਾਲ ਜੁੜਿਆ ਹੈ ਤਾਂ ਇਹ ਪਹਿਲ ਕਦਮੀ ਕਰਨ ਦਾ ਮਾਣ ਵੀ ਗਿੱਲ ਸਾਹਿਬ ਨੂੰ ਜਾਂਦਾ ਹੈ।

ਗਿਲ ਸਾਹਿਬ ਨੇ ਕਿਹਾ ਕਿ ਜਿਹੜਾ ਪਿੰਡ ਮਿੱਟੀ ਪਾਵੇਗਾ, ਸਰਕਾਰ ਉਸ ਪਿੰਡ ਦੀ ਪੱਕੀ ਸੜਕ ਬਣਾਏਗੀ। ਇਸ ਤਰ੍ਹਾਂ ਜਿੱਥੇ ਆਧੁਨਿਕ ਟ੍ਰੈਫ਼ਿਕ ਲਾਈਟਾਂ ਦੀ ਸ਼ੁਰੂਆਤ ਇਸ ਸਰਕਾਰ ਨੇ ਕੀਤੀ, ਉੱਥੇ ਪਿੰਡਾਂ ਵਿੱਚ ਲਿੰਕ ਸੜਕਾਂ ਦਾ ਜੋ ਜਾਲ ਅੱਜ ਸਾਰੇ ਪੰਜਾਬ ਵਿੱਚ ਵਿਛਿਆ ਹੈ, ਵੀ ਲਛਮਣ ਸਿੰਘ ਗਿੱਲ ਦੀ ਦੂਰਅੰਦੇਸ਼ੀ ਦਾ ਸਿੱਟਾ ਸੀ।

ਹੁਣ ਥੋੜਾ ਜਿਹਾ ਵੇਰਵਾ ਤੁਹਾਡੇ ਨਾਲ ਉਹ ਸਾਂਝਾ ਕਰਦੇ ਹਾਂ ਕਿ ਪੰਜਾਬੀ ਨੂੰ ਰਾਜ ਭਾਸ਼ਾ ਬਨਾਉਣ ਦੀ ਸ਼ੁਰੂਆਤ ਕਿਵੇਂ ਹੋਈ। ਇਹ ਵੇਰਵਾ ਪੰਜਾਬੀ ਦੇ ਪ੍ਰਬੁੱਧ ਵਿਦਵਾਨ ਤੇ ਕਿਸੇ ਸਮੇਂ ਭਾਸ਼ਾ ਵਿਭਾਗ ਦੇ ਡਾਇਰੈਕਟਰ ਰਹੇ ਗਿਆਨੀ ਲਾਲ ਸਿੰਘ ਨੇ ਆਪਣੀ ਸਵੈਜੀਵਨੀ ਵਿਚ ਦਿੱਤਾ ਹੈ। ਪੰਜਾਬੀ ਦੀ ਸਰਬੁਲੰਦੀ ਦਾ ਸਿਹਰਾ ਸ: ਲਛਮਣ ਸਿੰਘ ਮੁੱਖ-ਮੰਤਰੀ ਦੇ ਸਿਰ ਬੱਝਦਾ ਹੈ। ਇਹ ਸਬੱਬ ਦੀ



ਗੱਲ ਸੀ ਕਿ ਪੰਜਾਬੀ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਸ: ਕਿਰਪਾਲ ਸਿੰਘ ਨਾਰੰਗ ਨੂੰ ਜਦੋਂ ਇਹ ਪਤਾ ਲੱਗਾ ਕਿ ਸ: ਲਛਮਣ ਸਿੰਘ ਗਿਆਨੀ ਲਾਲ ਸਿੰਘ ਦਾ ਹਮਜਮਾਤੀ ਹੈ ਤਾਂ ਉਹ ਲਾਲ ਸਿੰਘ ਨੂੰ ਨਾਲ ਲੈ ਕੇ ਨਵੀਂ ਬਣੀ ਵਜ਼ਾਰਤ ਦੇ ਸਿਰਕੱਢ ਵਿਅਕਤੀਆਂ ਨੂੰ ਪੰਜਾਬੀ ਯੂਨੀਵਰਸਿਟੀ, ਪਟਿਆਲਾ ਤੇ ਭਾਸਾ. ਵਿਭਾਗ ਪਟਿਆਲਾ ਆਪਣੇ ਪਾਸ ਰੱਖਣ ਦੀ ਪ੍ਰੇਰਨਾ ਦੇਣ ਲਈ ਤੁਰ ਪਏ। ਸੂਹ ਮਿਲਣ ਉਪਰੰਤ ਦੋਵੇਂ ਜਣੇ ਸਰਦਾਰ ਲਛਮਣ ਸਿੰਘ ਗਿੱਲ ਨੂੰ ਧੰਨੇਵਾਲੇ ਸਰਦਾਰ ਦੇ ਘਰ ਮਿਲ ਪਏ। ਲਾਲ ਸਿੰਘ ਨੂੰ ਦੇਖ ਕੇ ਸਰਦਾਰ ਗਿੱਲ ਨਿਹਾਲੋ ਨਿਹਾਲ ਹੋ ਗਿਆ। ਘੁੱਟ ਕੇ ਜੱਫੀ ਪਾਈ ਤੇ ਕਿਹਾ ਮੈਨੂੰ ਤੇਰੀ ਭਾਰੀ ਉਡੀਕ ਸੀ। ਰੱਬ ਨੇ ਸੁਣ ਲਈ। ਮੈਂ ਕੱਲ੍ਹ ਨੂੰ ਮਹਿਕਮੇ ਲੈਣ ਲਈ ਤੇਰੀ ਸਲਾਹ ਲੈਣੀ ਚਾਹੁੰਦਾ ਸਾਂ। ਜੋ ਮੰਗਿਆ ਸੋ ਪਾਇਆ। ਹੁਣ ਤੂੰ ਮੈਨੂੰ ਸਲਾਹ ਦੇਹ ਕਿ ਮੈਂ ਕਿਹੜੇ ਮਹਿਕਮੇ ਲਵਾਂ ?

ਇਹ ਉਸ ਵੇਲੇ ਦੀ ਗੱਲ ਹੈ ਜਦੋਂ ਅਜੇ ਜਸਟਿਸ ਗੁਰਨਾਮ ਸਿੰਘ ਦੀ ਸਰਕਾਰ ਹੀ ਸੀ ਤੇ ਲਛਮਣ ਸਿੰਘ ਗਿੱਲ ਉਹਦੀ ਵਜ਼ਾਰਤ ਵਿਚ ਵਜ਼ੀਰ ਹੀ ਸੀ। ਜਦੋਂ ਲਛਮਣ ਸਿੰਘ ਗਿੱਲ ਨੇ ਸਾਰੀ ਗੱਲ ਆਖ ਲਈ ਤਾਂ ਲਾਲ ਸਿੰਘ ਨੇ ਧੀਰਜ ਨਾਲ ਕਿਹਾ ਕਿ ਸਾਰੇ ਪੰਜਾਬ ਵਿੱਚ ਵਿਗੜੀ ਸਵਾਰਨ ਲਈ ਦੋ ਹੋਰ ਮਹਿਕਮੇ ਸ਼ਾਮਲ ਹੋਣੇ ਚਾਹੀਦੇ ਹਨ। ਇੱਕ ਸਿੱਖਿਆ ਵਿਭਾਗ ਅਤੇ ਦੂਜਾ ਭਾਸ਼ਾ ਵਿਭਾਗ। ਪੰਜਾਬੀ ਸੂਬਾ ਬਣਾਉਣ ਦਾ ਮਨੋਰਥ ਇਹੋ ਮਿੱਥਿਆ ਗਿਆ ਸੀ ਕਿ ਸਿੱਖਿਆ ਖੇਤਰਾਂ, ਸਰਕਾਰੀ ਦਫ਼ਤਰਾਂ ਅਤੇ ਕਚਹਿਰੀਆਂ ਦਾ ਮਾਧਿਅਮ ਪੰਜਾਬੀ ਬਣੇ। ਇਹ ਸੂਬਾ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਨੂੰ ਉਭਾਰਨ ਲਈ ਬਣਿਆ ਹੈ। ਅਸਲ ਮਨੋਰਥ ਤਾਂ ਹੀ ਪੂਰਾ ਹੋਵੇਗਾ ਜੇਕਰ ਕੋਈ ਜਿੰਦ-ਜਾਨ ਵਾਲਾ ਤੇ ਅਣਖੀਲਾ ਪੰਜਾਬੀ ਪੰਜਾਬੀਅਤ ਦਾ ਝੰਡਾ ਲਹਿਰਾਉਣ ਦਾ ਸਿਦਕ ਨਾਲ ਪ੍ਰਣਧਾਰੀ ਹੋਵੇ। ਤੁਸੀਂ ਪੰਜਾਬ ਵੀ ਗਾਹਿਆ ਹੈ ਤੇ ਦੇਸ ਵੀ ਗਾਹਿਆ ਹੈ। ਇਸ ਲਈ ਇਸ ਦਾ ਨਿਸ਼ਾਨ ਵੀ ਤੁਹਾਡੇ ਹੱਥੋਂ ਝੁੱਲ੍ਹਣਾ ਚਾਹੀਦਾ ਹੈ।

ਗਿਆਨੀ ਲਾਲ ਸਿੰਘ ਦਾ ਮੰਨਣਾ ਹੈ ਕਿ ਉਹਦੀ ਗੱਲ ਸਰਦਾਰ ਲਛਮਣ ਸਿੰਘ ਜੀ ਦੇ ਜ਼ਿਹਨ ਵਿੱਚ ਬੈਠ ਗਈ। ਉਸ ਨੇ ਉੱਠ ਕੇ ਲਾਲ ਸਿੰਘ ਨੂੰ ਗਲਵਕੜੀ ਪਾ ਲਈ ਤੇ ਕਿਹਾ, "ਤੂੰ ਕਿਹਾ- ਮੈਂ ਮੰਨਿਆ। ਇਸ ਮਨੋਰਥ ਦੀ ਪੂਰਤੀ ਲਈ ਪੱਬਾਂ ਭਾਰ ਹੋ ਕੇ ਜੂਝਾਂਗਾ ਤੇ ਇੱਕ ਅਲੌਕਿਕ ਵਡਿਆਈ ਦੀ ਦਾਤ ਗੁਰੂ ਪ੍ਰਮੇਸ਼ਰ ਤੋਂ ਮੰਗਾਂਗਾ। ਕੱਲ੍ਹ ਨੂੰ ਮਹਿਕਮਿਆਂ ਦੀ ਵੰਡ ਹੋ ਜਾਣੀ ਹੈ। ਸ਼ਾਮ ਦੇ ਪੰਜ ਵਜੇ ਤੇਰੇ ਘਰ ਪਟਿਆਲੇ ਵਿਖੇ ਟੈਲੀਫ਼ੋਨ ਕਰਾਂਗਾ। ਤਿਆਰ ਰਹਿਣਾ, ਕਿਉਂਕਿ ਪਰਸੋਂ ਤੋਂ ਆਪਾਂ ਕਾਰਜ ਦਾ ਵਿਧੀ ਵਿਧਾਨ ਬਣਾਵਾਂਗੇ।"

ਉਹਨਾਂ ਵਾਈਸ-ਚਾਂਸਲਰ ਸਰਦਾਰ ਨਾਰੰਗ ਨੂੰ ਕਿਹਾ, "ਰਲ ਮਿਲ ਕੇ ਵਿਉਂਤ ਬਣਾਓ, ਉਸ ਨੂੰ ਸਿਰੇ ਚਾੜ੍ਹਣ ਲਈ ਚਮਤਕਾਰੀ ਖੇਡ ਖੇਡਾਂਗੇ।"

ਉਹ ਦੋਵੇਂ ਗਿੱਲ ਸਾਹਿਬ ਨਾਲ ਗੱਲਬਾਤ ਕਰਕੇ ਪੂਰਨ ਤਸੱਲੀ ਨਾਲ ਵਾਪਿਸ ਪਟਿਆਲੇ ਆਏ। ਅਗਲੇ ਦਿਨ ਚਾਰ ਤੇ ਪੰਜ ਵਜੇ ਦੇ ਦਰਮਿਆਨ ਲਾਲ ਸਿੰਘ ਨੂੰ ਟੈਲੀਫ਼ੋਨ ਆ ਗਿਆ। "ਮੁਰਾਦ ਪੂਰੀ ਹੋ ਗਈ ਹੈ। ਸਿੱਖਿਆ ਤੇ ਭਾਸ਼ਾ ਦੇ ਮਹਿਕਮੇ ਮੈਂ ਲੜ ਕੇ ਸੰਭਾਲ ਲਏ ਹਨ। ਕੱਲ੍ਹ ਸ਼ਾਮ ਨੂੰ ਸਕੀਮ ਬਣਾ ਕੇ ਪੰਜ ਵਜੇ ਮੇਰੀ ਕੋਠੀ ਵਿੱਚ ਪਹੁੰਚ ਜਾਓ ਤਾਂ ਜੋ ਇਹ ਅਲੌਕਿਕ ਕਾਰਜ ਸਿਰੇ ਚੜ੍ਹ ਸਕੇ।

ਲਛਮਣ ਸਿੰਘ ਗਿੱਲ ਸਿੱਖਿਆ ਮੰਤਰੀ ਬਣ ਗਿਆ ਤੇ ਆਪਣੀ ਯੋਜਨਾਂ ਨੂੰ ਲਾਗੂ ਕਰਨ ਲਈ ਉਹਨੇ ਜਨਸੰਘੀ ਵਿੱਤ ਮੰਤਰੀ ਡਾ ਬਲਦੇਵ ਪਰਕਾਸ਼ ਨੂੰ ਮਨਾਉਣ ਦੇ ਕਈ ਯਤਨ ਕੀਤੇ। ਮਿੱਠ ਬੋਲੜਾ ਵਿੱਤ ਮੰਤਰੀ ਗੱਲ ਨੂੰ ਲਮਕਾਉਂਦਾ ਰਿਹਾ। ਸਰਦਾਰ ਲਛਮਣ ਸਿੰਘ ਨੂੰ ਦਿੱਲੀ ਦੀ ਠੇਕੇਦਾਰੀ ਦੇ ਪੇਸ਼ੇ ਨੇ ਦਾਅ- ਪੇਚ ਦਾ ਮਾਹਿਰ ਬਣਾ ਦਿੱਤਾ ਸੀ। ਕਾਂਗਰਸ ਮੈਂਬਰ ਸਰਦਾਰ ਗੁਰਨਾਮ ਸਿੰਘ ਦੀ ਵਜ਼ਾਰਤ ਨੂੰ ਪਸੰਦ ਨਹੀਂ ਕਰਦੇ ਸਨ। ਸਰਦਾਰ ਗਿੱਲ ਨੇ ਅਜਿਹਾ ਦਾਅ-ਪੇਚ ਮਾਰਿਆ ਕਿ ਸਰਦਾਰ ਗੁਰਨਾਮ ਸਿੰਘ ਦੀ ਵਜ਼ਾਰਤ ਟੁੱਟ ਗਈ ਅਤੇ ਕਾਂਗਰਸ ਦੀ ਮਦਦ ਨਾਲ ਸਰਦਾਰ ਲਛਮਣ ਸਿੰਘ ਨੇ ਅਖੌਤੀ ਜਨਤਾ ਪਾਰਟੀ ਕਾਇਮ ਕਰ ਲਈ। ਉਹਨਾਂ ਪਹਿਲਾ ਕੰਮ ਇਹ ਕੀਤਾ ਕਿ ਪੰਜਾਬ ਭਾਸ਼ਾ ਐਕਟ 1967 ਈ: ਬਾਰੇ ਪੰਜਾਬ ਅਸੈਂਬਲੀ ਵਿੱਚ ਸਰਬ-ਸੰਮਤੀ ਨਾਲ ਮਤਾ ਪਾਸ ਕਰਵਾ ਲਿਆ। 1967 ਈ: ਸਮੇਂ ਪੰਜਾਬੀ ਸੂਬੇ ਦੀ ਆਬਾਦੀ ਸਵਾ ਕਰੋੜ ਸੀ। ਪੰਜਾਬ ਅਸੈਂਬਲੀ ਅਤੇ ਪੰਜਾਬ ਕੌਂਸਲ ਦੇ ਮੈਂਬਰਾਂ ਦੀ ਗਿਣਤੀ 144 ਸੀ। ਸਰਦਾਰ ਲਛਮਣ ਸਿੰਘ ਨੇ ਕਮਾਲ ਦੀ ਫ਼ੁਰਤੀ ਵਿਖਾਈ ਕਿ 29

ਦਸੰਬਰ 1967 ਈ: ਨੂੰ ਭਾਸ਼ਾ ਐਕਟ ਸਰਬ ਸੰਮਤੀ ਨਾਲ ਪ੍ਰਵਾਨ ਕੀਤਾ ਗਿਆ। ਕਾਂਗਰਸੀ ਮੈਂਬਰ ਦਿੱਲੀ ਸਰਕਾਰ ਦੇ ਮਸ਼ਵਰੇ ਮੁਤਾਬਿਕ ਇੱਕਸੁਰ ਹੋ ਕੇ ਸ:ਲਛਮਣ ਸਿੰਘ ਨਾਲ ਖੜੋਤੇ ਰਹੇ। ਜਨ-ਸੰਘੀ ਮੈਂਬਰ ਸਰਦਾਰ ਗੁਰਨਾਮ ਸਿੰਘ ਸਾਬਕਾ ਮੁੱਖ-ਮੰਤਰੀ ਦੇ ਮਸ਼ਵਰੇ ਮੁਤਾਬਿਕ ਭਾਸ਼ਾ ਐਕਟ ਦੇ ਹਮਾਇਤੀ ਬਣੇ ਰਹੇ। ਇਉਂ ਸਰਦਾਰ ਲਛਮਣ ਸਿੰਘ ਦੀ ਸੂਝ ਬੂਝ ਨੇ ਸਭ ਪੈਂਤੜੇ ਉਖੇੜ ਦਿੱਤੇ। 29 ਦਸੰਬਰ 1967 ਨੂੰ ਪੰਜਾਬ ਭਾਸ਼ਾ ਐਕਟ ਸਰਬਸੰਮਤੀ ਨਾਲ ਪਾਸ ਹੋਇਆ। ਜਸ਼ਨ ਮਨਾਉਣੇ ਆਰੰਭ ਹੋਏ।

ਪਹਿਲੀ ਜਨਵਰੀ ਨੂੰ ਸਮੂਹ ਜ਼ਿਲ੍ਹਾ ਕੇਂਦਰਾਂ ਵਿੱਚ ਪੰਜਾਬੀ ਚਾਲੂ ਹੋਈ। ਭਾਸ਼ਾ ਐਕਟ ਦੇ ਤਹਿਤ 9-ਫਰਵਰੀ-1968 ਈ: ਨੂੰ ਨੋਟੀਫ਼ਿਕੇਸ਼ਨ ਜਾਰੀ ਹੋਇਆ ਤੇ 13 ਅਪ੍ਰੈਲ 1968 ਈਸਵੀ ਨੂੰ ਵਿਸਾਖੀ ਵਾਲੇ ਦਿਨ ਤੋਂ ਕਮਿਸ਼ਨਰਾਂ ਤੇ ਪੰਜਾਬ ਸਕੱਤਰੇਤਾਂ ਦੇ ਦਫ਼ਤਰਾਂ ਵਿੱਚ ਪੰਜਾਬੀ ਮੁਕੰਮਲ ਤੌਰ ਤੇ ਲਾਗੂ ਹੋ ਗਈ। ਸਮੂਹ ਮੁਲਾਜ਼ਮਾਂ ਨੂੰ ਤਾੜਨਾ ਹੋਈ ਕਿ ਜਿਹੜਾ ਸਕੱਤਰ ਤੇ ਕਮਿਸ਼ਨਰ ਫ਼ਾਈਲ ਉੱਤੇ ਪੰਜਾਬੀ ਤੋਂ ਇਲਾਵਾ ਕਿਸੇ ਹੋਰ ਭਾਸ਼ਾ ਦੀ ਵਰਤੋਂ ਕਰੇਗਾ, ਉਹ ਪੰਜਾਬ ਸਰਕਾਰ ਦਾ ਦੇਣਦਾਰ ਸਮਝਿਆ ਜਾਵੇਗਾ। ਪੰਜਾਬ ਸਰਕਾਰ ਦਾ ਦਬਕਾ ਇਤਨਾ ਦ੍ਰਿੜ ਸੀ ਕਿ 1968 ਈ: ਦੀ ਵੈਸਾਖੀ ਤੋਂ ਪਿੱਛੋਂ ਨਿਰੋਲ ਪੰਜਾਬੀ ਸਮੂਹ ਫ਼ਾਈਲਾਂ ਦਾ ਸ਼ਿੰਗਾਰ ਬਣ ਗਈ। ਅਸਲ ਵਿੱਚ ਪੰਜਾਬੀ ਭਾਸਾ. ਨੂੰ ਸਭ ਬੋਲਦੇ ਲਿਖਦੇ ਸਨ ਪਰ ਅੰਦਰੋਂ ਅੰਦਰੀਂ ਕਈ ਰਿੜ੍ਹਦੀ ਗੱਡੀ ਨੂੰ ਅਟਕਾਉਣ ਦੇ ਦਾਅ-ਪੇਚ ਮਾਰਦੇ ਸਨ। ਐਕਟ ਬਣਨ ਨਾਲ ਦਾਅ-ਪੇਚ ਮੁੱਕ ਚੁੱਕੇ ਗਏ ਅਤੇ ਪੰਜਾਬੀਆਂ ਦੀ ਮਾਂ-ਬੋਲੀ ਨੂੰ ਉਸ ਦੇ ਸਮੂਹ ਪੁੱਤਰਾਂ ਨੇ ਸਵੀਕਾਰ ਕਰ ਲਿਆ। ਰਾਜ-ਭਾਗ ਦਾ ਇੱਕ ਤਪ-ਤੇਜ ਹੁੰਦਾ ਹੈ। ਅਜਿਹਾ ਤਪ-ਤੇਜ ਸ: ਲਛਮਣ ਸਿੰਘ ਨੇ ਪੂਰੀ ਤਰ੍ਹਾਂ ਭਖਾ ਦਿੱਤਾ ਤੇ ਰਾਮ ਕਥਾ ਖੁਸ਼ੀਆਂ ਤੇ ਚਾਉ ਨਾਲ ਸਮਾਪਤ ਹੋਈ। ਗਿੱਲ-ਸੁੱਕ ਰਲ ਮਿਲ ਗਈ ਤੇ ਪੰਜਾਬ ਵਿੱਚ ਪੰਜਾਬੀਅਤ ਦਾ ਸਿੱਕਾ ਚੱਲ ਪਿਆ। ਇਹ ਵਡਿਆਈ ਲਛਮਣ ਸਿੰਘ ਗਿੱਲ ਨੂੰ ਮਿਲੀ।

ਗਿਆਨੀ ਲਾਲ ਸਿੰਘ ਨੇ ਲਿਖਿਆ: ਕਿੰਨਾ ਸੁਭਾਗਾ ਸੀ ਇਹ ਵੈਸਾਖੀ ਦਾ ਦਿਹਾੜਾ ਜਦੋਂ ਪੰਜਾਬ ਦੇ ਵਜੀਰਾਂ, ਸਕੱਤਰਾਂ, ਵਿਭਾਗੀ ਮੁਖੀਆਂ ਤੇ ਸਮੂਹ ਸਰਕਾਰੀ, ਅੱਧ-ਸਰਕਾਰੀ ਕਰਮਚਾਰੀਆਂ ਨੇ ਅਪਣੀ ਸਰਕਾਰੀ ਲਿਖਤ-ਨਵਿਸਤ ਪੰਜਾਬੀ ਵਿੱਚ ਕਰਨੀ ਆਰੰਭ ਕੀਤੀ। ਪੰਜਾਬੀ ਨੂੰ ਪੰਜਾਬ ਵਿੱਚ ਭਾਗ ਲੱਗੇ ਅਤੇ ਭਾਰਤ ਸਰਕਾਰ ਦੀ ਸਮੂਹ ਲਿਖ਼ਤ ਪੜ੍ਹਤ ਹਿੰਦੀ ਵਿੱਚ ਆਰੰਭ ਹੋਈ। ਅੰਗਰੇਜ਼ੀ ਟਾਈਪ ਰਾਈਟਰ ਸੰਭਾਲ ਦਿੱਤੇ ਗਏ ਅਤੇ ਹਜ਼ਾਰਾਂ ਦੀ ਗਿਣਤੀ ਵਿੱਚ ਪੰਜਾਬੀ ਟਾਈਪ ਰਾਈਟਰਾਂ ਉੱਤੇ ਸਮੂਹ ਟਾਈਪਿਸਟਾਂ ਤੇ ਸਟੈਨੋਗਰਾਫ਼ਰਾਂ ਦੀਆਂ ਉਂਗਲੀਆਂ ਚੱਲਣ ਲੱਗ ਪਈਆਂ। ਬੜੀ ਦਲੇਰੀ ਵਾਲਾ ਕਦਮ ਸੀ, ਜੋ ਸਰਦਾਰ ਲਛਮਣ ਸਿੰਘ ਦੀ ਵਜ਼ਾਰਤ ਨੇ ਦ੍ਰਿੜਤਾ ਨਾਲ ਚੁੱਕਿਆ ਅਤੇ ਇਹ ਵਜ਼ਾਰਤ ਪੰਜਾਬ ਦੇ ਇਤਿਹਾਸ ਵਿੱਚ ਸਦਾ ਯਾਦ ਰਹੇਗੀ। ਮੁੱਖ ਮੰਤਰੀ ਦੇ ਪੰਜਾਬ ਭਰ ਵਿੱਚ ਇੰਨੇ ਜਲਸੇ ਅਤੇ ਜਲੂਸ ਨਿਕਲੇ ਕਿ ਲਛਮਣ ਸਿਘ, ਲਛਮਣ ਸਿੰਘ ਹੋ ਉੱਠੀ। ਹੇ ਵਡਿਆਈ! ਤੂੰ ਕਈ ਵੇਰ ਸਿਰ ਨੂੰ ਚੜ੍ਹ ਜਾਂਦੀ ਹੈਂ ਤੇ ਪਟਕਾ ਮਾਰਦੀ ਹੈਂ।" ਸਰਦਾਰ ਲਛਮਣ ਸਿੰਘ ਦੀ ਝੰਡਾ ਝੁਲਾਉਂਦੀ ਫ਼ੋਟੋ ਲਾਸਾਨੀ ਹੈ ਪਰ ਅਗਸਤ 1968 ਈਸਵੀ ਪਿੱਛੋਂ ਲਿਸ਼ਕਾਰੇ ਮਾਰਦਾ ਸੂਰਜ ਢਲਣ ਲੱਗ ਪਿਆ।

"ਕਿਆ ਜਾਨੀਐ ਕਿਆ ਹੋਇ" ਦੇ ਬੋਲਾਂ ਅਨੁਸਾਰ ਲਿਸ਼ਕਾਂ ਮਾਰਦਾ ਸੂਰਜ ਗਰੂਬ ਹੋਣ ਵੱਲ ਤੁਰ ਪਿਆ।

"ਸਾਡਾ ਨਿਸ਼ਚਾ ਹੈ ਕਿ ਜਿਵੇਂ ਸ਼ੇਰ ਸ਼ਾਹ ਸੂਰੀ ਨੂੰ ਵਡਿਆਈ ਹੁਮ ਹਮਾ ਕੇ ਮਿਲੀ ਸੀ, ਇਵੇਂ ਉਸ ਦੀ ਸ਼ੁਹਰਤ ਮੁਗਲਾਂ ਨੇ ਮੇਟ ਦਿੱਤੀ। ਇਵੇਂ ਸਰਦਾਰ ਲਛਮਣ ਸਿੰਘ ਛੇਤੀ ਹੀ ਖ਼ਾਮੋਸ਼ੀ ਇਖ਼ਤਿਆਰ ਕਰ ਗਿਆ। ਜਿਵੇਂ ਸ਼ੇਰ ਸ਼ਾਹ ਸੂਰੀ ਦੇ ਜਰਨੈਲੀ ਸੜਕ ਉੱਤੇ ਉਸਾਰੇ ਹੋਏ ਸਤੰਭ ਅਜੇ ਤੱਕ ਝਾਕਾ ਵਿਖਾਉਂਦੇ ਹਨ, ਇਵੇਂ ਸਰਦਾਰ ਲਛਮਣ ਸਿੰਘ ਦੀ ਵਡਿਆਈ ਦੀਆਂ ਕਿਰਨਾਂ ਹਮੇਸ਼ਾਂ ਮੂੰਹ ਵਿਖਾਲਾ ਕਰਦੀਆਂ ਰਹਿਣਗੀਆਂ। ਆਖਿਰ ਇਤਿਹਾਸ ਇਤਿਹਾਸ ਹੀ ਹੁੰਦਾ ਹੈ। ਕੋਈ ਲੱਖ ਇਤਿਹਾਸ ਦੇ ਵਰਕੇ ਪਾੜੇ ਤੇ ਵਿਗਾੜੇ ਪਰ ਆਭਾ ਦੇ ਲਿਸ਼ਕਾਰੇ ਵੱਜਦੇ ਹੀ ਰਹਿਣਗੇ। ਪੰਜਾਬੀ ਯੂਨੀਵਰਸਿਟੀ ਦਾ ਪੰਜਾਬੀ ਭਵਨ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਆਫ਼ਿਸ ਦੇ ਸਨਮੁਖ ਹੈ। ਕੀ ਫ਼ਰਕ ਪੈਂਦਾ ਹੈ ਜੇਕਰ ਉਸ ਉੱਤੇ ਲਛਮਣ ਸਿੰਘ ਗਿੱਲ ਦਾ ਨਾਮ ਅੰਕਿਤ ਨਹੀਂ । ਲਛਮਣ ਸਿੰਘ ਤਲੀਆਂ ਖੇਡਣ ਵਾਲੇ ਭਲਵਾਨ ਵਾਂਗ ਤਿਲਕ ਗਿਆ ਤਾਂ ਵੀ ਉਸਦੀ ਆਭਾ ਖੋਜਕਾਰਾਂ ਦੀ ਖੋਜ ਤੋਂ ਛੁਪੀ ਨਹੀਂ ਰਹੇਗੀ।"

ਗਿਆਨੀ ਲਾਲ ਸਿੰਘ ਦੇ ਇਹਨਾਂ ਸ਼ਬਦਾਂ ਨਾਲ ਅਸੀਂ ਲਛਮਣ ਸਿੰਘ ਗਿੱਲ ਦੀ ਦੇਣ ਨੂੰ ਸਲਾਮ ਆਖਦੇ ਹਾਂ।

ਗਿਆਨੀ ਲਾਲ ਸਿੰਘ ਦੇ ਪਰਿਵਾਰ ਦੀ ਸਹਾਇਤਾ ਨਾਲ ਤਾਂ ਪੰਜਾਬੀ ਯੂਨੀਵਰਸਿਟੀ ਹਰ ਸਾਲ ਉਹਨਾਂ ਦੀ ਯਾਦ ਵਿਚ ਵਿਸ਼ੇਸ਼ ਲੈਕਚਰ ਕਰਾਉਂਦੀ ਹੈ ਪਰ ਕੀ ਕਦੇ ਲਛਮਣ ਸਿੰਘ ਗਿੱਲ ਬਾਰੇ ਵੀ ਕਿਸੇ ਨੇ ਕਦੀ ਉਚੇਚਾ ਸਮਾਗਮ ਕਰਵਾਇਆ ਹੈ ? ਮਾਂ-ਬੋਲੀ ਦਿਹਾੜੇ 'ਤੇ ਚੱਲਦੀ ਚੱਲਦੀ ਗੱਲ ਬਾਤ ਵਿਚ ਤਾਂ ਸਾਰੇ ਕਹਿ ਦੇਂਦੇ ਨੇ ਗਿੱਲ ਨੇ ਪੰਜਾਬੀ ਭਾਸ਼ਾ ਨੂੰ ਰਾਜ ਭਾਸ਼ਾ ਬਣਾਉਣ ਦਾ ਮਹਾਨ ਕਾਰਜ ਕੀਤਾ, ਪਰ ਮੈਂ ਕਦੀ ਨਹੀਂ ਸੁਣਿਆਂ/ਪੜ੍ਹਿਆ ਕਿ ਲਛਮਣ ਸਿੰਘ ਗਿੱਲ ਦੀ ਦੇਣ ਨੂੰ ਵਡਿਆਉਣ ਲਈ ਵੀ ਕਦੀ ਉਚੇਚੇ ਸਮਾਗਮ ਕੀਤੇ ਜਾਂਦੇ ਹੋਣ। ਅਸੀਂ ਕੈਸੇ ਲੋਕ ਹਾਂ!

**-ਵਰਿਆਮ ਸਿੰਘ ਸੰਧੂ**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਆਵਾਜ਼ਿ ਕੌਮ AWAZE QAUM

ਸ਼੍ਰੋਮਣੀ ਅਕਾਲੀ ਦਲ ਹੀ ਪੰਜਾਬ ਦੀ ਇਕੋ ਇਕ ਅਜਿਹੀ ਪਾਰਟੀ ਹੈ, ਜੋ ਆਪਣੇ ਵਰਕਰਾਂ ਦਾ ਪੂਰਾ ਮਾਣ ਸਨਮਾਨ ਕਰਦੀ ਹੈ- ਰਵੀਪ੍ਰੀਤ ਸਿੱਧੂ

# ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਿਲ ਹੋਏ ਵਰਕਰਾਂ ਦਾ ਕੀਤਾ ਧੰਨਵਾਦ



ਤਲਵੰਡੀ ਸਾਬੋ, 23 ਫਰਵਰੀ (ਗੁਰਜੰਟ ਸਿੰਘ ਨਥੇਹਾ)- ਬੀਤੇ ਦਿਨੀਂ ਹਲਕਾ ਬਠਿੰਡਾ ਤੋਂ ਐਮ.ਪੀ ਅਤੇ ਸਾਬਕਾ ਕੇਂਦਰੀ ਮੰਤਰੀ ਬੀਬਾ ਹਰਸਿਮਰਤ ਕੌਰ ਬਾਦਲ ਦੇ ਦੌਰੇ ਦੌਰਾਨ ਪਿੰਡ ਰਾਮਾਂ ਵਿਖੇ ਪ੍ਰਤਾਪ ਸਿੰਘ ਵਿਰਕ ਦੇ ਗ੍ਰਹਿ ਨਿਵਾਸ ਤੇ ਆਮ ਆਦਮੀ ਪਾਰਟੀ ਨੂੰ ਅਲਵਿਦਾ ਕਹਿ ਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਹੋਏ ਵੀਰ ਸਿੰਘ ਭਾਊ, ਜੱਸਾ ਭਾਊ, ਗੁਰਚਰਨ ਭਾਊ, ਬਲਦੇਵ ਭਾਊ, ਹਰਨੇਕ ਭਾਊ, ਬਲਵੰਤ ਭਾਊ, ਸਤਪਾਲ ਭਾਊ, ਰਾਜਪਾਲ ਭਾਊ, ਤੇਜਪਾਲ ਭਾਊ, ਗੁਰਪ੍ਰਤਾਪ ਭਾਊ ਪ੍ਰਧਾਨ, ਲਖਵਿੰਦਰ ਭਾਊ, ਮਨਪ੍ਰੀਤ ਭਾਊ, ਨਵਜੋਤ ਭਾਊ, ਕਾਲਾ ਸ਼ਰਮਾ ਮੀਤ ਪ੍ਰਧਾਨ, ਸਾਜਨ ਸ਼ਰਮਾ, ਸ਼ਗਨਪ੍ਰੀਤ ਸਿੱਧੂ, ਗੁਰਦੀਪ ਗਿੱਲ, ਗੁਰਮੇਲ ਗਿੱਲ, ਰੇਸ਼ਮ ਗਿੱਲ, ਪ੍ਰਤਾਪ ਸਿੱਧੂ, ਖੁਸ਼ਪ੍ਰੀਤ ਸਹਾਰਣ, ਕੁਲਦੀਪ ਸਹਾਰਣ, ਮਿੱਠੂ ਸਹਾਰਣ ਅਤੇ ਹਾਜ਼ਰ ਲੋਕਾਂ ਦਾ ਦਲ ਦੇ ਹਲਕਾ ਇੰਚਾਰਜ ਸ੍ਰ. ਰਵੀਪ੍ਰੀਤ ਸਿੰਘ ਸਿੱਧੂ ਨੇ ਧੰਨਵਾਦ ਕੀਤਾ ਹੈ ਅਤੇ ਕਿਹਾ ਹੈ ਕਿ ਸ਼੍ਰੋਮਣੀ ਅਕਾਲੀ ਦਲ ਹੀ ਪੰਜਾਬ ਦੀ ਇਕੋ ਇਕ ਅਜਿਹੀ ਪਾਰਟੀ ਹੈ, ਜੋ ਆਪਣੇ ਵਰਕਰਾਂ ਦਾ ਪੂਰਾ ਮਾਣ ਸਨਮਾਨ ਕਰਦੀ ਹੈ ਅਤੇ ਵਰਕਰਾਂ ਦੇ ਕੰਮ ਪਹਿਲ ਦੇ ਅਧਾਰ ਤੇ ਕੀਤੇ ਜਾਂਦੇ ਹਨ। ਇਸ ਤੋਂ ਇਲਾਵਾ ਸੂਬੇ ਦਾ ਵਿਕਾਸ ਹੀ ਅਕਾਲੀ ਦਲ ਦਾ ਮੁੱਖ ਮਕਸਦ ਹੈ। ਕਾਂਗਰਸ ਅਤੇ ਆਪ ਸਰਕਾਰਾਂ ਦੀਆਂ ਗਲਤ ਨੀਤੀਆਂ ਦਾ ਨਤੀਜਾ ਅੱਜ ਸਾਰਾ ਪੰਜਾਬ ਭੁਗਤ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਪੰਜਾਬੀ ਬੋਲੀ, ਸੱਭਿਆਚਾਰ ਦੀ ਰਾਖੀ ਲਈ

# ਗੁਰਦੁਆਰਾ ਮੱਲ ਅਖਾੜਾ ਖਡੂਰ ਸਾਹਿਬ ਵਿਖੇ 24 ਫਰਵਰੀ ਨੂੰ ਹੋਵੇਗਾ ਸੈਮੀਨਾਰ: ਮਾਨ



ਨਵੀਂ ਦਿੱਲੀ, 23 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):- ਕਿਉਂਕਿ ਸੈਂਟਰ ਅਤੇ ਪੰਜਾਬ ਦੀਆਂ ਬੀਤੇ ਸਮੇਂ ਦੀਆਂ ਅਤੇ ਅਜੋਕੀਆ ਸਰਕਾਰਾਂ ਵੱਲੋ ਲੰਮੇ ਸਮੇ ਤੋ ਅਜਿਹੇ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਵਿਰੋਧੀ ਅਮਲ ਕੀਤੇ ਜਾਂਦੇ ਆ ਰਹੇ ਹਨ ਜਿਸ ਨਾਲ ਪੰਜਾਬੀ ਬੋਲੀ, ਅਮੀਰ ਸੱਭਿਆਚਾਰ, ਵਿਰਸੇ-ਵਿਰਾਸਤ ਨੂੰ ਡੂੰਘੀ ਸੱਟ ਵੱਜੇ । ਲੇਕਿਨ ਦੁੱਖ ਅਤੇ ਅਫਸੋਸ ਹੈ ਕਿ ਜਿਸ ਗੁਰਮੁੱਖੀ ਪੰਜਾਬੀ ਲਿੱਪੀ ਵਿਚ ਸਾਡੇ ਗੁਰੂ ਸਾਹਿਬਾਨ ਨੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਰਚਨਾ ਕੀਤੀ, ਉਸ ਗੁਰਮੁੱਖੀ ਤੇ ਪੰਜਾਬੀ ਬੋਲੀ ਨੂੰ ਦੁਸ਼ਮਣ ਨਿਰੰਤਰ ਸਾਜਸੀ ਢੰਗਾਂ ਰਾਹੀ ਨੁਕਸਾਨ ਕਰਦਾ ਆ ਰਿਹਾ ਹੈ । ਜੋ ਪੰਜਾਬੀ ਨੂੰ ਤੇ ਪੰਜਾਬੀ ਵਿਰਸੇ ਨੂੰ ਪਿਆਰ ਕਰਨ ਵਾਲੀਆ ਸਖਸ਼ੀਅਤਾਂ ਹਨ, ਅਜਿਹੇ ਸਮੇ ਉਨ੍ਹਾਂ ਵੱਲੋ ਚੁੱਪ ਰਹਿਣਾ ਅਤੇ ਕੋਈ ਆਵਾਜ ਬੁਲੰਦ ਨਾ ਕਰਨਾ, ਹੋਰ ਵੀ ਦੁੱਖਦਾਇਕ ਅਮਲ ਹਨ । ਜੇਕਰ ਅਸੀ ਆਪਣੇ ਗੁਰੂ ਸਾਹਿਬਾਨ ਦੀ ਬੋਲੀ, ਲਿੱਪੀ ਦੀ ਹੀ ਰਾਖੀ ਨਹੀ ਕਰ ਸਕਦੇ, ਉਸਨੂੰ ਆਜਾਦੀ ਨਾਲ ਪ੍ਰਫੁੱਲਿਤ ਕਰਨ ਦੇ ਅਮਲ ਨਹੀ ਕਰ ਸਕਦੇ ਫਿਰ ਸਾਨੂੰ ਸੱਚੇ ਸਿੱਖ ਅਤੇ ਸੱਚੇ ਪੰਜਾਬੀ ਅਖਵਾਉਣ ਦਾ ਕੋਈ ਹੱਕ ਬਾਕੀ ਨਹੀ ਰਹਿ ਜਾਂਦਾ । ਇਸ ਲਈ ਹਰ ਪੰਜਾਬੀ ਅਤੇ ਸਿੱਖੀ ਨੂੰ ਪਿਆਰ ਕਰਨ ਵਾਲੇ ਇਨਸਾਨਾਂ ਦਾ ਫਰਜ ਬਣ ਜਾਂਦਾ ਹੈ ਕਿ ਜਿਥੇ ਕਿਤੇ ਵੀ ਅਜਿਹੇ ਸਾਜਸੀ ਹਮਲੇ ਹੁੰਦੇ ਹਨ ਉਨ੍ਹਾਂ ਦਾ ਦ੍ਰਿੜਤਾ ਨਾਲ ਵਿਰੋਧ ਵੀ ਕੀਤਾ ਜਾਵੇ ਅਤੇ ਆਪਣੀ ਮਾਂ ਬੋਲੀ ਪੰਜਾਬੀ ਨੂੰ ਪ੍ਰਫੁੱਲਿਤ ਕਰਨ ਅਤੇ ਗੁਰੂ ਸਾਹਿਬ ਜੀ ਦੀਆਂ ਸਿਖਿਆਵਾ ਦਾ ਪ੍ਰਚਾਰ ਕਰਨ ਦੀ ਜਿੰਮੇਵਾਰੀ ਨਿਭਾਈ ਜਾਵੇ । ਇਸ ਮਕਸਦ ਲਈ ਜੋ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋ 24 ਫਰਵਰੀ ਨੂੰ ਗੁਰਦੁਆਰਾ ਮੱਲ ਅਖਾੜਾ ਸਾਹਿਬ ਖਡੂਰ ਸਾਹਿਬ ਵਿਖੇ ਇਕ ਸੈਮੀਨਾਰ ਰੱਖਿਆ ਗਿਆ ਹੈ, ਜਿਸ ਵਿਚ ਸਮੁੱਚੇ ਪੰਜਾਬੀ ਨੂੰ ਪਿਆਰ ਕਰਨ ਵਾਲੇ ਵਿਦਵਾਨਾਂ, ਬੁੱਧੀਜੀਵੀਆ ਨੂੰ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ । ਇਹ ਅਪੀਲ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਵੱਖ-ਵੱਖ ਸਥਾਨਾਂ, ਸੂਬਿਆਂ ਵਿਚ ਵਿਚਰਣ ਵਾਲੇ ਪੰਜਾਬੀ ਨੂੰ ਪਿਆਰ ਕਰਨ ਵਾਲੇ ਵਿਦਵਾਨਾਂ, ਬੁੱਧੀਜੀਵੀਆ ਨੂੰ ਇਸ ਸੈਮੀਨਾਰ ਵਿਚ ਸਮੂਲੀਅਤ ਕਰਨ ਹਿੱਤ ਕੀਤੀ ।

ਆਵਾਜ਼ਿ ਕੌਮ AWAZE QAUM International Newspaper & WEB TV

ਛੇਵੇਂ ਪਾਤਸ਼ਾਹ ਗੁ: ਬੁੰਗਾ ਸਾਹਿਬ ਸਠਿਆਲਾ ਵਿਖੇ

# 5 ਰੋਜ਼ਾ ਮੁਫਤ ਮੈਡੀਕਲ ਕੈਂਪ ਲਗਾਇਆ



**ਚੌਕ ਮਹਿਤਾ, 23 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਛੇਵੇਂ ਪਾਤਸ਼ਾਹ ਹਰਿਗੋਬਿੰਦਰ ਸਾਹਿਬ ਜੀ ਦੇ ਇਤਿਹਾਸਕ ਅਸਥਾਨ ਗੁ: ਬੁੰਗਾ ਸਾਹਿਬ ਸਠਿਆਲਾ ਵਿਖੇ 5 ਰੋਜ਼ਾ ਮੁਫਤ ਮੈਡੀਕਲ ਕੈਂਪ ਸਮਾਜ ਸੇਵਕ ਹਰਦੀਪ ਸਿੰਘ ਬਿਟੂ ਸ਼ਾਹ ਦੀ ਅਗਵਾਈ'ਚ ਲਗਾਏ ਕੈਂਪ ਦਾ ਉਦਘਾਟਨ ਗੁ: ਬੁੰਗਾ ਸਾਹਿਬ ਦੇ ਪ੍ਰਧਾਨ ਤਰਲੋਚਨ ਸਿੰਘ ਵਲੋਂ ਕੀਤਾ ਗਿਆ। ਇਸ ਮੌਕੇ ਤੇ ਸਮਾਜ ਸੇਵਕ ਬਿਟੂ ਸ਼ਾਹ ਨੇ ਦੱਸਿਆ ਹੈ ਕਿ ਡਾਕਟਰਾਂ ਦੀ ਮਾਹਿਰ ਟੀਮ ਵਲੋਂ ਹੱਡੀਆਂ, ਡਿਸਕ, ਸਰਵਾਈਕਲ, ਬਲੌਕ ਨਸਾਂ, ਅੱਖ, ਨੱਕ, ਕੰਨ, ਸ਼ੂਗਰ ਦੇ ਮਰੀਜ਼ਾਂ ਦੀ ਜਾਂਚ ਕਰਨ ਉਪਰੰਤ ਮੁਫਤ ਦਵਾਈ ਦਿੱਤੀ ਜਾਵੇਗੀ। ਇਸ ਮੌਕੇ ਤੇ ਡਾ.ਕੁਲਦੀਪ ਸਿੰਘ, ਡਾ.ਬਲਜੀਤ ਸਿੰਘ ਭੱਟੀ, ਡਾ. ਬਲਦੇਵ ਸਿੰਘ, ਡਾ. ਮਨਜਿੰਦਰ ਸਿੰਘ, ਡਾ.ਗੁਰਿੰਦਰਬੀਰ ਸਿੰਘ, ਡਾ.ਹਰਦੀਪ ਸਿੰਘ ਖਿਦੋਵਾਲੀ, ਪ੍ਰਿੰ: ਨਵਤੇਜ ਸਿੰਘ ਬੱਲ, ਸਤਬੀਰ ਸਿੰਘ, ਗੁਰਮੁੱਖ ਸਿੰਘ ਇਟਲੀ, ਜਸਪਾਲ ਸਿੰਘ ਲਾਲੀ, ਕਰਮਜੀਤ ਸਿੰਘ ਘੁੰਮਣ ,ਗੁਰਪ੍ਰਤਾਪ ਸਿੰਘ ਯੂ.ਐਸ.ਏ.ਕੁਲਦੀਪ ਸਿੰਘ ਫੌਜੀ, ਪਰਮਬੀਰ ਸਿੰਘ, ਹਰਪਾਲ ਸਿੰਘ, ਹਰਜੀਤ ਸਿੰਘ, ਮੱਖਣ ਸਿੰਘ, ਨੰਬਰਦਾਰ ਕੁਲਵੰਤ ਸਿੰਘ, ਕੁਲਬੀਰ ਸਿੰਘ ਫੌਜੀ, ਰਣਜੀਤ ਸਿੰਘ ਜੀਤਾ, ਸਰਬਜੀਤ ਸਿੰਘ ਆੜ੍ਹਤੀ, ਬਲਦੇਵ ਸਿੰਘ, ਦਵਿੰਦਰ ਸਿੰਘ, ਸੁਰਜੀਤ ਸਿੰਘ, ਪਰਮਜੀਤ ਸਿੰਘ,ਮਨਦੀਪ ਸਿੰਘ, ਬਾਬਾ ਸੁੱਚਾ ਸਿੰਘ, ਰਵਿੰਦਰਪਾਲ ਸਿੰਘ, ਜਗਮੋਹਨ ਸਿੰਘ,ਸਤਨਾਮ ਸਿੰਘ ਬੱਲ, ਬਲਜਿੰਦਰ ਸਿੰਘ, ਗੁਰਮੇਲ ਸਿੰਘ, ਜਗੀਰ ਸਿੰਘ, ਸੁਖਜਿੰਦਰ ਸਿੰਘ,ਜੋਤੀ ਬੱਲ, ਅਮਨਾ ਬੱਲ, ਬਚਨ ਸਿੰਘ, ਮੁਖਤਾਰ ਸਿੰਘ,ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਅਵਾਰਾ ਕੁੱਤਿਆਂ ਤੋਂ ਪ੍ਰੇਸ਼ਾਨ ਸੱਤਵੀਂ ਜਮਾਤ ਦੇ ਵਿਦਿਆਰਥੀ ਨੇ ਡਿਪਟੀ ਕਮਿਸ਼ਨਰ ਅਤੇ ਨਗਰ-ਨਿਗਮ ਕਮਿਸ਼ਨਰ ਅੰਮ੍ਰਿਤਸਰ ਨੂੰ ਲਿਖੀ ਚਿੱਠੀ



ਚੌਕ ਮਹਿਤਾ,23ਫਰਵਰੀ( ਬਾਬਾ ਸੁਖਵੰਤ ਸਿੰਘ ਚੰਨਣਕੇ)ਅੰਮ੍ਰਿਤਸਰ ਦੇ ਡੀ ਏ ਵੀ ਪਬਲਿਕ ਸਕੂਲ, ਲਾਰੇਂਸ ਰੋਡ, ਦੇ ਸੱਤਵੀਂ ਜਮਾਤ ਦੇ ਵਿਦਿਆਰਥੀ ਸੁਰਯਵੰਸ਼ੀ ਅਰਜੁਨ ਸਿੰਘ ਨੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਅਤੇ ਕਮਿਸ਼ਨਰ, ਨਗਰ-ਨਿਗਮ ਅੰਮ੍ਰਿਤਸਰ ਨੂੰ ਪੱਤਰ ਲਿਖ ਕੇ ਬੇਨਤੀ ਕੀਤੀ ਹੈ ਕਿ, ਉਸਦੇ ਰਿਹਾਇਸ਼ੀ ਖੇਤਰ ਰਣਜੀਤ ਵਿਹਾਰ, ਸੈਕਟਰ -1 ਪਾਰਕ ਦੇ ਨੇੜੇ ਸੁਪਰ ਕਿਡਜ਼ ਹੌਲੀ ਹਾਰਟ ਸਕੂਲ ਦੇ ਸਹਾਮਣੇ ਵਾਰਡ ਨੰਬਰ 2 ਹਲਕਾ ਪੱਛਮੀ ਵਿਖੇ ਅਵਾਰਾ ਕੁੱਤੇ ਬਹੁਤ ਹੋ ਗਏ ਹਨ ਅਤੇ ਇਹ ਹਰੇਕ ਆਉਣ ਜਾਣ ਵਾਲੇ ਰਾਹੀ ਨੂੰ ਵੱਡਦੇ ਕੱਟਦੇ ਹਨ ਜਿਸ ਕਾਰਨ ਓਹਨਾ ਨੂੰ ਸਕੂਲ ਅਤੇ ਟਿਊਸ਼ਨ ਜਾਣ ਵਿੱਚ ਬਹੁਤ ਜ਼ਿਆਦਾ ਮੁਸ਼ਿਕਲ ਪੇਸ਼ ਆਉਂਦੀ ਹੈ 10 ਤੋਂ 12 ਅਵਾਰਾ ਕੁੱਤਿਆਂ ਦਾ ਗਿਰੋਹ ਹਮੇਸ਼ਾ ਹਮਲਾ ਕਰਨ ਲਈ ਤਿਆਰ ਰਹਿੰਦਾ ਹੈ ਮੈਂ ਅਤੇ ਮੇਰੇ ਸਹਿਪਾਠੀ ਇਹਨਾਂ ਅਵਾਰਾ ਕੁੱਤਿਆਂ ਕਾਰਨ ਪੜ੍ਹਾਈ ਲਈ ਬਹੁਤ ਜ਼ਿਆਦਾ ਚਿੰਤਤ ਹਨ ,ਹੁਣ ਫਰਵਰੀ ਤੋਂ ਪੇਪਰ ਸ਼ੁਰੂ ਹੋ ਗਏ ਹਨ ਅਤੇ ਸਾਡਾ ਪੜ੍ਹਾਈ ਦਾ ਬਹੁਤ ਜ਼ਿਆਦਾ ਨੁਕਸਾਨ ਹੋ ਰਿਹਾ ਹੈ ਮਾਣਯੋਗ ਸੁਪਰੀਮ ਕੋਰਟ ਨੇ ਨਵਾ ਐਕਟ ਪਾਸ ਕੀਤਾ ਹੈ ਕਿ ਜਨਤਕ ਥਾਵਾਂ ਤੇ ਆਵਾਰਾ ਕੁੱਤਿਆਂ ਨੂੰ ਖਾਣਾ ਖੁਆਉਣਾ ਮਨਾ ਹੈ ਪ੍ਰੰਤੂ ਇਸਦੇ ਬਾਵਜੂਦ ਵੀ ਕੁੱਝ ਲੋਕਾਂ ਵਲੋਂ ਇਹਨਾਂ ਅਵਾਰਾ ਕੁੱਤਿਆਂ ਨੂੰ ਖਿਲਾਇਆ ਜਾ ਰਿਹਾ ਹੈ ਉਹਨਾਂ ਮਾਣਯੋਗ ਡਿਪਟੀ ਕਮਿਸ਼ਨਰ ਸਾਹਿਬ, ਅੰਮ੍ਰਿਤਸਰ ਤੇ ,ਨਗਰ ਨਿਗਮ ਕਮਿਸ਼ਨਰ ਸਾਹਿਬ ਪਾਸੋ ਮੰਗ ਕੀਤੀ ਹੈ ਕਿ ਇਹਨਾਂ ਅਵਾਰਾ ਕੁੱਤਿਆਂ ਨੂੰ ਕਾਬੂ ਕਰਕੇ ਕਿਸੇ ਹੋਰ ਜਗ੍ਹਾ ਤੇ ਲਿਜਾਇਆ ਜਾਵੇ । ਇਸ ਵਿਦਿਆਰਥੀ ਨੇ ਇਹ ਚਿੱਠੀ ਬਹੁਤ ਵਧੀਆ ਲਿਖੀ ਹੈ, ਇਸਦੀ ਚਿੱਠੀ ਨੂੰ ਪੜ੍ਹ ਕੇ ਪਤਾ ਲੱਗਦਾ ਹੈ ਕਿ ਅੱਜ ਦੇ ਬੱਚੇ ਬਹੁਤ ਸੂਝਵਾਨ ਅਤੇ ਆਪਣੇ ਹੱਕਾਂ ਲਈ ਜਾਗਰੂਕ ਹੋ ਗਏ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਚੇਅਰਮੈਨ ਰਾਜਵੰਤ ਸਿੰਘ ਘੁੱਲੀ ਤੇ ਡਾ. ਅਨਵਰ ਭਸੌੜ ਨੇ ਕਰਵਾਈ ਕੰਮ ਦੀ ਸ਼ੁਰੂਆਤ



**ਧੂਰੀ ( ਰਣਜੀਤ ਸਿੰਘ ਪੇਧਨੀ )**-ਧੂਰੀ ਸ਼ਹਿਰ ਦੇ ਵਿਕਾਸ ਨੂੰ ਨਵੀਂ ਦਿਸ਼ਾ ਦਿੰਦੇ ਹੋਏ ਅੱਜ ਸ਼ਹਿਰ ਵਿੱਚ ਕਵਰ ਕੀਤੇ ਗਏ ਸੂਏ ਦੇ ਦੋਨੋਂ ਪਾਸੇ ਕਰੀਬ 10.76 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਸਰਵਿਸ ਰੋਡ ਦੇ ਮਹੱਤਵਪੂਰਨ ਪ੍ਰੋਜੈਕਟ ਦੀ ਸ਼ੁਰੂਆਤ ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਤੇ ਡਾ. ਅਨਵਰ ਭਸੌੜ ਵੱਲੋਂ ਕਰਵਾਈ ਗਈ। ਇਹ ਪ੍ਰੋਜੈਕਟ ਨਗਰ ਕੌਂਸਲ ਧੂਰੀ ਦੀ ਹੱਦ ਅੰਦਰ ਸਵਾ 14 ਕਿਲੋਮੀਟਰ ਤੱਕ ਫੈਲਿਆ ਹੋਇਆ ਹੈ, ਜਿਸ ਤਹਿਤ ਧੂਰਾ ਪਿੰਡ ਐਮ.ਸੀ ਲਿਮਿਟ ਤੋਂ ਬਾਗੜੀਆਂ ਟੀ-ਪੁਆਇੰਟ ਤੱਕ, ਜਗਤਪੁਰਾ ਤੋਂ ਬਰੜਵਾਲ ਸੜਕ ਅਤੇ ਮਨਸਾ ਦੇਵੀ ਮੰਦਰ ਰੋਡ, ਸੰਗਰੂਰ ਬਾਈਪਾਸ ਤੋਂ ਕਕੜਵਾਲ ਪੁੱਲ ਤੱਕ ਅਤੇ ਵਾਲੀਆ ਸਟੂਡੀਓ ਤੋਂ ਟਰੱਕ ਯੂਨੀਅਨ ਤੱਕ ਸਰਵਿਸ ਰੋਡ ਤਿਆਰ ਕੀਤੀ ਜਾਵੇਗੀ। ਪ੍ਰੋਜੈਕਟ ਤਹਿਤ ਇੱਕ ਪਾਸੇ ਇੰਟਰਲਾਕ ਟਾਈਲਾਂ ਲਗਾਈਆਂ ਜਾਣਗੀਆਂ ਜਦਕਿ ਦੂਜੇ ਪਾਸੇ ਲੁੱਕ ਵਾਲੀ ਪੱਕੀ ਸੜਕ ਬਣਾਈ ਜਾਵੇਗੀ, ਜਿਸ ਨਾਲ ਆਵਾਜਾਈ ਸੁਚਾਰੂ ਹੋਵੇਗੀ ਅਤੇ ਲੋਕਾਂ ਨੂੰ ਰਾਹਤ ਮਿਲੇਗੀ। ਇਸ ਮੌਕੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਇਹ ਸਰਵਿਸ ਰੋਡ ਧੂਰੀ ਸ਼ਹਿਰ ਲਈ ਮੀਲ ਪੱਥਰ ਸਾਬਤ ਹੋਵੇਗੀ। ਉਨ੍ਹਾਂ ਕਿਹਾ ਕਿ ਲੰਬੇ ਸਮੇਂ ਤੋਂ ਚੱਲ ਰਹੀ ਟ੍ਰੈਫਿਕ ਜਾਮ ਦੀ ਸਮੱਸਿਆ ਦਾ ਹੱਲ ਇਸ ਪ੍ਰੋਜੈਕਟ ਨਾਲ ਸੰਭਵ ਹੋਵੇਗਾ ਅਤੇ ਸ਼ਹਿਰ ਦੇ ਵਪਾਰੀਆਂ, ਰਹਿਣ ਵਾਲਿਆਂ ਅਤੇ ਰੋਜ਼ਾਨਾ ਆਉਣ-ਜਾਣ ਕਰਨ ਵਾਲਿਆਂ ਨੂੰ ਵੱਡੀ ਸਹੂਲਤ ਪ੍ਰਾਪਤ ਹੋਵੇਗੀ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਸ਼ਹਿਰੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਇਸ ਮੌਕੇ ਮੈਂਬਰ ਜਿਲ੍ਹਾ ਪ੍ਰੀਸ਼ਦ ਅੰਮ੍ਰਿਤ ਚਹਿਲ , ਡਾਇਰੈਕਟਰ ਸਮਾਲ ਇੰਡਸਟਰੀਜ਼ ਪੰਜਾਬ ਅਨਿਲ ਮਿੱਤਲ, ਨਰੇਸ਼ ਸਿੰਗਲਾ, ਸਤਿੰਦਰ ਸਿੰਘ ਚੱਠਾ, ਐੱਮ.ਸੀ. ਬਲਵਿੰਦਰ ਸਿੰਘ, ਐੱਮ.ਸੀ. ਪੁਸ਼ਿਪੰਦਰ ਸ਼ਰਮਾ, ਐੱਮ.ਸੀ. ਮਨੀ, ਸੁਖਪਾਲ ਸਿੰਘ, ਰਮਨਦੀਪ ਸਿੰਘ, ਐਡਵੋਕੇਟ ਹੈਪੀ ਗਰਗ, ਸੁਖਪਾਲ ਸਿੰਘ ਪਾਲਾ, ਜਸਵੀਰ ਸਿੰਘ ਜੱਜ ਸਮੇਤ ਇਲਾਕਾ ਵਾਸੀ ਹਾਜ਼ਰ ਸਨ। ਸ਼ਹਿਰ ਵਾਸੀਆਂ ਨੇ ਇਸ ਮਹੱਤਵਪੂਰਨ ਪ੍ਰੋਜੈਕਟ ਦੀ ਸ਼ੁਰੂਆਤ 'ਤੇ ਖੁਸ਼ੀ ਜਤਾਉਂਦਿਆਂ ਕਿਹਾ ਕਿ ਇਸ ਨਾਲ ਧੂਰੀ ਦੇ ਵਿਕਾਸ ਨੂੰ ਹੋਰ ਰਫ਼ਤਾਰ ਮਿਲੇਗੀ ਅਤੇ ਆਵਾਜਾਈ ਪ੍ਰਣਾਲੀ ਵਿੱਚ ਸੁਧਾਰ ਆਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਹਾਜੀ ਬਿੱਟੂ ਚੌਹਾਨ ਨੇ ਪੰਜਾਬ ਦੇ ਭਲੇ ਲਈ ਸਾਰੀਆਂ ਪੰਥਕ ਪਾਰਟੀਆਂ ਨੂੰ ਇਕ ਮੰਚ ਤੇ ਇਕੱਠੇ ਹੋਣ ਦਾ ਦਿੱਤਾ ਸੱਦਾ



**ਸੰਗਾਲਾ (ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੌਜੂਦਾ ਹਾਲਾਤਾਂ ਨੂੰ ਮੱਦੇਨਜ਼ਰ ਰੱਖਦੇ ਹੋਏ ਪੰਜਾਬ ਦੀਆਂ ਸਾਰੀਆਂ ਖੇਤਰੀ ਪਾਰਟੀਆਂ ਨੂੰ ਏਕਤਾ ਕਰ ਕੇ ਇੱਕ ਪਲੇਟਫਾਰਮ ਤੇ ਇਕੱਠੇ ਹੋ ਜਾਣਾ ਚਾਹੀਦਾ ਹੈ।ਸੋ ਏਕਤਾ ਬਣਾਉਣ ਦੇ ਲਈ ਸਾਰੀਆਂ ਜੱਥੇਬੰਦੀਆਂ ਨੂੰ ਅਤੇ ਸਾਰੀਆਂ ਰਾਜਨੀਤਿਕ ਪਾਰਟੀਆਂ ਨੂੰ ਇਹ ਚਾਹੀਦਾ ਹੈ ਕਿ ਉਹ ਆਪਣੀਆਂ ਜੱਥੇਬੰਦੀਆਂ ਨੂੰ ਅਤੇ ਸਾਰੀਆਂ ਰਾਜਨੀਤਿਕ ਪਾਰਟੀਆਂ ਨੂੰ ਭਾਈ ਅਮ੍ਰਿਤਪਾਲ ਸਿੰਘ ਖਾਲਸਾ ਦੀ ਪਾਰਟੀ ਵਿੱਚ ਰਲੇਵਾਂ ਕਰ ਦੇਣ ਜਿਵੇਂ ਕਿ ਭਾਈ ਜਸਕਰਨ ਸਿੰਘ ਕਾਹਨ ਸਿੰਘ ਵਾਲੇ ਨੇ ਆਪਣੀ ਪਾਰਟੀ ਨੂੰ ਬਿਨਾਂ ਸ਼ਰਤ ਭਾਈ ਅਮ੍ਰਿਤਪਾਲ ਸਿੰਘ ਖਾਲਸਾ ਦੀ ਪਾਰਟੀ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਰਲੇਵਾਂ ਕਰ ਦਿੱਤਾ ਹੈ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਦੇ ਸੀਨੀਅਰ ਆਗੂ ਹਾਜੀ ਬਿੱਟੂ ਚੋਹਾਨ ਮਾਲੇਰਕੋਟਲਾ ਨੇ ਕੀਤਾ। ਉਨ੍ਹਾਂ ਪੰਥ ਦਰਦੀਆਂ ਨੂੰ ਅਪੀਲ ਕੀਤੀ ਕਿ ਆਓ ਆਪਾਂ ਸਭ ਪੰਜਾਬ ਦੀਆਂ ਖੇਤਰੀ ਪਾਰਟੀਆਂ ਰਲ ਕੇ ਏਕਤਾ ਦੀ ਭਾਵਨਾ ਨਾਲ ਇੱਕ ਮੁੱਠ ਹੋ ਕੇ ਭਾਈ ਅਮ੍ਰਿਤਪਾਲ ਸਿੰਘ ਖਾਲਸਾ ਨੂੰ ਮੁੱਖ ਮੰਤਰੀ ਬਣਾ ਕੇ ਜੇਲ੍ਹ ਵਿਚੋਂ ਰਿਹਾਅ ਕਰਵਾਇਐ ਅਤੇ 2027 ਵਿੱਚ ਸਰਕਾਰੇ ਖਾ.ਲਸਾ ਲੈ ਕੇ ਆਈਏ । ਤਾਂ ਕੀ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਇਆ ਜਾ ਸਕੇ, ਬੰਦੀ ਸਿੰਘਾਂ ਨੂੰ ਰਿਹਾਅ ਕਰਵਾਇਆ ਜਾ ਸਕੇ, ਬੇਅਦਬੀ ਦੇ ਦੋਸ਼ੀਆਂ ਨੂੰ ਸਜ਼ਾ ਦਵਾਈ ਜਾ ਸਕੇ,ਪੰਜਾਬ ਦੇ ਅਣਮੁੱਲੇ ਪਾਣੀਆਂ ਨੂੰ ਬਚਾਇਆ ਜਾ ਸਕੇ,ਪੰਜਾਬ ਨਾਲ ਲਗਦੇ ਅੰਤਰਰਾਸ਼ਟਰੀ ਵਾਡਰਾ ਨੂੰ ਪੰਜਾਬ ਦੇ ਵਿਓਪਾਰ ਲਈ ਖੋਲੇਆ ਜਾ ਸਕੇ, ਪੰਜਾਬ ਦੀ ਜਵਾਨੀ ਅਤੇ ਕਿਸਾਨੀ ਨੂੰ ਬਚਾਇਆ ਜਾ ਸਕੇ, ਪੰਜਾਬ ਦੀ ਆਪਸੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਕੀਤਾ ਜਾ ਸਕੇ।

ਆਵਾਜ਼ਿ ਕੌਮ AWAZE QAUM

## ਗੁਰੂ ਕਾਸ਼ੀ ਯੂਨੀਵਰਸਿਟੀ ਨੇ ਲਗਾਇਆ ਦੰਦਾਂ ਦਾ ਮੁਫ਼ਤ ਚੈਕਅੱਪ ਕੈਂਪ

# 110 ਤੋਂ ਵੱਧ ਵਿਦਿਆਰਥੀਆਂ ਨੇ ਕਰਵਾਇਆ ਚੈਕਅੱਪ








**ਤਲਵੰਡੀ ਸਾਬੋ, 23 ਫਰਵਰੀ (ਗੁਰਜੰਟ ਸਿੰਘ ਨਥੇਹਾ)**- ਵਿੱਦਿਆ ਦੇ ਨਾਲ-ਨਾਲ ਸਮਾਜ ਸੇਵਾ ਵਿੱਚ ਮੋਹਰੀ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਐਨ.ਐਸ.ਐਸ ਵਿਭਾਗ ਵੱਲੋਂ ਦੋਸਤ ਵੈਲਫੇਅਰ ਸੋਸਾਇਟੀ ਰਜਿ. ਬਠਿੰਡਾ ਦੇ ਸਹਿਯੋਗ ਨਾਲ ਦੰਦਾਂ ਦਾ ਮੁਫ਼ਤ ਚੈਕਅੱਪ ਕੈਂਪ ਲਗਾਇਆ ਗਿਆ। ਜਿਸ ਦਾ ਉਦਘਾਟਨ ਮੁੱਖ ਮਹਿਮਾਨ ਕੈਂਪਸ ਡਾਇਰੈਕਟਰ ਹਰਜਸਪਾਲ ਸਿੰਘ ਸਿੱਧੂ ਨੇ ਕੀਤਾ ਜਿਸ ਵਿੱਚ ਡਾਇਰੈਕਟਰ ਵਿਦਿਆਰਥੀ ਭਲਾਈ ਸਰਦੂਲ ਸਿੰਘ ਸਿੱਧੂ, ਡਾਇਰੈਕਟਰ ਸੁਰੱਖਿਆ ਦੇਸਰਾਜ ਕੰਬੋਜ, ਡਿਪਟੀ ਡਾਇਰੈਕਟਰ ਲੋਕ ਸੰਪਰਕ ਲਵਲੀਨ ਸੱਚਦੇਵਾ ਹਾਜ਼ਰ ਸਨ। ਕੈਂਪ ਵਿੱਚ ਡਾ. ਰਜਨੀਸ਼ ਜ਼ਿੰਦਲ, ਡਾ. ਅਸ਼ਮੀਨ, ਗੀਤਾ ਤੇ ਉਨ੍ਹਾਂ ਦੀ ਟੀਮ ਵੱਲੋ ਵਿਦਿਆਰਥੀਆਂ, ਸੇਵਾਦਾਰਾਂ, ਕਰਮਚਾਰੀਆਂ ਦੇ ਦੰਦਾਂ ਦਾ ਚੈਕਅੱਪ ਕੀਤਾ ਗਿਆ ਤੇ ਮੁਫ਼ਤ ਦਵਾਈਆਂ ਵੰਡੀਆਂ ਗਈਆਂ ।ਉਦਘਾਟਨ ਮੌਕੇ ਮੁੱਖ ਮਹਿਮਾਨ ਡਾ. ਸਿੱਧੂ ਨੇ ਕਿਹਾ ਕਿ ਵਿਦਿਆਰਥੀਆਂ ਵਿੱਚ ਸ਼ਰੀਰਕ ਤੰਦਰੁਸਤੀ ਤੇ ਦੰਦਾਂ ਦੀ ਦੇਖਭਾਲ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਕੈਂਪ ਦਾ ਮੁੱਖ ਮਕਸਦ ਹੈ। ਕਿਉਂਕਿ ਤੰਦਰੁਸਤ ਸ਼ਰੀਰ ਵਿੱਚ ਤੰਦਰੁਸਤ ਦਿਮਾਗ ਦਾ ਵਾਸਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਸਾਡੇ ਦੇਸ਼ ਦਾ ਭਵਿੱਖ ਹੈ। ਇਸ ਲਈ ਇਨ੍ਹਾਂ ਵਿੱਚ ਸ਼ਰੀਰਕ ਤੰਦਰੁਸਤੀ, ਮਾਨਸਿਕ ਚੇਤਨਤਾ ਅਤੇ ਜਾਗਰੂਕ ਸੋਚ ਦਾ ਹੋਣਾ ਜ਼ਰੂਰੀ ਹੈ। ਉਨ੍ਹਾਂ ਆਯੋਜਕਾਂ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਯੂਨੀਵਰਸਿਟੀ ਭਵਿੱਖ ਵਿੱਚ ਵੀ ਸਮਾਜ ਸੇਵਾ ਦੇ ਕੰਮਾਂ ਵਿੱਚ ਇਸ ਤਰ੍ਹਾਂ ਦੇ ਉਪਰਾਲੇ ਕਰਦੀ ਰਹੇਗੀ। ਡਾਇਰੈਕਟਰ ਵਿਦਿਆਰਥੀ ਭਲਾਈ ਨੇ ਕਿਹਾ ਕਿ ਯੂਨੀਵਰਸਿਟੀ ਨੇ ਆਪਣੇ ਗੋਦ ਲਏ ਪਿੰਡਾਂ ਦੀ ਗਿਣਤੀ 5 ਤੋਂ ਵਧਾ ਕੇ 20 ਕਰ ਦਿੱਤੀ ਹੈ। ਜਿਸ ਵਿੱਚ ਉਹ ਐਨ.ਐਸ.ਐਸ. ਵਿਭਾਗ ਦੇ ਸਹਿਯੋਗ ਨਾਲ ਸਿੱਖਿਆ ਦਾ ਪ੍ਰਕਾਸ਼, ਸਫਾਈ ਪ੍ਰਤੀ ਜਾਗਰੂਕਤਾ, ਅੰਧ ਵਿਸ਼ਵਾਸ ਨੂੰ ਖਤਮ ਕਰਨਾ, ਆਲੇ-ਦੁਆਲੇ ਦੀ ਸਾਂਭ ਸੰਭਾਲ ਤੇ ਵਾਤਾਵਰਣ ਨੂੰ ਹਰਿਆ ਭਰਿਆ ਬਣਾਈ ਰੱਖਣ ਲਈ ਆਦਿ ਸਮਾਜ ਸੇਵਾ ਦੇ ਲਗਾਤਾਰ ਕੰਮ ਕਰਦੀ ਰਹੇਗੀ। ਇਸ ਮੌਕੇ ਐਨ.ਐਸ.ਐਸ ਕੁਆਰਡੀਨੇਟਰ ਮੈਡਮ ਨਰਿੰਦਰ ਕੌਰ ਨੇ ਦੱਸਿਆ ਕਿ ਵਰਸਿਟੀ ਰਾਸ਼ਟਰੀ ਸੇਵਾ ਯੋਜਨਾ ਅਧੀਨ ਅੱਠ ਸੱਤ ਰੋਜਾ ਕੈਂਪ ਆਯੋਜਿਤ ਕਰ ਰਹੀ ਹੈ। ਜਿਸ ਰਾਹੀਂ ਵੱਖ-ਵੱਖ ਪਿੰਡਾਂ, ਬਸਤੀਆਂ ਅਤੇ ਵਰਸਿਟੀ ਵਿਖੇ ਵਿਦਿਆਰਥੀਆਂ ਦੇ ਸਰਵ-ਪੱਖੀ ਵਿਕਾਸ ਲਈ ਹਰ ਰੋਜ਼ ਮਾਹਿਰਾਂ ਦੇ ਲੈਕਚਰ ਕਰਵਾਏ ਜਾ ਰਹੇ ਹਨ। ਇਸ ਤੋਂ ਇਲਾਵਾ ਵਿਦਿਆਰਥੀਆਂ ਨੂੰ ਆਰਥਿਕ ਪੱਖੋਂ ਆਪਣੇ ਪੈਰਾਂ ਤੇ ਖੜ੍ਹੇ ਹੋਣ ਲਈ ਵੱਖ-ਵੱਖ ਉਦਯੋਗਾਂ ਨਾਲ ਜੁੜੇ ਇੰਜੀਨੀਅਰ ਅਤੇ ਅਧਿਕਾਰੀਆਂ ਦੇ ਸੈਮੀਨਾਰ ਅਤੇ ਵਰਕਸ਼ਾਪਾਂ ਦਾ ਆਯੋਜਨ ਵੀ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਵਰਸਿਟੀ ਦਾ ਐਨ.ਐਸ.ਐਸ ਵਿਭਾਗ ਸ਼ਹਿਰ ਅਤੇ ਇਲਾਕਿਆਂ ਦੀਆਂ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਸਮਾਜ ਸੇਵਾ ਹਿੱਤ ਝੁੱਗੀਆਂ ਝੌਂਪੜੀਆਂ ਵਿੱਚ ਆਪਣੀਆਂ ਸੇਵਾਵਾਂ ਨੂੰ ਹੋਰ ਅੱਗੇ ਵਧਾਏਗਾ। ਕੈਂਪ ਵਿੱਚ ਡਾਕਟਰਾਂ ਦੀ ਟੀਮ ਵੱਲੋਂ 110 ਤੋਂ ਵੱਧ ਵਿਦਿਆਰਥੀਆਂ ਦਾ ਚੈਕਅੱਪ ਕੀਤਾ ਗਿਆ। ਆਯੋਜਕਾਂ ਵੱਲੋਂ ਡਾਕਟਰਾਂ ਦੀ ਟੀਮ ਨੂੰ ਸਮ੍ਰਿਤੀ ਚਿੰਨ੍ਹ ਨਾਲ ਸਨਮਾਨਿਤ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

## ਓ.ਐਸ.ਡੀ. ਸੁਖਵੀਰ ਸਿੰਘ ਨੇ ਸੁਣੀਆਂ ਧੂਰੀ ਵਾਸੀਆਂ ਦੀਆਂ ਮੁਸ਼ਕਲਾਂ

# ਧੂਰੀ ਹਲਕੇ ਦੇ ਵਸਨੀਕਾਂ ਦੀਆਂ ਮੁਸ਼ਕਲਾਂ ਪਹਿਲ ਦੇ ਆਧਾਰ 'ਤੇ ਹੱਲ ਕੀਤੀਆਂ ਜਾਣਗੀਆਂ : ਓ.ਐਸ.ਡੀ. ਸੁਖਵੀਰ ਸਿੰਘ

**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਅੱਜ ਇਥੇ ਸਥਿਤ ਮੁੱਖ ਮੰਤਰੀ ਸਹਾਇਤਾ ਕੇਂਦਰ ਵਿਖੇ ਧੂਰੀ ਹਲਕੇ ਦੇ ਵਸਨੀਕਾਂ ਨਾਲ ਮੁਲਾਕਾਤ ਕਰਦੇ ਹੋਏ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਸੁਣਿਆ। ਇਸ ਦੌਰਾਨ ਵੱਖ-ਵੱਖ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਤੋਂ ਪਹੁੰਚੇ ਲੋਕਾਂ ਨੇ ਆਪਣੇ ਇਲਾਕਿਆਂ ਨਾਲ ਸੰਬੰਧਿਤ ਵਿਕਾਸ ਕੰਮਾਂ, ਬੁਨਿਆਦੀ ਸਹੂਲਤਾਂ, ਸੜਕਾਂ, ਪਾਣੀ ਅਤੇ ਬਿਜਲੀ ਸਪਲਾਈ ਸਬੰਧੀ ਮੁੱਦੇ ਧਿਆਨ ਵਿੱਚ ਲਿਆਂਦੇ।



ਓ.ਐਸ.ਡੀ. ਸੁਖਵੀਰ ਸਿੰਘ ਨੇ ਮੌਕੇ 'ਤੇ ਮੌਜੂਦ ਸੰਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਲੋਕਾਂ ਦੀਆਂ ਸ਼ਿਕਾਇਤਾਂ ਦਾ ਤੁਰੰਤ ਨਿਪਟਾਰਾ ਕਰਨ ਲਈ ਹਦਾਇਤਾਂ ਜਾਰੀ ਕੀਤੀਆਂ ਅਤੇ ਕਿਹਾ ਕਿ ਹਰ ਇਕ ਅਰਜ਼ੀ ਨੂੰ ਗੰਭੀਰਤਾ ਨਾਲ ਲਿਆ ਜਾਵੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਸਰਕਾਰ ਦੀ ਮੁੱਖ ਤਰਜੀਹ ਲੋਕ-ਕੇਂਦਰਿਤ ਪ੍ਰਸ਼ਾਸਨ ਹੈ ਅਤੇ ਆਮ ਆਦਮੀ ਨੂੰ ਸਰਕਾਰੀ ਦਫ਼ਤਰਾਂ ਦੇ ਚੱਕਰ ਨਾ ਕੱਟਣੇ ਪੈਣ।

ਇਸ ਮੌਕੇ ਮੁੱਖ ਮੰਤਰੀ ਫੀਲਡ ਅਫ਼ਸਰ ਅਰਵਿੰਦ ਕੁਮਾਰ ਵੀ ਹਾਜ਼ਰ ਸਨ, ਜਿਨ੍ਹਾਂ ਵੱਲੋਂ ਮੌਕੇ 'ਤੇ ਹੀ ਕਈ ਮਾਮਲਿਆਂ ਦੀ ਪ੍ਰਗਤੀ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਸੰਬੰਧਿਤ ਅਧਿਕਾਰੀਆਂ ਨਾਲ ਫੋਨ ਰਾਹੀਂ ਰਾਬਤਾ ਕਰਕੇ ਕਾਰਵਾਈ ਨੂੰ ਤੇਜ਼ ਕਰਨ ਲਈ ਕਿਹਾ ਗਿਆ। ਓ.ਐਸ.ਡੀ. ਨੇ ਕਿਹਾ ਕਿ ਮੁੱਖ ਮੰਤਰੀ ਦੇ ਵਿਧਾਨ ਸਭਾ ਹਲਕੇ ਵਿੱਚ ਸਥਾਪਿਤ ਕੀਤਾ ਗਿਆ ਇਹ ਮੁੱਖ ਮੰਤਰੀ ਸਹਾਇਤਾ ਕੇਂਦਰ ਲੋਕਾਂ ਅਤੇ ਸਰਕਾਰ ਦਰਮਿਆਨ ਇੱਕ ਮਜ਼ਬੂਤ ਕੜੀ ਵਜੋਂ ਕੰਮ ਕਰ ਰਿਹਾ ਹੈ। ਹਫ਼ਤੇ ਵਿੱਚ ਦੋ ਤੋਂ ਤਿੰਨ ਦਿਨ ਉਹ ਖੁਦ ਇੱਥੇ ਬੈਠ ਕੇ ਧੂਰੀ ਦੇ ਨਿਵਾਸੀਆਂ, ਪੰਚਾਂ ਅਤੇ ਸਰਪੰਚਾਂ ਨਾਲ ਸਿੱਧੀ ਗੱਲਬਾਤ ਕਰਦੇ ਹਨ, ਤਾਂ ਜੋ ਪਿੰਡਾਂ ਅਤੇ ਸ਼ਹਿਰਾਂ ਦੀਆਂ ਜ਼ਮੀਨੀ ਹਕੀਕਤਾਂ ਤੋਂ ਅਗਾਹ ਰਹਿੰਦੇ ਹੋਏ ਸਮੱਸਿਆਵਾਂ ਦਾ ਹੱਲ ਯਕੀਨੀ ਬਣਾਇਆ ਜਾ ਸਕੇ।

ਉਨ੍ਹਾਂ ਹੋਰ ਦੱਸਿਆ ਕਿ ਸਮੇਂ-ਸਮੇਂ 'ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਵੀ ਧੂਰੀ ਵਿਖੇ ਬੈਠਕ ਕਰਕੇ ਲੋਕਾਂ ਨਾਲ ਸਿੱਧਾ ਸੰਵਾਦ ਕੀਤਾ ਜਾਂਦਾ ਹੈ ਅਤੇ ਵਿਕਾਸ ਕਾਰਜਾਂ ਦੀ ਸਮੀਖਿਆ ਕੀਤੀ ਜਾਂਦੀ ਹੈ।

ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਇਸ ਕੇਂਦਰ 'ਤੇ ਪ੍ਰਾਪਤ ਹੋਣ ਵਾਲੀ ਹਰ ਇਕ ਸ਼ਿਕਾਇਤ ਨੂੰ ਬਾਕਾਇਦਾ ਦਰਜ ਕਰਕੇ ਉਸਦੀ ਮਾਨੀਟਰਿੰਗ ਕੀਤੀ ਜਾਂਦੀ ਹੈ। ਸ਼ਿਕਾਇਤਕਰਤਾ ਨਾਲ ਨਿਯਮਿਤ ਰਾਬਤਾ ਰੱਖਦਿਆਂ ਉਸਨੂੰ ਮਾਮਲੇ ਦੀ ਪ੍ਰਗਤੀ ਬਾਰੇ ਜਾਣੂ ਕੀਤਾ ਜਾਂਦਾ ਹੈ, ਜਿਸ ਨਾਲ ਪ੍ਰਸ਼ਾਸਨ ਵਿੱਚ ਪਾਰਦਰਸ਼ਿਤਾ ਅਤੇ ਜਵਾਬਦੇਹੀ ਯਕੀਨੀ ਬਣਦੀ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਧੂਰੀ ਹਲਕੇ ਦੇ ਵਸਨੀਕਾਂ ਦੀਆਂ ਜਾਇਜ਼ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਕੇ ਇਲਾਕੇ ਦੇ ਸਰਵਪੱਖੀ ਵਿਕਾਸ ਨੂੰ ਅੱਗੇ ਵਧਾਇਆ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਸਿਆਸੀ ਵਿਰੋਧੀਆਂ ਨੂੰ ਦਬਾਉਣ ਲਈ ਪੰਜਾਬ ਸਰਕਾਰ ਕੋਝੇ ਹੱਥ ਕੰਡਿਆਂ 'ਤੇ ਉੱਤਰੀ : ਬਾਪੂ ਤਰਸੇਮ ਸਿੰਘ



**ਅੰਮ੍ਰਿਤਸਰ, 23 ਫਰਵਰੀ (ਆਵਾਜ਼ਿ ਕੌਮ ਬਿਊਰੋ)**-"ਪੰਜਾਬ ਸਰਕਾਰ ਆਪਣੇ ਸਿਆਸੀ ਵਿਰੋਧੀਆਂ ਨੂੰ ਦਬਾਉਣ ਲਈ ਹਰ ਤਰ੍ਹਾਂ ਦਾ ਗੈਰ-ਲੋਕਤੰਤਰਿਕ ਹਰਬਾ ਵਰਤ ਰਹੀ ਹੈ, ਇਸ ਦੀ ਤਾਜਾ ਮਿਸਾਲ ਅੱਜ ਸੀਨੀਅਰ ਕਾਂਗਰਸੀ ਆਗੂ ਸੁਖਪਾਲ ਸਿੰਘ ਖਹਿਰਾ ਦੇ ਘਰ ਦੀਆਂ ਕੰਧਾਂ ਤੋੜਨ ਤੋਂ ਮਿਲਦੀ ਹੈ।" ਇਨਾਂ ਵਿਚਾਰਾਂ ਦਾ ਪ੍ਰਗਟਾਵਾ ਅਕਾਲੀ ਦਲ-ਵਾਰਿਸ ਪੰਜਾਬ ਦੇ ਸਰਪ੍ਰਸਤ ਅਤੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਨੇ ਅੱਜ ਇਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨਾਂ ਕਿਹਾ ਕਿ ਪੰਜਾਬ ਪੁਲਿਸ ਦੀ ਇੱਕ ਵੱਡੀ ਨਫ਼ਰੀ ਨੂੰ ਸ੍ਰੀ ਖਹਿਰਾ ਦੇ ਘਰ ਦੀ ਇੱਕ ਛੋਟੀ ਜਿਹੀ ਕੰਧ ਨੂੰ ਤੋੜਨ ਲਈ ਭੇਜਣਾ ਇਹ ਦਰਸਾਉਂਦਾ ਹੈ ਕਿ ਪੰਜਾਬ ਸਰਕਾਰ ਪੁਲਿਸ ਰਾਹੀਂ ਆਪਣੇ ਸਿਆਸੀ ਵਿਰੋਧੀਆਂ ਨੂੰ ਦਬਾ ਕਿ ਪੰਜਾਬ ਵਿੱਚ ਦਹਿਸ਼ਤ ਦਾ ਮਾਹੌਲ ਕਾਇਮ ਕਰਨਾ ਚਾਹੁੰਦੀ ਹੈ। ਬਾਪੂ ਤਰਸੇਮ ਸਿੰਘ ਨੇ ਕਿਹਾ ਕਿ ਇਸੇ ਤਰ੍ਹਾਂ ਹੀ ਦੂਜੇ ਪਾਸੇ ਪੰਜਾਬ ਸਰਕਾਰ ਕਿਸਾਨਾਂ ਦੀਆਂ ਜਮਹੂਰੀ ਮੰਗਾਂ ਨੂੰ ਪੁਲਿਸ ਦੀ ਲਾਠੀ ਨਾਲ ਦਬਾਉਣ ਦੇ ਰਾਹ ਪਈ ਹੋਈ ਹੈ। ਉਨਾਂ ਕਿਹਾ ਕਿ ਜਿਸ ਢੰਗ ਨਾਲ ਜਿਲਾ ਬਠਿੰਡਾ ਦੇ ਪਿੰਡ ਜਿਉਂਦ ਵਿੱਚ ਕਿਸਾਨਾਂ ਉੱਪਰ ਲਾਠੀਚਾਰਜ ਕੀਤਾ ਗਿਆ ਅਤੇ ਉਸ ਤੋਂ ਬਾਅਦ ਸੁਖਪਾਲ ਸਿੰਘ ਖਹਿਰਾ ਉੱਪਰ ਗੈਰ- ਕਾਨੂੰਨੀ ਕਾਰਵਾਈ ਕੀਤੀ ਗਈ ਹੈ, ਉਸ ਨੂੰ ਕਿਸੇ ਵੀ ਕੀਮਤ ਉੱਪਰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ ।ਉਨਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਇਹ ਕਾਰਵਾਈਆਂ ਦੇਖ ਕੇ ਇੰਝ ਪ੍ਰਤੀਤ ਹੁੰਦਾ ਹੈ ਕਿ ਪੰਜਾਬ ਦੇ ਲੋਕ ਅਤੇ ਵਿਰੋਧੀ ਧਿਰ ਦੇ ਨੇਤਾ ਕਿਸੇ ਹੋਰ ਦੇਸ਼ ਦੇ ਬਸ਼ਿੰਦੇ ਹੋਣ। ਉਨਾਂ ਸਾਫ਼ ਸ਼ਬਦਾਂ ਵਿੱਚ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਆਪਣਾਂ ਜਨ-ਆਧਾਰ ਗਵਾ ਚੁੱਕੀ ਹੈ ਅਤੇ ਆਪਣੀ ਖੁੱਸ ਰਹੀ ਸਿਆਸੀ ਚੌਧਰ ਨੂੰ ਬਚਾਉਣ ਲਈ ਉਹ ਹਰ ਰੋਜ਼ ਅਜਿਹੀ ਕੋਝੇ ਹੱਥ ਕੰਡਿਆਂ ਉੱਪਰ ਉਤਰ ਰਹੀ ਹੈ। ਬਾਪੂ ਤਰਸੇਮ ਸਿੰਘ ਨੇ ਪੰਜਾਬ ਦੀਆਂ ਸਮੂਹ ਇਨਸਾਫ ਪਸੰਦ ਜਥੇਬੰਦੀਆਂ ਅਤੇ ਪੰਥਕ ਸੰਗਠਨਾਂ ਨੂੰ ਅਪੀਲ ਕੀਤੀ ਕਿ ਉਹ ਲੋਕਾਂ ਉੱਪਰ ਹੋ ਰਹੇ ਜਬਰ ਨੂੰ ਰੋਕਣ ਲਈ ਤੁਰੰਤ ਇੱਕਜੁੱਟ ਹੋ ਜਾਣ। ਉਨਾਂ ਕਿਹਾ ਕਿ ਸਾਲ 2027 ਵਿੱਚ ਹੋਣ ਵਾਲੀਆਂ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਨੂੰ ਉਸ ਦੀ ਅਸਲ ਔਕਾਤ ਦਿਖਾ ਦੇਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਏਆਈ ਸਬੰਧੀ ਅੰਤਰਰਾਸ਼ਟਰੀ ਸੰਮੇਲਨ 'ਚ ਸ਼੍ਰੋਮਣੀ ਕਮੇਟੀ ਨੁਮਾਇੰਦਿਆਂ ਨੇ ਕੀਤੀ ਸ਼ਿਰਕਤ

## ਧਾਰਮਿਕ ਖੇਤਰ ਵਿਚਲੀ ਸਮੱਗਰੀ ਦੇ ਦੁਰਉਪਯੋਗ ਨੂੰ ਰੋਕਣ ਲਈ ਸੁਰੱਖਿਆ ਉਪਾਅ ਲਾਗੂ ਕਰਨ ਲਈ ਤਕਨੀਕੀ ਕੰਪਨੀਆਂ ਨਾਲ ਕੀਤੀ ਚਰਚਾ




ਨਵੀਂ ਦਿੱਲੀ, 23 ਫ਼ਰਵਰੀ (ਮਨਪ੍ਰੀਤ ਸਿੰਘ ਖਾਲਸਾ):- ਆਰਟੀਫੀਸ਼ਲ ਇੰਟੈਲੀਜੈਂਸ (ਏਆਈ) ਸਬੰਧੀ ਬੀਤੇ ਦਿਨੀਂ ਦਿੱਲੀ ਵਿਖੇ ਹੋਏ ਅੰਤਰਰਾਸ਼ਟਰੀ ਸੰਮੇਲਨ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ ਅਨੁਸਾਰ ਸ਼੍ਰੋਮਣੀ ਕਮੇਟੀ ਦੇ ਨੁਮਾਇੰਦਿਆਂ ਨੇ ਸ਼ਮੂਲੀਅਤ ਕਰਕੇ ਅੰਤਰਰਾਸ਼ਟਰੀ ਕੰਪਨੀਆਂ ਦੇ ਅਧਿਕਾਰੀਆਂ ਨਾਲ ਰਾਬਤਾ ਕੀਤਾ ਅਤੇ ਸਿੱਖ ਧਰਮ ਨਾਲ ਸਬੰਧਤ ਮਾਮਲਿਆਂ ਨੂੰ ਉਭਾਰਿਆ। ਇਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਨੁਮਾਇੰਦਿਆਂ ਨੇ ਏਆਈ ਤਕਨੀਕ ਨਾਲ ਧਾਰਮਿਕ ਖੇਤਰ ਵਿਚਲੀ ਸਮੱਗਰੀ ਦੇ ਦੁਰਉਪਯੋਗ ਨੂੰ ਰੋਕਣ ਲਈ ਸੁਰੱਖਿਆ ਉਪਾਅ ਲਾਗੂ ਕਰਨ ਲਈ ਆਖਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ ਨੇ ਦੱਸਿਆ ਕਿ 16 ਫ਼ਰਵਰੀ ਤੋਂ 20 ਫ਼ਰਵਰੀ ਤੱਕ ਹੋਏ ਇਸ ਸੰਮੇਲਨ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਸਿਸਟਮ ਐਡਮਿਨਿਸਟਰੇਟਰ ਸ. ਕਰਮਵੀਰ ਸਿੰਘ ਦੀ ਅਗਵਾਈ ਹੇਠ ਨੁਮਾਇੰਦੇ ਸ਼ਾਮਲ ਹੋਏ ਸਨ। ਸ. ਵਕਤਾ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਜਿਥੇ ਏਆਈ ਤਕਨੀਕ ਨਾਲ ਸਿੱਖ ਵਿਰੋਧੀ ਗਤੀਵਿਧੀਆਂ ਨੂੰ ਰੋਕਣ ਲਈ ਯਤਨਸ਼ੀਲ ਹੈ, ਉਥੇ ਹੀ ਗੁਰਬਾਣੀ ਅਤੇ ਸਿੱਖ ਇਤਿਹਾਸ ਨਾਲ ਸਬੰਧਤ ਡਾਟਾ ਬੈਂਕ ਤਿਆਰ ਕਰਨ ਲਈ ਵੀ ਕਾਰਜਸ਼ੀਲ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਨੁਮਾਇੰਦਿਆਂ ਨੇ ਇਸ ਕਾਨਫ਼ਰੰਸ ਦੌਰਾਨ ਪ੍ਰਮੁੱਖ ਕੰਪਨੀਆਂ ਜਿਨ੍ਹਾਂ ਵਿਚ ਗੂਗਲ, ਮੈਟਾ ਤੇ ਓਪਨ ਏਆਈ ਆਦਿ ਸ਼ਾਮਲ ਹਨ ਦੇ ਅਧਿਕਾਰੀਆਂ ਨਾਲ ਰਾਬਤਾ ਕਰਦਿਆਂ ਆਪਣੇ ਸਿਸਟਮ ਵਿਚ ਅਜਿਹੇ ਕੀਵਰਡ ਸ਼ਾਮਲ ਕਰਨ ਲਈ ਆਖਿਆ, ਜਿਨ੍ਹਾਂ ਜਰੀਏ ਧਰਮ ਦੇ ਵਿਰੁੱਧ ਕਿਸੇ ਵੀ ਗਤੀਵਿਧੀ ਨੂੰ ਰੋਕਿਆ ਜਾ ਸਕੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਨੇ ਪੰਜਾਬੀ ਅਤੇ ਗੁਰਮੁੱਖੀ ਭਾਸ਼ਾ ਨਾਲ ਸਬੰਧਤ ਪ੍ਰਮਾਣਿਕ ਡਾਟਾ ਨੂੰ ਸ਼ਾਮਲ ਕਰਨ ਅਤੇ ਪਵਿੱਤਰ ਚਿੰਨਾਂ ਤੇ ਧਾਰਮਿਕ ਪਛਾਣ ਦੇ ਦੁਰਉਪਯੋਗ ਨੂੰ ਰੋਕਣ ਲਈ ਤਕਨੀਕੀ ਸੁਰੱਖਿਆ ਉਪਾਅ ਲਾਗੂ ਕਰਨ ਲਈ ਵੀ ਆਪਣੀ ਗੱਲ ਰੱਖੀ ਹੈ। ਸ. ਵਕਤਾ ਨੇ ਕਿਹਾ ਕਿ ਇਨ੍ਹਾਂ ਕੰਪਨੀਆਂ ਦੇ ਅਧਿਕਾਰੀਆਂ ਨੇ ਸ਼੍ਰੋਮਣੀ ਕਮੇਟੀ ਦੇ ਪੱਖ ਨੂੰ ਬੜੀ ਗੰਭੀਰਤਾ ਨਾਲ ਸੁਣਿਆ ਅਤੇ ਹਰ ਸੰਭਵ ਹੱਲ ਲਈ ਯਤਨਸ਼ੀਲ ਰਹਿਣ ਦਾ ਭਰੋਸਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਆਧੁਨਿਕ ਤਕਨਾਲੋਜੀ ਦੇ ਇਸ ਯੁੱਗ ਵਿਚ ਧਾਰਮਿਕ ਅਜ਼ਾਦੀ, ਮਰਯਾਦਾ ਅਤੇ ਸੰਵੇਦਨਸ਼ੀਲਤਾ ਦੀ ਰੱਖਿਆ ਕਰਨਾ ਸਾਰਿਆਂ ਦੀ ਸਾਂਝੀ ਜ਼ੁੰਮੇਵਾਰੀ ਹੈ। ਸ਼੍ਰੋਮਣੀ ਕਮੇਟੀ ਇਸ ਖੇਤਰ ਵਿਚ ਨਿਰੰਤਰ ਕਾਰਜਸ਼ੀਲ ਹੈ ਅਤੇ ਲੋੜ ਅਨੁਸਾਰ ਸਮੇਂ-ਸਮੇਂ 'ਤੇ ਇਸ ਖੇਤਰ ਵਿਚ ਮਾਹਿਰਾਂ ਦੀ ਸਲਾਹ ਅਨੁਸਾਰ ਯਤਨ ਜਾਰੀ ਰਹਿਣਗੇ। ਉਨ੍ਹਾਂ ਕਿਹਾ ਕਿ ਜਲਦ ਹੀ ਇਸ ਸਬੰਧ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਵੱਖ-ਵੱਖ ਸੰਸਥਾਵਾਂ, ਅਦਾਰਿਆਂ ਅਤੇ ਨਿੱਜੀ ਤੌਰ 'ਤੇ ਕਾਰਜ ਕਰਦੇ ਲੋਕਾਂ ਨਾਲ ਰਾਬਤਾ ਕਰਕੇ ਇਸ ਆਧੁਨਿਕ ਤਕਨੀਕ ਦੇ ਸਦਉਪਯੋਗ ਨੂੰ ਯਕੀਨੀ ਬਨਾਉਣ ਲਈ ਯਤਨ ਵੀ ਕੀਤੇ ਜਾਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਚੱਕ ਨੇ ਖਹਿਰਾ ਦੇ ਘਰ 'ਤੇ ਚੱਲੇ ਪੀਲੇ ਪੰਜੇ ਦੀ ਕੀਤੀ ਸਖ਼ਤ ਸ਼ਬਦਾ 'ਚ ਨਿੰਦਾ



ਮਹਿਲ ਕਲਾਂ (ਰਣਜੀਤ ਸਿੰਘ ਪੇਧਨੀ) -ਪੰਜਾਬ ਕਾਂਗਰਸ ਦੇ ਵਿਧਾਇਕ , ਵਿਰੋਧੀ ਧਿਰ ਦੇ ਸਾਬਕਾ ਨੇਤਾ ਸ. ਸੁਖਪਾਲ ਸਿੰਘ ਖਹਿਰਾ ਨਿਵਾਸ ਸਥਾਨ ਰਾਮਗੜ੍ਹ ਵਿਖੇ ਆਮ ਆਦਮੀ ਪਾਰਟੀ ਦੀ ਸਰਕਾਰ ਬਿਲਕੁਲ ਝੂਠ ਦੇ ਆਧਾਰ ਤੇ ਬਿਨਾਂ ਕੋਈ ਨੋਟਿਸ ਦਿੱਤੇ ਘਰ ਦੇ ਕੁਝ ਹਿੱਸੇ ਨੂੰ ਢਾਹੇ ਜਾਣ ਦੀ ਸਖ਼ਤ ਸ਼ਬਦਾਂ ਚ ਨਿੰਦਾ ਕਰਦਿਆਂ ਉੱਘੇ ਸਮਾਜ ਸੇਵੀ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ, ਹਲਕਾ ਮਹਿਲ ਕਲਾਂ ਤੋਂ ਟਿਕਟ ਦੇ ਪ੍ਰਮੁੱਖ ਦਾਅਵੇਦਾਰ ਕਮਲਜੀਤ ਸਿੰਘ ਚੱਕ ਨੇ ਕਿਹਾ ਸ.ਸੁਖਪਾਲ ਸਿੰਘ ਖਹਿਰਾ ਹਮੇਸ਼ਾ ਹੀ ਪੰਜਾਬ, ਪੰਜਾਬੀ, ਪੰਜਾਬੀਅਤ,ਕਿਸਾਨੀ ਦੇ ਮੁੱਦੇ ਤੇ ਹਮੇਸ਼ਾ ਪੰਜਾਬ ਨਾਲ ਖੜ੍ਹੇ ਦਿਖਾਈ ਦਿੰਦੇ ਹਨ। ਖਹਿਰਾ ਨੇ ਹਮੇਸ਼ਾ ਹੀ ਸੱਚ ਦਾ ਸਾਥ ਦਿੱਤਾ ਹੈ ਤੇ ਸਰਕਾਰ ਦੀਆਂ ਨੀਤੀਆਂ ਦਾ ਹਮੇਸ਼ਾ ਪੂਰੀ ਤਰ੍ਹਾਂ ਨਾਲ ਵਿਰੋਧ ਕੀਤਾ ਹੈ। ਅੱਜ ਖਹਿਰਾ ਦੇ ਨਿਵਾਸ ਸਥਾਨ ਤੇ ਗੈਰਕਾਨੂੰਨੀ ਕਾਰਵਾਈ ਦਾ ਮੈ ਸਖ਼ਤ ਸ਼ਬਦਾਂ ਚ ਵਿਰੋਧ ਕਰਦਾ ਹਾਂ। ਪੰਜਾਬ ਸਰਕਾਰ ਦੀਆਂ ਵਧ ਰਹੀਆਂ ਆਪਹੁਦਰੀਆਂ ਨੂੰ ਰੋਕਣ ਲਈ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ 2027 ਚ ਬਦਲਾਅ ਕਰਨਾ ਹੀ ਪੰਜਾਬ ਦੀ ਹੋਂਦ ਖ਼ਤਮ ਕਰਨ ਵੱਲ ਵੱਧ ਰਹੇ ਕਦਮਾਂ ਨੂੰ ਰੋਕਣ ਲਈ ਪੰਜਾਬੀਆਂ ਦਾ ਸਾਰਥਕ ਕਦਮ ਸਿੱਧ ਹੋਵੇਗਾ।

# ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਵਿਖੇ ਸਲਾਨਾ ਗੁਰਮਤਿ ਅਤੇ 21 ਸੁਭਾਗੇ ਜੋੜਿਆਂ ਦੇ ਅਨੰਦ ਕਾਰਜ ਸਮਾਗਮ ਸੰਪੰਨ ਹੋਏ

## ਜਥੇਦਾਰ ਦਾਦੂਵਾਲ ਨੇ ਧਰਮ ਪ੍ਰਚਾਰ ਅਤੇ ਲੋਕ ਭਲਾਈ ਦੇ ਸੇਵਾ ਕਾਰਜਾਂ ਵਿੱਚ ਹਮੇਸ਼ਾ ਪਾਇਆ ਸਲਾਘਾਯੋਗ ਯੋਗਦਾਨ- ਸਿੰਘ ਸਹਿਬਾਨ












**ਤਲਵੰਡੀ ਸਾਬੋ/ ਕਾਲਾਂਵਾਲੀ, 23 ਫਰਵਰੀ (ਗੁਰਜੰਟ ਸਿੰਘ ਨਥੇਹਾ)**- ਧਰਮ ਪ੍ਰਚਾਰ ਅਤੇ ਲੋਕ ਭਲਾਈ ਦੇ ਸੇਵਾ ਕਾਰਜਾਂ ਨੂੰ ਸਮਰਪਿਤ ਪੰਥਕ ਪ੍ਰਸਿੱਧ ਸ਼ਖਸ਼ੀਅਤ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦੁਨੀਆਂ ਭਰ ਵਿੱਚ ਧਰਮ ਪ੍ਰਚਾਰ ਅੰਮ੍ਰਿਤ ਸੰਚਾਰ ਅਤੇ ਲੋਕ ਭਲਾਈ ਦੇ ਸੇਵਾ ਕਾਰਜਾਂ ਵਿੱਚ ਚੜਦੀਕਲਾ ਨਾਲ ਸਲਾਘਾਯੋਗ ਯੋਗਦਾਨ ਪਾਇਆ ਹੈ ਪਿਛਲੇ ਤਿੰਨ ਦਹਾਕਿਆਂ ਤੋਂ ਜਥੇਦਾਰ ਦਾਦੂਵਾਲ ਦੁਨੀਆਂ ਭਰ ਵਿੱਚ ਇਨਾਂ ਸੇਵਾ ਕਾਰਜਾਂ ਨੂੰ ਹੀ ਸਮਰਪਿਤ ਸਖਸ਼ੀਅਤ ਹਨ ਇਨਾਂ ਦਾ ਵਿਚਾਰਾਂ ਦਾ ਪ੍ਰਗਟਾਵਾ ਸਤਿਕਾਰਯੋਗ ਸਿੰਘ ਸਾਹਿਬਾਨਾਂ, ਪੰਥਕ, ਧਾਰਮਿਕ ਰਾਜਨੀਤਿਕ ਅਤੇ ਸਮਾਜਿਕ ਆਗੂ ਸਾਹਿਬਾਨਾਂ ਵੱਲੋਂ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਵਿਖੇ ਸਲਾਨਾ ਗੁਰਮਤਿ ਅਤੇ 21 ਸੁਭਾਗੇ ਜੋੜਿਆਂ ਦੇ ਅਨੰਦ ਕਾਰਜ ਸਮਾਗਮ ਸਮੇਂ ਕੀਤਾ ਗਿਆ ਜਥੇਦਾਰ ਦਾਦੂਵਾਲ ਦੇ ਸਹਾਇਕ ਭਾਈ ਜਗਮੀਤ ਸਿੰਘ ਬਰਾੜ ਨੇ ਮੀਡੀਆ ਨੂੰ ਪ੍ਰੈਸਨੋਟ ਜਾਰੀ ਕਰਦਿਆਂ ਦੱਸਿਆ ਕਿ ਇਸ ਸਾਲ ਦੇ ਸਮਾਗਮ ਸ੍ਰੀ ਗੁਰੂ ਤੇਗ ਬਹਾਦਰ ਮਹਾਰਾਜ, ਭਾਈ ਮਤੀ ਦਾਸ, ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ 21 ਅਤੇ 22 ਫਰਵਰੀ ਨੂੰ ਕੀਤੇ ਗਏ ਜਿਸ ਵਿੱਚ ਸਿੰਘ ਸਾਹਿਬ ਗਿ. ਰਘਬੀਰ ਸਿੰਘ ਮੁੱਖ ਗ੍ਰੰਥੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ, ਸਿੰਘ ਸਾਹਿਬ ਗਿ. ਬਲਦੇਵ ਸਿੰਘ ਜਥੇਦਾਰ ਤਖਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਸਿੰਘ ਸਾਹਿਬ ਗਿ. ਗੁਰਦਿਆਲ ਸਿੰਘ ਜੀ ਮੁੱਖ ਗ੍ਰੰਥੀ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਸੰਤ ਰਜਿੰਦਰ ਸਿੰਘ ਇਸਰਾਣੇ ਵਾਲੇ, ਸੰਤ ਬਰਿੰਦਰ ਸਿੰਘ ਜਗਮਾਲਵਾਲੀ, ਸੰਤ ਜੀਵਨ ਸਿੰਘ ਹਾਂਗਕਾਂਗ, ਸੰਤ ਮਹੇਸ਼ ਮੁਨੀ ਉਦਾਸੀਨ ਵੱਡਾ ਅਖਾੜਾ ਕੁਰੂਕਸ਼ੇਤਰ, ਸੰਤ ਕਰਨੈਲ ਸਿੰਘ ਝੰਮਟ ਵਾਲੇ, ਬਾਬਾ ਪ੍ਰਦੀਪ ਸਿੰਘ ਚਾਂਦਪੁਰਾ, ਰਣਜੀਤ ਸਿੰਘ ਢੱਡਰੀਆਂ ਵਾਲਿਆਂ ਦਾ ਜਥਾ ਭਾਈ ਗੁਰਪ੍ਰੀਤ ਸਿੰਘ, ਭਾਈ ਗੁਰਸੇਵਕ ਸਿੰਘ ਰੰਗੀਲਾ, ਸੰਤ ਗੁਰਪਾਲ ਸਿੰਘ ਚੋਰਮਾਰ, ਸੰਤ ਈਸ਼ਰ ਸਿੰਘ ਹੈਦਰਾਬਾਦ, ਸ਼ਮਸ਼ੇਰ ਸਿੰਘ ਲਹਿਰੀ, ਬਾਬਾ ਜਸਵਿੰਦਰ ਸਿੰਘ ਤਿਊਣਾ, ਬਾਬਾ ਜੀਵਨ ਸਿੰਘ ਚੁਨਾਗਰਾ, ਗਿਆਨੀ ਸੂਬਾ ਸਿੰਘ ਤਰਾਵੜੀ, ਸੰਤ ਗੋਪਾਲ ਦਾਸ ਅਕਲੀਆ, ਸ. ਗੁਰਮੀਤ ਸਿੰਘ ਖੁੱਡੀਆਂ ਕੈਬਨਿਟ ਮੰਤਰੀ ਪੰਜਾਬ,ਸ੍ਰੀ ਰਵਿੰਦਰ ਸਿੰਘ ਬਡ ਖਾਲਸਾ ਓਐਸਡੀ ਮੁੱਖ ਮੰਤਰੀ ਹਰਿਆਣਾ, ਐਮ ਐਸ ਬੈਨੀਪਾਲ ਬਿਹਾਰ ਸਰਕਾਰ, ਭਾਈ ਗੁਰਦੀਪ ਸਿੰਘ ਬਠਿੰਡਾ ਪ੍ਰਧਾਨ ਸ਼ੇਰੇ ਪੰਜਾਬ ਅਕਾਲੀ ਦਲ, ਬਲਵਿੰਦਰ ਸਿੰਘ ਲਾਡੀ ਸਾਬਕਾ ਵਿਧਾਇਕ, ਗਿਆਨੀ ਬਲਵੰਤ ਸਿੰਘ ਜੰਮੂ ਪ੍ਰਧਾਨ ਧਰਮ ਪ੍ਰਚਾਰ ਕੁਆਰਡੀਨੇਸ਼ਨ ਕਮੇਟੀ ਜੰਮੂ ਕਸ਼ਮੀਰ, ਭਾਈ ਆਸਾ ਸਿੰਘ ਨਾਮਧਾਰੀ, ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਮੀਤ ਸਿੰਘ ਰਾਮਸਰ ਸੀਨੀਅਰ ਮੀਤ ਪ੍ਰਧਾਨ, ਗੁਰਵੀਰ ਸਿੰਘ ਯਮੁਨਾਨਗਰ ਜੂਨੀਅਰ ਮੀਤ ਪ੍ਰਧਾਨ, ਜਗਤਾਰ ਸਿੰਘ ਮਾਨ ਮਿੱਠੜੀ ਅੰਤ੍ਰਿੰਗ ਮੈਂਬਰ, ਸੁਖਵਿੰਦਰ ਸਿੰਘ ਮੰਡੇਬਰ ਸਕੱਤਰ ਜਰਨਲ ਸਾਡਾ, ਗੁਰਤੇਜ ਸਿੰਘ ਅੰਬਾਲਾ ਮੈਂਬਰ, ਸਵਰਨ ਸਿੰਘ ਬੁੰਗਾ ਪੰਚਕੂਲਾ ਮੈਂਬਰ,ਗੁਰਪਾਲ ਸਿੰਘ ਗੋਰਾ ਐਲਨਾਬਾਦ ਮੈਂਬਰ, ਮੇਅਰ ਭੁਪਿੰਦਰ ਸਿੰਘ ਪਾਣੀਪਤ ਮੈਂਬਰ, ਕੈਪਟਨ ਦਿਲਬਾਗ ਸਿੰਘ ਸਜ਼ਾਦਪੁਰ ਮੈਂਬਰ, ਸਰਪੰਚ ਭੁਪਿੰਦਰ ਸਿੰਘ ਲਾਡੀ ਮੈਂਬਰ ਪ੍ਰਤੀਨਿਧ ਬੀਬੀ ਕਪੂਰ ਕੌਰ ਸੌਂਕੜਾ, ਅਜੈਬ ਸਿੰਘ ਨਿੰਮਨਾਬਾਦ ਸਾਬਕਾ ਮੈਂਬਰ, ਗੁਰਜਿੰਦਰ ਸਿੰਘ ਜੀਂਦ ਸਾਬਕਾ ਮੈਂਬਰ, ਪਰਮਜੀਤ ਸਿੰਘ ਮਾਖਾ ਸਾਬਕਾ ਮੈਂਬਰ, ਕਾਬਲ ਸਿੰਘ ਹਿੰਮਤਪੁਰਾ ਸਾਬਕਾ ਮੈਂਬਰ, ਸਰਬਜੀਤ ਸਿੰਘ ਜੰਮੂ ਸਕੱਤਰ, ਡਾਕਟਰ ਮਨਜੀਤ ਸਿੰਘ ਭੋਮਾ ਚੇਅਰਮੈਨ ਧਰਮ ਪ੍ਰਚਾਰ ਪੰਜਾਬ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਐਡਵੋਕੇਟ ਛਿੰਦਰਪਾਲ ਸਿੰਘ ਬਰਾੜ, ਐਡਵੋਕੇਟ ਗੁਰਭੇਜ ਸਿੰਘ ਗੁਰਾਇਆ, ਮਨਮਿੰਦਰ ਸਿੰਘ ਡੱਬਵਾਲੀ, ਉਮਰਾਓ ਸਿੰਘ ਛੀਨਾ ਕੈਂਥਲ, ਚਰਨ ਸਿੰਘ ਪ੍ਰੇਮਪੁਰਾ ਪ੍ਰਧਾਨ ਐਨ ਆਰ ਆਈ ਵਿੰਗ ਅਮਰੀਕਾ, ਬਾਈ ਦਲਜੀਤ ਸਿੰਘ ਕਾਦੀਆਂ, ਪੰਥਕ ਸੇਵਾ ਲਹਿਰ ਦਾਦੂ ਸਾਹਿਬ ਜਥੇਬੰਦੀ ਦੇ ਆਗੂ ਜਸਵਿੰਦਰ ਸਿੰਘ ਸਾਹੋਕੇ, ਬਲਵਿੰਦਰ ਸਿੰਘ ਟਹਿਣਾ, ਜਸਵੰਤ ਸਿੰਘ ਸਿਊਣਾ, ਨਿਰਮਲ ਸਿੰਘ ਮੱਲੜੀ ਸਮੇਤ ਇਲਾਕੇ ਦੇ ਪੰਚ ਸਰਪੰਚ ਨੰਬਰਦਾਰ ਗੁਰੂ ਘਰਾਂ ਦੇ ਗ੍ਰੰਥੀ ਸਿੰਘ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਵੀ ਇਸ ਸਮੇਂ ਹਾਜ਼ਰ ਸਨ। ਭਾਈ ਬਰਾੜ ਨੇ ਦੱਸਿਆ ਕਿ ਸਮਾਗਮ ਵਿੱਚ ਸਮਾਜ ਦੇ ਵੱਖ-ਵੱਖ ਖੇਤਰਾਂ ਵਿੱਚ ਸਲਾਘਾਯੋਗ ਕੰਮ ਕਰਨ ਵਾਲੀਆਂ 6 ਸ਼ਖਸ਼ੀਅਤਾਂ ਸੰਤ ਰਜਿੰਦਰ ਸਿੰਘ ਇਸਰਾਣਾ ਸਾਹਿਬ ਵਾਲੇ, ਡਾਕਟਰ ਗੁਰਨੇਕ ਸਿੰਘ ਸਾਬਕਾ ਵਾਈਸ ਚਾਂਸਲਰ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਸਿੱਖ ਯੂਨੀਵਰਸਿਟੀ ਸ੍ਰੀ ਫਤਿਹਗੜ ਸਾਹਿਬ, ਸੰਤ ਹਾਕਮ ਸਿੰਘ ਸਰਹਾਲੀ ਵਾਲੇ, ਨੌਜਵਾਨ ਸਿੱਖ ਹਿਸਟੋਰੀਅਨ ਸਿਮਰ ਸਿੰਘ ਪਟਿਆਲਾ, ਡਾਕਟਰ ਰਾਜਦੀਪ ਸਿੰਘ ਪਟਿਆਲਾ ਅਤੇ ਸਰਦਾਰ ਗੁਰਜੀਤ ਗੁਰਜੀਤ ਸਿੰਘ ਰੁਮਾਣਾ ਪਾਰਕ ਹਸਪਤਾਲ ਬਠਿੰਡਾ ਦਾ ਵਿਸੇਸ਼ ਸਨਮਾਨ ਕੀਤਾ ਗਿਆ। 21 ਸਭਾਗੇ ਜੋੜਿਆਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਸਾਰਾ ਸਾਜੋ ਸਮਾਨ ਦੇ ਕੇ ਅਤੇ 21- 21 ਹਜ਼ਾਰ ਰੁਪਏ ਸ਼ਗਨ ਭੇਟ ਕਰਕੇ ਧੀਆਂ ਨੂੰ ਵਿਦਾ ਕੀਤਾ ਗਿਆ।

ਆਵਾਜ਼ਿ ਕੌਮ
AWAZE QAUM
Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰੂ ਕਾਸ਼ੀ ਕਾਲਜ ਦੇ ਸਾਬਕਾ ਵਿਦਿਆਰਥੀਆਂ ਵੱਲੋਂ

# "ਯਾਰਾਂ ਨਾਲ ਬਹਾਰਾਂ" ਦੇ ਬੈਨਰ ਹੇਠ ਮਿੱਤਰ ਮਿਲਣੀ ਪ੍ਰੋਗਰਾਮ ਆਯੋਜਿਤ



**ਤਲਵੰਡੀ ਸਾਬੋ, 23 ਫ਼ਰਵਰੀ (ਗੁਰਜੰਟ ਸਿੰਘ ਨਥੇਹਾ)**- ਗੁਰੂ ਕਾਸ਼ੀ ਕਾਲਜ ਦੇ ਸਾਬਕਾ ਵਿਦਿਆਰਥੀਆਂ ਵੱਲੋਂ ਸੋਸ਼ਲ ਮੀਡੀਆ ਤੇ ਬਣਾਏ ਗਰੁੱਪ "ਯਾਰਾਂ ਨਾਲ ਬਹਾਰਾਂ" ਦੇ ਬੈਨਰ ਹੇਠ ਇੱਕ ਮਿੱਤਰ ਮਿਲਣੀ ਦਾ ਆਯੋਜਨ ਕੀਤਾ ਗਿਆ। ਸਭ ਤੋਂ ਪਹਿਲਾਂ ਬੀਤੇ ਸਮੇਂ ਦੌਰਾਨ ਵਿਛੜ ਚੁੱਕੇ ਸਾਥੀਆਂ ਪ੍ਰਿੰਸੀਪਲ ਲਾਭ ਸਿੰਘ, ਇਕਬਾਲ ਸਿੰਘ ਸਿੱਧੂ, ਅਤੇ ਕੁਲਵੰਤ ਸਿੰਘ ਸਰਾਂ ਦੇ ਮਾਤਾ ਹਰਬੰਸ ਕੌਰ ਦੇ ਨਮਿਤ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਂਟ ਕੀਤੀ ਗਈ। ਇਸ ਮੌਕੇ ਹਾਜ਼ਰੀਨ ਵੱਲੋਂ ਕਾਲਜ ਸਮੇਂ ਤੋਂ ਲੈ ਕੇ ਵੱਖ-ਵੱਖ ਖੇਤਰਾਂ 'ਚ ਕੀਤੇ ਕੰਮਾਂ ਅਤੇ ਜਿੰਦਗੀ ਦੇ ਹੋਰ ਤਜਰਬੇ ਸਾਂਝੇ ਕੀਤੇ। ਆਪਣੇ ਸੰਬੋਧਨ ਵਿੱਚ ਸਾਬਕਾ ਉਪ ਕੁਲਪਤੀ ਡਾਕਟਰ ਬੂਟਾ ਸਿੰਘ ਸਿੱਧੂ ਨੇ ਕਿਹਾ ਕਿ ਅਜਿਹੀ ਇਕੱਤਰਤਾ ਸਾਨੂੰ ਇੱਕ ਦੂਜੇ ਦੇ ਹੋਰ ਨੇੜੇ ਲੈ ਕੇ ਆਉਂਦੀ ਹੈ ਅਤੇ ਅਸੀਂ ਸੇਵਾ ਮੁਕਤੀ ਤੋਂ ਬਾਅਦ ਵੀ ਉਤਸ਼ਾਹ ਨਾਲ ਭਰ ਜਾਂਦੇ ਹਾਂ। ਉਨਾਂ ਚਿੰਤਾ ਪ੍ਰਗਟਾਈ ਕਿ ਅਜੋਕੇ ਸਮੇਂ ਸਾਡਾ ਹਵਾ, ਪਾਣੀ, ਅਤੇ ਮਾਂ ਦਾ ਦਰਜਾ ਪ੍ਰਾਪਤ ਧਰਤੀ ਪ੍ਰਦੂਸ਼ਤ ਹੋ ਰਹੀ ਹੈ। ਇਸ ਤੋਂ ਬਚਣ ਲਈ ਸਾਨੂੰ ਸਾਰਿਆਂ ਨੂੰ ਇਕੱਠੇ ਹੋ ਕੇ ਯੋਗ ਉਪਰਾਲੇ ਕਰਨੇ ਚਾਹੀਦੇ ਹਨ। ਗੁਰੂ ਕਾਸ਼ੀ ਯੂਨੀਵਰਸਿਟੀ ਦੇ ਕੈਂਪਸ ਡਾਇਰੈਕਟਰ ਪ੍ਰੋ. ਡਾਕਟਰ ਹਰਜਸਪਾਲ ਸਿੰਘ ਸਿੱਧੂ ਅਤੇ ਭਲਾਈ ਅਫਸਰ ਸਰਦੂਲ ਸਿੰਘ ਨੇ ਕਿਹਾ ਕਿ ਜਿਸ ਗੁਰੂ ਕੀ ਕਾਸ਼ੀ ਦਾ ਵਰ ਪ੍ਰਾਪਤ ਧਰਤੀ ਤੋਂ ਪੜ੍ਹ ਲਿਖ ਕੇ ਅਸੀਂ ਉੱਚ ਅਹੁਦਿਆਂ ਤੱਕ ਪਹੁੰਚੇ ਹਾਂ, ਉਸ ਦੀ ਸੇਵਾ ਲਈ ਸਾਨੂੰ ਇੱਕ ਫੋਰਮ ਬਣਾ ਕੇ ਇਲਾਕੇ ਦੇ ਵੱਖ-ਵੱਖ ਪਿੰਡਾਂ ਵਿੱਚ ਸੇਵਾ ਕਾਰਜ ਕਰਨੇ ਚਾਹੀਦੇ ਹਨ ਤਾਂ ਕਿ ਅਸੀਂ ਉਸ ਧਰਤੀ ਦਾ ਕੁਝ ਕੁ ਕਰਜ ਤਾਂ ਉਤਾਰ ਸਕੀਏ। ਇਸ ਮੌਕੇ ਸੇਵਾ ਮੁਕਤ ਜ਼ਿਲ੍ਹਾ ਸਿੱਖਿਆ ਅਫਸਰ ਬਲਜੀਤ ਸਿੰਘ ਸੰਦੋਹਾ, ਪ੍ਰਿੰਸੀਪਲ ਜਸਵੀਰ ਸਿੰਘ ਢਿੱਲੋਂ, ਖੁਸ਼ਦੀਪ ਸਿੰਘ ਬੱਬੀ ਚੱਠਾ, ਐਡਵੋਕੇਟ ਗੁਰਵਿੰਦਰ ਸਿੰਘ ਬੱਬੀ, ਸੇਵਾ ਮੁਕਤ ਸਕੱਤਰ ਮਾਰਕੀਟ ਕਮੇਟੀ ਉਜਾਗਰ ਸਿੰਘ ਢਿੱਲੋਂ, ਇੰਜੀਨੀਅਰ ਸਤਪਾਲ ਸਿੰਘ, ਅਧਿਆਪਕ ਆਗੂ ਸ਼ੇਖਰ ਤਲਵੰਡੀ, ਈ.ਓ ਪਰਮਜੀਤ ਸਿੰਘ, ਬਲਵਿੰਦਰ ਸਿੰਘ ਐਨ.ਐਫ.ਐਲ ਅਤੇ ਬਰੋਡਵੇ ਸਵੀਟਸ ਦੇ ਐਮ.ਡੀ ਜਤਿੰਦਰ ਸਿੰਘ ਸਿੱਧੂ ਨੇ ਵੀ ਆਪਣੇ ਆਪਣੇ ਤਜਰਬੇ ਸਾਂਝੇ ਕੀਤੇ। ਇਸ ਮੌਕੇ ਰਵਾਇਤ ਅਨੁਸਾਰ ਬੀਤੇ ਦਿਨਾਂ 'ਚ ਸੇਵਾ ਮੁਕਤ ਹੋਏ ਸਾਥੀਆਂ, ਐਡੀਸ਼ਨਲ ਡਾਇਰੈਕਟਰ ਇੰਜੀਨੀਅਰ ਦਰਸ਼ਨ ਸਿੰਘ ਸਿੱਧੂ, ਇੰਜੀਨੀਅਰ ਸਤਪਾਲ ਸਿੰਘ, ਗਿਆਨਪ੍ਰੀਤ ਸਿੰਘ ਔਲਖ ਸਹਾਇਕ ਪ੍ਰਬੰਧਕ ਐਨ.ਐਫ.ਐਲ, ਕੁਲਦੀਪ ਸਿੰਘ ਢਿੱਲੋ ਕਿਸਾਨ ਆਗੂ ਅਤੇ ਸੇਵਾਮੁਕਤ ਲੈਕਚਰਾਰ ਨੈਬ ਸਿੰਘ ਨੂੰ ਯਾਰਾਂ ਨਾਲ ਬਹਾਰਾਂ ਗਰੁੱਪ ਵੱਲੋਂ ਯਾਦ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਗਰੁੱਪ ਦੇ ਬਹੁਤ ਹੀ ਸਤਿਕਾਰਯੋਗ ਮੈਂਬਰ ਅਤੇ ਪ੍ਰਸਿੱਧ ਲੋਕ ਗਾਇਕ ਹਰਦੇਵ ਮਾਹੀਨੰਗਲ ਵੱਲੋਂ ਆਪਣੇ ਗੀਤਾਂ ਨਾਲ ਰੌਣਕ ਵਿੱਚ ਵਾਧਾ ਕੀਤਾ।

'ਗੁਰੂਬਾਣੀ ਰਿਸਰਚ ਫਾਊਂਡੇਸ਼ਨ' ਤੇ ਡਾ. ਇੰਦਰਜੀਤ ਕੌਰ ਦੇ

# ਵਿਸ਼ੇਸ਼ ਉਪਰਾਲੇ ਤਹਿਤ ਹੱਡੀਆਂ ਦੀ ਜਾਂਚ ਦਾ ਲਗਾਇਆ ਗਿਆ ਕੈਂਪ



ਨਵੀਂ ਦਿੱਲੀ 23 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):- ਗੁਰੂਬਾਣੀ ਰਿਸਰਚ ਫਾਊਂਡੇਸ਼ਨ ਦੇ ਚੇਅਰਮੈਨ ਪਰਮਜੀਤ ਸਿੰਘ 'ਵੀਰਜੀ' ਤੇ 'ਡਾ. ਇੰਦਰਜੀਤ ਫਿਜ਼ਿਓਥਰੈਪੀ ਕਲੀਨਿਕ ਵਲੋਂ ਹਰੀ ਨਗਰ-ਸ਼ਿਵ ਨਗਰ ਵਿਖੇ ਹੱਡੀਆਂ ਦੀ ਜਾਂਚ (ਬੀਐੱਮਡੀ) ਲਈ ਸਿਹਤ ਸੰਭਾਲ ਸਿੱਖਿਆ ਸਬੰਧੀ ਸੁਚੇਤ ਤੇ ਜਾਗਰੂਕ ਕਰਨ ਹਿੱਤ ਉਲੀਕੇ ਗਏ ਪ੍ਰੋਗਰਾਮ ਤਹਿਤ ਫ੍ਰੀ ਮੈਡੀਕਲ ਤੇ ਹੈਲਥ ਚੈੱਕਅਪ ਦਾ ਇਕ ਕੈਂਪ ਲਗਾਇਆ ਗਿਆ। ਆਸ-ਪਾਸ ਦੇ ਇਲਾਕਿਆਂ ਤੋਂ ਆਏ ਸੈਕੜੇ ਮਰੀਜ਼ਾਂ ਨੇ ਇਸ ਕੈਂਪ ਵਿਚ ਆਪਣਾ ਮੁਫ਼ਤ ਚੈਕਅੱਪ ਕਰਵਾਇਆ। ਕੈਂਪ ਦੌਰਾਨ ਸ਼ਹਿਰ ਦੇ ਵੱਖ-ਵੱਖ ਪਤਵੰਤੇ ਸੱਜਣਾਂ ਨੇ ਹਾਜ਼ਰੀ ਲਗਵਾ ਕੇ ਇਸ ਸਮਾਜਿਕ ਉਪਰਾਲੇ ਦੀ ਹੌਂਸਲਾ ਅਫ਼ਜ਼ਾਈ ਕੀਤੀ ਤੇ ਪ੍ਰਬੰਧਕਾਂ ਵੱਲੋਂ ਮਹਿਮਾਨਾਂ ਨੂੰ ਵਿਸ਼ੇਸ਼ ਸਨਮਾਨ ਨਾਲ ਨਿਵਾਜਿਆ ਗਿਆ। ਕੈਂਪ ਚ ਸ਼ਾਮਿਲ ਸਾਰੇ ਲੋਕਾਂ ਨੂੰ ਉਨ੍ਹਾਂ ਦੀਆਂ ਟੈਸਟ ਰਿਪੋਰਟਾਂ ਦੇ ਆਧਾਰ 'ਤੇ ਵਿਅਕਤੀਗਤ ਇਲਾਜ ਤੇ ਖ਼ੁਰਾਕ ਸੰਬੰਧੀ ਸਲਾਹਾਂ ਵੀ ਦਿੱਤੀਆਂ ਗਈਆਂ। ਡਾ. ਇੰਦਰਜੀਤ ਕੌਰ ਨੇ ਦੱਸਿਆ ਕਿ ਉਮਰ ਵਧਣ ਦੇ ਨਾਲ-ਨਾਲ ਇਨਸਾਨ ਵਿਚ ਕੈਲਸ਼ੀਅਮ ਦੀ ਘਾਟ ਆ ਜਾਂਦੀ ਹੈ ਤੇ ਜਿਸ ਨਾਲ ਹੱਡੀਆਂ ਕਮਜ਼ੋਰ ਹੋ ਜਾਂਦੀਆਂ ਹਨ। ਉਨ੍ਹਾਂ ਦੱਸਿਆ ਇਹ ਕੈਂਪ ਲਗਾਉਣ ਦਾ ਮੁੱਖ ਉਦੇਸ਼ ਇਹੀ ਹੈ ਕਿ ਲੋਕਾਂ ਦੀ ਖ਼ਾਸਕਰ ਔਰਤਾਂ ਦੀ ਹੱਡੀਆਂ ਦੀ ਜਾਂਚ ਕਰਕੇ, ਉਨ੍ਹਾਂ ਅੰਦਰ ਆਈ ਕੈਲਸ਼ੀਅਮ ਦੀ ਘਾਟ ਨੂੰ ਪੂਰਾ ਕੀਤਾ ਜਾ ਸਕੇ। ਪਰਮਜੀਤ ਸਿੰਘ ਵੀਰਜੀ ਅਤੇ ਉਨ੍ਹਾਂ ਦੀ ਟੀਮ ਨੇ ਡਾਕਟਰ ਸਾਹਿਬਾਨਾਂ ਦੀ ਸਮਰਪਿਤ ਟੀਮ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਆਪਣਾ ਕੀਮਤੀ ਸਮਾਂ ਕੱਢ ਕੇ ਮਰੀਜ਼ਾਂ ਦੀ ਨਿਸ਼ਕਾਮ ਸੇਵਾ ਕਰਨੀ ਸ਼ਲਾਘਾਯੋਗ ਹੈ। ਪਰਮਜੀਤ ਸਿੰਘ ਵੀਰਜੀ ਨੇ ਦੱਸਿਆ ਕਿ ਸ਼ੁਰੂ ਤੋਂ ਹੀ ਸਾਡੀ ਸੰਸਥਾ 'ਸਿੱਖਿਆ ਤੇ ਸਿਹਤ ਦੇ ਟੀਚੇ' ਨੂੰ ਲੈ ਕੇ ਹੀ ਕੰਮ ਕਰ ਰਹੀ ਹੈ। ਇਸੇ ਦੇ ਮੱਦੇਨਜ਼ਰ ਹੀ ਅਸੀਂ ਡਾ. ਇੰਦਰਜੀਤ ਕੌਰ ਨਾਲ ਵਿਚਾਰ ਕਰਕੇ ਇਸ ਕੈਂਪ ਦਾ ਉਪਰਾਲਾ ਕੀਤਾ ਗਿਆ ਸੀ। ਉਨ੍ਹਾਂ ਨੇ ਕੈਂਪ ਦੀ ਸਫਲਤਾ ਲਈ ਸਹਿਯੋਗ ਦੇਣ ਵਾਲੇ ਸਾਰੇ ਪਤਵੰਤਿਆਂ ਦਾ ਧੰਨਵਾਦ ਕੀਤਾ ਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੇ ਉਪਰਾਲੇ ਜਾਰੀ ਰੱਖਣ ਦੀ ਗੱਲ ਕਹੀ।

# ਮਨੁੱਖੀ ਸਰੀਰ ਵਿੱਚ ਕਾਰਸਿਨੋਜਨ ਦੀ ਡੀਟਾਕਸੀਫਿਕੇਸ਼ਨ



ਕਾਰਸਿਨੋਜਨ ਉਹ ਭੌਤਿਕ, ਰਸਾਇਣਕ ਜਾਂ ਜੀਵ ਵਿਗਿਆਨਕ ਤੱਤ ਹਨ ਜੋ ਕੋਸ਼ਿਕਾਵਾਂ ਦੇ ਡੀਐਨਏ ਨੂੰ ਨੁਕਸਾਨ ਪਹੁੰਚਾ ਕੇ, ਜੀਨਾਂ ਦੀ ਅਭਿਵਿਅਕਤੀ ਨੂੰ ਬਦਲ ਕੇ ਜਾਂ ਸਰੀਰ ਦੇ ਨਿਯੰਤਰਣ ਤੰਤਰ ਨੂੰ ਖਰਾਬ ਕਰ ਕੇ ਕੈਂਸਰ ਦੀ ਸ਼ੁਰੂਆਤ ਜਾਂ ਵਿਕਾਸ ਕਰ ਸਕਦੇ ਹਨ। ਆਧੁਨਿਕ ਵਾਤਾਵਰਣ ਵਿੱਚ ਮਨੁੱਖ ਲਗਾਤਾਰ ਹਵਾ ਪ੍ਰਦੂਸ਼ਣ, ਦੂਸ਼ਿਤ ਖ਼ੁਰਾਕ ਅਤੇ ਪਾਣੀ, ਤੰਬਾਕੂ ਦਾ ਧੂੰਆ, ਉਦਯੋਗਿਕ ਰਸਾਇਣ, ਕਿਰਣਾਂ ਅਤੇ ਜੀਵਨ ਸ਼ੈਲੀ ਦੇ ਕਾਰਕਾਂ ਰਾਹੀਂ ਕਾਰਸਿਨੋਜਨਾਂ ਦੇ ਸੰਪਰਕ ਵਿੱਚ ਰਹਿੰਦੇ ਹਨ। ਭਾਵੇਂ ਸਰੀਰ ਵਿੱਚ ਆਪਣੇ ਆਪ ਜ਼ਿਹਰ ਨੂੰ ਨਿਸ਼ਕ੍ਰਿਆ ਕਰਨ ਲਈ ਸੁਧਰੇ ਹੋਏ ਤੰਤਰ ਮੌਜੂਦ ਹਨ, ਪਰ ਲੰਬੇ ਸਮੇਂ ਤੱਕ ਸੰਪਰਕ ਇਹਨਾਂ ਰੱਖਿਆ ਪ੍ਰਣਾਲੀਆਂ ਨੂੰ ਕਮਜ਼ੋਰ ਕਰ ਸਕਦਾ ਹੈ, ਜਿਸ ਨਾਲ ਨੁਕਸਾਨ ਇਕੱਠਾ ਹੁੰਦਾ ਜਾਂਦਾ ਹੈ ਅਤੇ ਕੈਂਸਰ ਦਾ ਖ਼ਤਰਾ ਵੱਧਦਾ ਹੈ। ਇਸ ਲਈ ਕਾਰਸਿਨੋਜਨਾਂ ਦੇ ਪ੍ਰਭਾਵ ਅਤੇ ਸਰੀਰ ਦੀ ਜ਼ਿਹਰੀਲੇ ਤੱਤਾਂ ਨੂੰ ਬਾਹਰ (ਡੀਟਾਕਸੀਫਿਕੇਸ਼ਨ) ਪ੍ਰਕਿਰਿਆ ਨੂੰ ਸਮਝਣਾ ਬਿਮਾਰੀਆਂ ਤੋਂ ਬਚਾਅ ਲਈ ਬਹੁਤ ਜ਼ਰੂਰੀ ਹੈ।

ਕਾਰਸਿਨੋਜਨ ਕੀ ਹੁੰਦੇ ਹਨ ?

ਕਾਰਸਿਨੋਜਨ ਕਈ ਕਿਸਮਾਂ ਦੇ ਹੋ ਸਕਦੇ ਹਨ:

ਰਸਾਇਣਕ ਕਾਰਸਿਨੋਜਨ: ਤੰਬਾਕੂ ਦਾ ਧੂੰਆ, ਕੀਟਨਾਸ਼ਕ, ਭਾਰੀ ਧਾਤਾਂ, ਪ੍ਰੋਸੈਸਡ ਖ਼ੁਰਾਕ, ਉਦਯੋਗਿਕ ਸਾਲਵੈਂਟ, ਪਾਲੀਸਾਈਕਲਿਕ ਅਰੋਮੈਟਿਕ ਹਾਈਡਰੋਕਾਰਬਨ, ਨਾਈਟਰੋਸਾਮਾਈਨ।

ਭੌਤਿਕ ਕਾਰਸਿਨੋਜਨ: ਅਲਟਰਾ ਵਾਇਲਟ ਕਿਰਣਾਂ, ਆਇਓਨਾਈਜ਼ਿੰਗ ਰੇਡੀਏਸ਼ਨ, ਐਸਬੈਸਟਸ ਦੇ ਰੇਸ਼ੇ। ਜੀਵ ਵਿਗਿਆਨਕ ਕਾਰਸਿਨੋਜਨ:ਕੁਝ ਵਾਇਰਸ, ਬੈਕਟੀਰੀਆ ਅਤੇ ਪਰਜੀਵੀ ਜੋ ਲੰਬੇ ਸਮੇਂ ਦੀ ਸੋਜ਼ ਜਾਂ ਜੈਨੇਟਿਕ ਤਬਦੀਲੀਆਂ ਪੈਦਾ ਕਰਦੇ ਹਨ।

ਕੈਂਸਰ ਬਣਨ ਦੀ ਪ੍ਰਕਿਰਿਆ ਆਮ ਤੌਰ 'ਤੇ ਕਈ ਪੜਾਵਾਂ ਵਾਲੀ ਹੁੰਦੀ ਹੈ — ਡੀਐਨਏ ਵਿੱਚ ਮਿਊਟੇਸ਼ਨ, ਮੁਰੰਮਤ ਤੰਤਰ ਦੀ ਖਰਾਬੀ, ਬੇਕਾਬੂ ਕੋਸ਼ਿਕਾ ਵਾਧਾ ਅਤੇ ਕੋਸ਼ਿਕਾਵਾਂ ਦੀ ਮੌਤ (ਐਪੋਪਟੋਸਿਸ) ਤੋਂ ਬਚਾਅ।

ਕਾਰਸਿਨੋਜਨਾਂ ਦੇ ਸਿਹਤ 'ਤੇ ਨਕਾਰਾਤਮਕ ਪ੍ਰਭਾਵ ਜੈਨੇਟਿਕ ਨੁਕਸਾਨ ਅਤੇ ਮਿਊਟੇਸ਼ਨ

ਕਈ ਕਾਰਸਿਨੋਜਨ ਡੀਐਨਏ ਨੂੰ ਸਿੱਧਾ ਨੁਕਸਾਨ ਪਹੁੰਚਾਉਂਦੇ ਹਨ। ਇਸ ਨਾਲ ਟਿਊਮਰ ਦਬਾਉਣ ਵਾਲੇ ਜੀਨਾਂ ਜਾਂ ਔਨਕੋਜੀਨਾਂ ਵਿੱਚ ਤਬਦੀਲੀਆਂ ਆ ਸਕਦੀਆਂ ਹਨ ਅਤੇ ਕੈਂਸਰ ਦੀ ਸ਼ੁਰੂਆਤ ਹੋ ਸਕਦੀ ਹੈ। ਲਗਾਤਾਰ ਨੁਕਸਾਨ ਕੋਸ਼ਿਕਾਵਾਂ ਦੇ ਵਾਧੇ ਨੂੰ ਵੀ ਤੇਜ਼ ਕਰਦਾ ਹੈ।

ਆਕਸੀਡੇਟਿਵ ਤਣਾਅ-ਕਾਰਸਿਨੋਜਨ ਅਕਸਰ ਫ੍ਰੀ ਰੈਡੀਕਲ ਬਣਾਉਂਦੇ ਹਨ ਜੋ ਚਰਬੀ, ਪ੍ਰੋਟੀਨ ਅਤੇ ਡੀਐਨਏ ਨੂੰ ਨੁਕਸਾਨ ਪਹੁੰਚਾਉਂਦੇ ਹਨ। ਇਸ ਨਾਲ ਦਿਲ ਦੀ ਬਿਮਾਰੀ, ਦਿਮਾਗ.ੀ ਰੋਗ ਅਤੇ ਮੈਟਾਬੋਲਿਕ ਸਮੱਸਿਆਵਾਂ ਦਾ ਖ਼ਤਰਾ ਵੀ ਵੱਧਦਾ ਹੈ।

ਲੰਬੇ ਸਮੇਂ ਦੀ ਸੋਜ਼ -ਜ਼ਿਹਰੀਲੇ ਤੱਤਾਂ ਨਾਲ ਲਗਾਤਾਰ ਸੰਪਰਕ ਸਰੀਰ ਵਿੱਚ ਹਲਕੀ ਪਰ ਸਥਾਈ ਸੋਜ਼ ਪੈਦਾ ਕਰਦਾ ਹੈ, ਜੋ ਟਿਊਮਰ ਦੇ ਵਿਕਾਸ ਲਈ ਅਨੁਕੂਲ ਮਾਹੌਲ ਬਣਾਉਂਦੀ ਹੈ।

ਰੋਗ ਪ੍ਰਤੀਰੋਧਕ ਤੰਤਰ ਦੀ ਕਮਜ਼ੋਰੀ

ਕੁਝ ਕਾਰਸਿਨੋਜਨ ਇਮਿਊਨ ਸਿਸਟਮ ਨੂੰ ਦਬਾ ਦਿੰਦੇ ਹਨ, ਜਿਸ ਨਾਲ ਸਰੀਰ ਅਸਧਾਰਣ ਕੋਸ਼ਿਕਾਵਾਂ ਨੂੰ ਪਛਾਣ ਕੇ ਨਸ਼ਟ ਕਰਨ ਵਿੱਚ ਅਸਫ਼ਲ ਹੋ ਜਾਂਦਾ ਹੈ।

ਹਾਰਮੋਨਲ ਗੜਬੜ

ਕਈ ਰਸਾਇਣ ਹਾਰਮੋਨ ਦੀ ਨਕਲ ਕਰਦੇ ਜਾਂ ਉਨ੍ਹਾਂ ਨੂੰ ਰੋਕਦੇ ਹਨ, ਜਿਸ ਨਾਲ ਛਾਤੀ, ਪ੍ਰੋਸਟੇਟ ਅਤੇ ਥਾਇਰਾਇਡ ਵਰਗੇ ਅੰਗਾਂ ਦੇ ਕੈਂਸਰ ਦਾ ਖ਼ਤਰਾ ਵਧਦਾ ਹੈ।

ਅੰਗਾਂ 'ਤੇ ਜ਼ਿਹਰੀਲਾ ਪ੍ਰਭਾਵ

ਕਾਰਸਿਨੋਜਨ ਜਿਗਰ, ਗੁਰਦੇ, ਫੇਫੜੇ ਅਤੇ ਚਮੜੀ ਵਿੱਚ ਇਕੱਠੇ ਹੋ ਸਕਦੇ ਹਨ ਅਤੇ ਉਨ੍ਹਾਂ ਦੀ ਕਾਰਗੁਜ਼ਾਰੀ ਨੂੰ ਨੁਕਸਾਨ ਪਹੁੰਚਾ ਸਕਦੇ ਹਨ।

ਸਰੀਰ ਦੇ ਕੁਦਰਤੀ ਡੀਟਾਕਸੀਫਿਕੇਸ਼ਨ ਤੰਤਰ

ਮਨੁੱਖੀ ਸਰੀਰ ਲਗਾਤਾਰ ਜ਼ਿਹਰਾਂ ਨੂੰ ਨਿਸ਼ਕ੍ਰਿਆ ਕਰਦਾ ਅਤੇ ਬਾਹਰ ਕੱਢਦਾ ਰਹਿੰਦਾ ਹੈ।

ਜਿਗਰ — ਮੁੱਖ ਡੀਟਾਕਸ ਅੰਗ

ਫੇਜ਼ 9: ਚਰਬੀ ਵਿੱਚ ਘੁਲਣਸ਼ੀਲ ਜ਼ਿਹਰਾਂ ਨੂੰ ਰਸਾਇਣਕ ਤੌਰ 'ਤੇ ਬਦਲਿਆ ਜਾਂਦਾ ਹੈ।

ਫੇਜ਼ 99: ਉਨ੍ਹਾਂ ਨੂੰ ਪਾਣੀ ਵਿੱਚ ਘੁਲਣਸ਼ੀਲ ਬਣਾ ਕੇ ਬਾਹਰ ਕੱਢਣ ਯੋਗ ਬਣਾਇਆ ਜਾਂਦਾ ਹੈ।

ਗੁਰਦੇ -ਪਾਣੀ ਵਿੱਚ ਘੁਲਣਸ਼ੀਲ ਜ਼ਿਹਰ ਪਿਸ਼ਾਬ ਰਾਹੀਂ ਬਾਹਰ ਨਿਕਲਦੇ ਹਨ। ਪਾਣੀ ਦੀ ਪੂਰੀ ਮਾਤਰਾ ਬਹੁਤ ਜ਼ਰੂਰੀ ਹੈ।

ਅੰਤੜੀਆਂ -ਪਿੱਤ ਰਾਹੀਂ ਜਿਗਰ ਤੋਂ ਜ਼ਿਹਰ ਅੰਤੜੀਆਂ ਵਿੱਚ ਆਉਂਦੇ ਹਨ ਅਤੇ ਮਲ ਰਾਹੀਂ ਬਾਹਰ ਨਿਕਲਦੇ ਹਨ। ਫਾਈਬਰ ਇਸ ਪ੍ਰਕਿਰਿਆ ਨੂੰ ਮਜ਼ਬੂਤ ਕਰਦਾ ਹੈ।

ਫੇਫੜੇ-ਉੱਡਣਯੋਗ ਜ਼ਿਹਰ ਸਾਹ ਰਾਹੀਂ ਬਾਹਰ ਨਿਕਲ ਸਕਦੇ ਹਨ।

ਚਮੜੀ-ਪਸੀਨਾ ਕੁਝ ਭਾਰੀ ਧਾਤਾਂ ਅਤੇ ਜ਼ਿਹਰਾਂ ਨੂੰ ਬਾਹਰ ਕੱਢਣ ਵਿੱਚ ਸਹਾਇਕ ਹੈ।

ਡੀਟਾਕਸੀਫਿਕੇਸ਼ਨ ਨੂੰ ਸਮੱਰਥਨ ਦੇਣ ਲਈ ਵਿਗਿਆਨਕ ਤਰੀਕੇ

ਐਂਟੀਆਕਸੀਡੈਂਟ ਵਾਲੀ ਖ਼ੁਰਾਕ

ਵਿਟਾਮਿਨ ਸੀ ਵਾਲੇ ਫਲ, ਗਾਜਰ-ਪਾਲਕ ਵਰਗੀਆਂ ਸਬਜ਼ੀਆਂ, ਹਰੀ ਚਾਹ, ਹਲਦੀ, ਅੰਗੂਰ, ਸੁੱਕੇ ਮੇਵੇ — ਇਹ ਸਾਰੇ ਫ੍ਰੀ ਰੈਡੀਕਲ ਨੂੰ ਘਟਾਉਂਦੇ ਹਨ।

ਪੱਤੇਦਾਰ ਸਬਜ਼ੀਆਂ-ਬ੍ਰੋਕਲੀ, ਬੰਦਗੋਭੀ, ਫੁੱਲਗੋਭੀ, ਸਰੋਂ ਦੇ ਪੱਤੇ — ਇਹ ਡੀਟਾਕਸ ਐਂਜ਼ਾਈਮਾਂ ਨੂੰ ਸਰਗਰਮ ਕਰਦੇ ਹਨ।

ਗੰਧਕ ਵਾਲੇ ਭੋਜਨ-ਲਸਣ, ਪਿਆਜ਼, ਅੰਡੇ, ਦਾਲਾਂ, ਅਨਾਜ — ਇਹ ਗਲੂਟਾਥਾਇਓਨ ਬਣਾਉਣ ਵਿੱਚ ਮਦਦ ਕਰਦੇ ਹਨ, ਜੋ ਸਰੀਰ ਦਾ ਮਹੱਤਵਪੂਰਨ ਐਂਟੀਆਕਸੀਡੈਂਟ ਹੈ।

ਫਾਈਬਰ ਅਤੇ ਆਂਤਾਂ ਦੀ ਸਿਹਤ

ਫਾਈਬਰ ਜ਼ਿਹਰਾਂ ਨੂੰ ਬੰਨ੍ਹ ਕੇ ਬਾਹਰ ਕੱਢਦਾ ਹੈ। ਫਲ, ਸਬਜ਼ੀਆਂ, ਦਾਲਾਂ, ਅਲਸੀ ਦੇ ਬੀਜ ਅਤੇ ਫਰਮੈਂਟਡ ਖ਼ੁਰਾਕ ਲਾਭਦਾਇਕ ਹਨ।

ਪਾਣੀ ਦੀ ਪੂਰੀ ਮਾਤਰਾ-ਪਾਣੀ ਜ਼ਿਹਰਾਂ ਨੂੰ ਘੋਲ ਕੇ ਬਾਹਰ ਕੱਢਣ ਵਿੱਚ ਮਦਦ ਕਰਦਾ ਹੈ।

ਕਸਰਤ ਅਤੇ ਪਸੀਨਾ-ਰੱਤ ਸੰਚਾਰ ਅਤੇ ਲਿੰਫ ਪ੍ਰਵਾਹ ਵਧਾਉਂਦਾ ਹੈ, ਜਿਸ ਨਾਲ ਜ਼ਿਹਰਾਂ ਦੀ ਨਿਕਾਸੀ ਸੁਧਰਦੀ ਹੈ।

ਪੂਰੀ ਨੀਂਦ-ਨੀਂਦ ਦੌਰਾਨ ਕੋਸ਼ਿਕਾ ਮੁਰੰਮਤ ਅਤੇ ਡੀਟਾਕਸ ਪ੍ਰਕਿਰਿਆ ਤੇਜ਼ ਹੁੰਦੀ ਹੈ।

ਜ਼ਿਹਰਾਂ ਨਾਲ ਸੰਪਰਕ ਘਟਾਉਣਾ

ਤੰਬਾਕੂ ਤੋਂ ਬਚਾਅ, ਪ੍ਰੋਸੈਸਡ ਅਤੇ ਸੜੀ ਹੋਈ ਖ਼ੁਰਾਕ ਘੱਟ, ਸਾਫ਼ ਪਾਣੀ, ਕੀਟਨਾਸ਼ਕ ਅਤੇ ਕਿਰਣਾਂ ਤੋਂ ਸੁਰੱਖਿਆ — ਇਹ ਸਭ ਬਹੁਤ ਜ਼ਰੂਰੀ ਹਨ।

ਡੀਟਾਕਸ ਉਤਪਾਦਾਂ ਦੀਆਂ ਸੀਮਾਵਾਂ

ਬਾਜ਼ਾਰ ਵਿੱਚ ਮਿਲਣ ਵਾਲੇ ਤੁਰੰਤ ਡੀਟਾਕਸ ਉਤਪਾਦਾਂ ਲਈ ਵਿਗਿਆਨਕ ਸਬੂਤ ਘੱਟ ਹਨ। ਲੋੜ ਤੋਂ ਵੱਧ ਵਰਤ ਜਾਂ ਬਿਨਾਂ ਨਿਗਰਾਨੀ ਵਾਲੀਆਂ ਦਵਾਈਆਂ ਸਰੀਰ ਨੂੰ ਨੁਕਸਾਨ ਪਹੁੰਚਾ ਸਕਦੀਆਂ ਹਨ।

ਭਵਿੱਖੀ ਦਿਸ਼ਾਵਾਂ

ਵਿਗਿਆਨ ਨਵੇਂ ਤਰੀਕੇ ਖੋਜ ਰਿਹਾ ਹੈ —

ਪ੍ਰਸਨਲਾਈਜ਼ਡ ਡਾਇਟ (ਨਿਊਟ੍ਰੀਜੀਨੋਮਿਕਸ), ਮਾਈਕ੍ਰੋਬਾਇਓਮ ਸੁਧਾਰ, ਜ਼ਿਹਰੀਲੇ ਬੋਝ ਦੀ ਪਛਾਣ ਲਈ ਬਾਇਓਮਾਰਕਰ ਅਤੇ ਨਵੀਆਂ ਦਵਾਈਆਂ। ਕਾਰਸਿਨੋਜਨ ਮਨੁੱਖੀ ਸਿਹਤ ਲਈ ਗੰਭੀਰ ਖਤਰਾ ਹਨ ਕਿਉਂਕਿ ਇਹ ਡੀਐਨਏ ਨੁਕਸਾਨ, ਆਕਸੀਡੇਟਿਵ ਤਣਾਅ, ਸੋਜਸ਼ ਅਤੇ ਰੋਗ ਪ੍ਰਤੀਰੋਧਕ ਕਮਜ਼ੋਰੀ ਪੈਦਾ ਕਰਦੇ ਹਨ। ਫਿਰ ਵੀ ਸਰੀਰ ਵਿੱਚ ਜਿਗਰ, ਗੁਰਦੇ, ਅੰਤੜੀਆਂ, ਫੇਫੜੇ ਅਤੇ ਚਮੜੀ ਰਾਹੀਂ ਮਜ਼ਬੂਤ ਡੀਟਾਕਸੀਫਿਕੇਸ਼ਨ ਤੰਤਰ ਮੌਜੂਦ ਹੈ। ਸੰਤੁਲਿਤ ਖ਼ੁਰਾਕ, ਪਾਣੀ, ਕਸਰਤ, ਨੀਂਦ ਅਤੇ ਜ਼ਿਹਰੀਲੇ ਤੱਤਾਂ ਤੋਂ ਬਚਾਅ — ਇਹ ਲੰਬੇ ਸਮੇਂ ਲਈ ਸਭ ਤੋਂ ਪ੍ਰਭਾਵਸ਼ਾਲੀ ਸੁਰੱਖਿਆ ਦੇ ਤਰੀਕੇ ਹਨ। ਛੋਟੇ ਸਮੇਂ ਦੀ ਕਲੀਨਜ਼ਿੰਗ ਦੀ ਬਜਾਏ ਸਿਹਤਮੰਦ ਜੀਵਨ ਸ਼ੈਲੀ ਹੀ ਕੈਂਸਰ ਅਤੇ ਲੰਬੀ ਬਿਮਾਰੀਆਂ ਤੋਂ ਬਚਾਅ ਦਾ ਮੂਲ ਹੈ।

**-ਡਾ. ਸੁਰਿੰਦਰਪਾਲ ਸਿੰਘ, ਸਾਇੰਸ ਵਿਭਾਗ ਦੇ ਫੈਕਲਟੀ ਮੈਂਬਰ ਸ੍ਰੀ ਅੰਮ੍ਰਿਤਸਰ ਸਾਹਿਬ, ਪੰਜਾਬ।**

ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਵਿਖੇ

# ਸਲਾਨਾ ਗੁਰਮਤਿ ਅਤੇ 21 ਸੁਭਾਗੇ ਜੋੜਿਆਂ ਦੇ ਅਨੰਦ ਕਾਰਜ ਸਮਾਗਮ ਸੰਪੰਨ

## ਜਥੇਦਾਰ ਦਾਦੂਵਾਲ ਜੀ ਨੇ ਧਰਮ ਪ੍ਰਚਾਰ ਅਤੇ ਲੋਕ ਭਲਾਈ ਦੇ ਸੇਵਾ ਕਾਰਜਾਂ ਵਿੱਚ ਹਮੇਸ਼ਾ ਪਾਇਆ ਸਲਾਘਾਯੋਗ ਯੋਗਦਾਨ- ਸਿੰਘ ਸਹਿਬਾਨ











**ਸਿਰਸਾ, 23 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਧਰਮ ਪ੍ਰਚਾਰ ਅਤੇ ਲੋਕ ਭਲਾਈ ਦੇ ਸੇਵਾ ਕਾਰਜਾਂ ਨੂੰ ਸਮਰਪਿਤ ਪੰਥਕ ਪ੍ਰਸਿੱਧ ਸ਼ਖਸ਼ੀਅਤ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦੁਨੀਆਂ ਭਰ ਵਿੱਚ ਧਰਮ ਪ੍ਰਚਾਰ ਅੰਮ੍ਰਿਤ ਸੰਚਾਰ ਅਤੇ ਲੋਕ ਭਲਾਈ ਦੇ ਸੇਵਾ ਕਾਰਜਾਂ ਵਿੱਚ ਚੜਦੀਕਲਾ ਨਾਲ ਸਲਾਘਾਯੋਗ ਯੋਗਦਾਨ ਪਾਇਆ ਹੈ ਪਿਛਲੇ ਤਿੰਨ ਦਹਾਕਿਆਂ ਤੋਂ ਜਥੇਦਾਰ ਦਾਦੂਵਾਲ ਜੀ ਦੁਨੀਆਂ ਭਰ ਵਿੱਚ ਇਨਾਂ ਸੇਵਾ ਕਾਰਜਾਂ ਨੂੰ ਹੀ ਸਮਰਪਿਤ ਸਖਸ਼ੀਅਤ ਹਨ ਇਨਾਂ ਦਾ ਵਿਚਾਰਾਂ ਦਾ ਪ੍ਰਗਟਾਵਾ ਸਤਿਕਾਰਯੋਗ ਸਿੰਘ ਸਾਹਿਬਾਨਾਂ,ਪੰਥਕ,ਧਾਰਮਿਕ ਰਾਜਨੀਤਿਕ ਅਤੇ ਸਮਾਜਿਕ ਆਗੂ ਸਾਹਿਬਾਨਾਂ ਵੱਲੋਂ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਵਿਖੇ ਸਲਾਨਾ ਗੁਰਮਤਿ ਅਤੇ 21 ਸੁਭਾਗੇ ਜੋੜਿਆਂ ਦੇ ਅਨੰਦ ਕਾਰਜ ਸਮਾਗਮ ਸਮੇਂ ਕੀਤਾ ਗਿਆ ਜਥੇਦਾਰ ਦਾਦੂਵਾਲ ਜੀ ਦੇ ਸਹਾਇਕ ਭਾਈ ਜਗਮੀਤ ਸਿੰਘ ਬਰਾੜ ਨੇ ਮੀਡੀਆ ਨੂੰ ਪ੍ਰੈਸਨੋਟ ਜਾਰੀ ਕਰਦਿਆਂ ਦੱਸਿਆ ਕੇ ਇਸ ਸਾਲ ਦੇ ਸਮਾਗਮ ਸ੍ਰੀ ਗੁਰੂ ਤੇਗ ਬਹਾਦਰ ਮਹਾਰਾਜ,ਭਾਈ ਮਤੀ ਦਾਸ,ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ 21 ਅਤੇ 22 ਫਰਵਰੀ ਨੂੰ ਕੀਤੇ ਗਏ ਜਿਸ ਵਿੱਚ ਸਿੰਘ ਸਾਹਿਬ ਗਿ: ਰਘਬੀਰ ਸਿੰਘ ਮੁੱਖ ਗ੍ਰੰਥੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ,ਸਿੰਘ ਸਾਹਿਬ ਗਿ: ਬਲਦੇਵ ਸਿੰਘ ਜਥੇਦਾਰ ਤਖਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ,ਸਿੰਘ ਸਾਹਿਬ ਗਿ: ਗੁਰਦਿਆਲ ਸਿੰਘ ਜੀ ਮੁੱਖ ਗ੍ਰੰਥੀ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ,ਸੰਤ ਰਜਿੰਦਰ ਸਿੰਘ ਇਸਰਾਣੇ ਵਾਲੇ,ਸੰਤ ਬਰਿੰਦਰ ਸਿੰਘ ਜਗਮਾਲਵਾਲੀ,ਸੰਤ ਜੀਵਨ ਸਿੰਘ ਹਾਂਗਕਾਂਗ,ਸੰਤ ਮਹੇਸ਼ ਮੁਨੀ ਉਦਾਸੀਨ ਵੱਡਾ ਅਖਾੜਾ ਕੁਰੂਕਸ਼ੇਤਰ,ਸੰਤ ਕਰਨੈਲ ਸਿੰਘ ਝੰਮਟ ਵਾਲੇ,ਬਾਬਾ ਪ੍ਰਦੀਪ ਸਿੰਘ ਚਾਂਦਪੁਰਾ, ਰਣਜੀਤ ਸਿੰਘ ਢੱਡਰੀਆਂ ਵਾਲਿਆਂ ਦਾ ਜੱਥਾ ਭਾਈ ਗੁਰਪ੍ਰੀਤ ਸਿੰਘ, ਭਾਈ ਗੁਰਸੇਵਕ ਸਿੰਘ ਰੰਗੀਲਾ,ਸੰਤ ਗੁਰਪਾਲ ਸਿੰਘ ਚੋਰਮਾਰ, ਸੰਤ ਈਸ਼ਰ ਸਿੰਘ ਹੈਦਰਾਬਾਦ, ਸੰਤ ਸ਼ਮਸ਼ੇਰ ਸਿੰਘ ਲਹਿਰੀ ਸਰਦੂਲਗੜ,ਸੰਤ ਗੁਰਹੰਸ ਸਿੰਘ ਫ਼ਿਰੋਜ਼ਪੁਰ ਵੱਲੋਂ ਭਾਈ ਗੁਰਪ੍ਰੀਤ ਸਿੰਘ,ਬਾਬਾ ਜਸਵਿੰਦਰ ਸਿੰਘ ਤਿਉਣਾ,ਬਾਬਾ ਜੀਵਨ ਸਿੰਘ ਚੁਨਾਗਰਾ,ਗਿਆਨੀ ਸੂਬਾ ਸਿੰਘ ਤਰਾਵੜੀ, ਸੰਤ ਗੋਪਾਲ ਦਾਸ ਅਕਲੀਆ,ਸਰਦਾਰ ਗੁਰਮੀਤ ਸਿੰਘ ਖੁੱਡੀਆਂ ਕੈਬਨਿਟ ਮੰਤਰੀ ਪੰਜਾਬ,ਸ੍ਰੀ ਰਵਿੰਦਰ ਸਿੰਘ ਬਡਖਾਲਸਾ ਓਐਸਡੀ ਮੁੱਖ ਮੰਤਰੀ ਹਰਿਆਣਾ,ਐਮ ਐਸ ਬੈਨੀਪਾਲ ਬਿਹਾਰ ਸਰਕਾਰ,ਭਾਈ ਗੁਰਦੀਪ ਸਿੰਘ ਬਠਿੰਡਾ ਪ੍ਰਧਾਨ ਸ਼ੇਰੇ ਪੰਜਾਬ ਅਕਾਲੀ ਦਲ,ਬਲਵਿੰਦਰ ਸਿੰਘ ਲਾਡੀ ਸਾਬਕਾ ਵਿਧਾਇਕ,ਗਿਆਨੀ ਬਲਵੰਤ ਸਿੰਘ ਜੰਮੂ ਪ੍ਰਧਾਨ ਧਰਮ ਪ੍ਰਚਾਰ ਕੁਆਰਡੀਨੇਸ਼ਨ ਕਮੇਟੀ ਜੰਮੂ ਕਸ਼ਮੀਰ,ਭਾਈ ਆਸਾ ਸਿੰਘ ਨਾਮਧਾਰੀ, ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਮੀਤ ਸਿੰਘ ਰਾਮਸਰ ਸੀਨੀਅਰ ਮੀਤ ਪ੍ਰਧਾਨ,ਗੁਰਵੀਰ ਸਿੰਘ ਯਮੁਨਾਨਗਰ ਜੂਨੀਅਰ ਮੀਤ ਪ੍ਰਧਾਨ,ਜਗਤਾਰ ਸਿੰਘ ਮਾਨ ਮਿੱਠੜੀ ਅੰਤ੍ਰਿੰਗ ਮੈਂਬਰ,ਸੁਖਵਿੰਦਰ ਸਿੰਘ ਮੰਡੇਬਰ ਸਕੱਤਰ ਜਰਨਲ ਸਾਡਾ,ਗੁਰਤੇਜ ਸਿੰਘ ਅੰਬਾਲਾ ਮੈਂਬਰ,ਸਵਰਨ ਸਿੰਘ ਬੁੰਗਾ ਪੰਚਕੂਲਾ ਮੈਂਬਰ,ਗੁਰਪਾਲ ਸਿੰਘ ਗੋਰਾ ਐਲਨਾਬਾਦ ਮੈਂਬਰ,ਮੇਅਰ ਭੁਪਿੰਦਰ ਸਿੰਘ ਪਾਣੀਪੱਤ ਮੈਂਬਰ,ਕੈਪਟਨ ਦਿਲਬਾਗ ਸਿੰਘ ਸਜ਼ਾਦਪੁਰ ਮੈਂਬਰ,ਸਰਪੰਚ ਭੁਪਿੰਦਰ ਸਿੰਘ ਲਾਡੀ ਮੈਂਬਰ ਪ੍ਰਤੀਨਿਧ ਬੀਬੀ ਕਪੂਰ ਕੌਰ ਸੌਂਕੜਾ,ਅਜੈਬ ਸਿੰਘ ਨਿੰਮਨਾਬਾਦ ਸਾਬਕਾ ਮੈਂਬਰ,ਗੁਰਜਿੰਦਰ ਸਿੰਘ ਜੀਂਦ ਸਾਬਕਾ ਮੈਂਬਰ,ਪਰਮਜੀਤ ਸਿੰਘ ਮਾਖਾ ਸਾਬਕਾ ਮੈਂਬਰ,ਕਾਬਲ ਸਿੰਘ ਹਿੰਮਤਪੁਰਾ ਸਾਬਕਾ ਮੈਂਬਰ,ਸਰਬਜੀਤ ਸਿੰਘ ਜੰਮੂ ਸਕੱਤਰ,ਡਾਕਟਰ ਮਨਜੀਤ ਸਿੰਘ ਭੋਮਾ ਚੇਅਰਮੈਨ ਧਰਮ ਪ੍ਰਚਾਰ ਪੰਜਾਬ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਐਡਵੋਕੇਟ ਛਿੰਦਰਪਾਲ ਸਿੰਘ ਬਰਾੜ,ਐਡਵੋਕੇਟ ਗੁਰਭੇਜ ਸਿੰਘ ਗੁਰਾਇਆ, ਮਨਮਿੰਦਰ ਸਿੰਘ ਡੱਬਵਾਲੀ,ਉਮਰਾਓ ਸਿੰਘ ਛੀਨਾ ਕੈਂਥਲ,ਚਰਨ ਸਿੰਘ ਪ੍ਰੇਮਪੁਰਾ ਪ੍ਰਧਾਨ ਐਨ ਆਰ ਆਈ ਵਿੰਗ ਅਮਰੀਕਾ,ਬਾਈ ਦਲਜੀਤ ਸਿੰਘ ਕਾਦੀਆਂ,ਪੰਥਕ ਸੇਵਾ ਲਹਿਰ ਦਾਦੂ ਸਾਹਿਬ ਜਥੇਬੰਦੀ ਦੇ ਆਗੂ ਜਸਵਿੰਦਰ ਸਿੰਘ ਸਾਹੋਕੇ,ਬਲਵਿੰਦਰ ਸਿੰਘ ਟਹਿਣਾ,ਜਸਵੰਤ ਸਿੰਘ ਸਿਉਣਾ,ਨਿਰਮਲ ਸਿੰਘ ਮੱਲੜੀ ਸਮੇਤ ਇਲਾਕੇ ਦੇ ਪੰਚ ਸਰਪੰਚ ਨੰਬਰਦਾਰ ਗੁਰੂ ਘਰਾਂ ਦੇ ਗ੍ਰੰਥੀ ਸਿੰਘ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਵੀ ਇਸ ਸਮੇਂ ਹਾਜ਼ਰ ਸਨ ਭਾਈ ਬਰਾੜ ਨੇ ਦੱਸਿਆ ਕਿ ਸਮਾਗਮ ਵਿੱਚ ਸਮਾਜ ਦੇ ਵੱਖ ਵੱਖ ਖੇਤਰਾਂ ਵਿੱਚ ਸਲਾਘਾਯੋਗ ਕੰਮ ਕਰਨ ਵਾਲੀਆਂ 6 ਸ਼ਖਸ਼ੀਅਤਾਂ ਸੰਤ ਰਜਿੰਦਰ ਸਿੰਘ ਇਸਰਾਣਾ ਸਾਹਿਬ ਵਾਲੇ,ਡਾਕਟਰ ਗੁਰਨੇਕ ਸਿੰਘ ਸਾਬਕਾ ਵਾਈਸ ਚਾਂਸਲਰ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਸਿੱਖ ਯੂਨੀਵਰਸਿਟੀ ਸ੍ਰੀ ਫਤਿਹਗੜ ਸਾਹਿਬ,ਸੰਤ ਹਾਕਮ ਸਿੰਘ ਸਰਹਾਲੀ ਵਾਲੇ,ਨੌਜਵਾਨ ਸਿੱਖ ਹਿਸਟੋਰੀਅਨ ਸਿਮਰ ਸਿੰਘ ਪਟਿਆਲਾ,ਡਾਕਟਰ ਰਾਜਦੀਪ ਸਿੰਘ ਪਟਿਆਲਾ ਅਤੇ ਸਰਦਾਰ ਗੁਰਜੀਤ ਗੁਰਜੀਤ ਸਿੰਘ ਰੁਮਾਣਾ ਪਾਰਕ ਹਸਪਤਾਲ ਬਠਿੰਡਾ ਦਾ ਵਿਸੇਸ਼ ਸਨਮਾਨ ਕੀਤਾ ਗਿਆ ਜਥੇਦਾਰ ਦਾਦੂਵਾਲ ਜੀ ਦੀ ਅਗਵਾਈ ਵਿੱਚ ਸੁੱਖ ਸੇਵਾ ਸਿਮਰਨ ਟਰੱਸਟ ਰਜਿਸਟਰਡ ਵਲੋਂ 21 ਸਭਾਗੇ ਜੋੜਿਆਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਸਾਰਾ ਸਾਜੋ ਸਮਾਨ ਦੇ ਕੇ ਅਤੇ 21- 21 ਹਜ਼ਾਰ ਰੁਪਏ ਸ਼ਗਨ ਭੇਂਟ ਕਰਕੇ ਧੀਆਂ ਨੂੰ ਵਿਦਾ ਕੀਤਾ ਗਿਆ। ••

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਵਿਖੇ

# ਸਲਾਨਾ ਗੁਰਮਤਿ ਅਤੇ 21 ਸੁਭਾਗੇ ਜੋੜਿਆਂ ਦੇ ਅਨੰਦ ਕਾਰਜ ਸਮਾਗਮ ਸੰਪੰਨ

## ਜਥੇਦਾਰ ਦਾਦੂਵਾਲ ਜੀ ਨੇ ਧਰਮ ਪ੍ਰਚਾਰ ਅਤੇ ਲੋਕ ਭਲਾਈ ਦੇ ਸੇਵਾ ਕਾਰਜਾਂ ਵਿੱਚ ਹਮੇਸ਼ਾ ਪਾਇਆ ਸਲਾਘਾਯੋਗ ਯੋਗਦਾਨ- ਸਿੰਘ ਸਹਿਬਾਨ















(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਵਿਖੇ

# ਸਲਾਨਾ ਗੁਰਮਤਿ ਅਤੇ 21 ਸੁਭਾਗੇ ਜੋੜਿਆਂ ਦੇ ਅਨੰਦ ਕਾਰਜ ਸਮਾਗਮ ਸੰਪੰਨ

## ਜਥੇਦਾਰ ਦਾਦੂਵਾਲ ਜੀ ਨੇ ਧਰਮ ਪ੍ਰਚਾਰ ਅਤੇ ਲੋਕ ਭਲਾਈ ਦੇ ਸੇਵਾ ਕਾਰਜਾਂ ਵਿੱਚ ਹਮੇਸ਼ਾ ਪਾਇਆ ਸਲਾਘਾਯੋਗ ਯੋਗਦਾਨ- ਸਿੰਘ ਸਹਿਬਾਨ













ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਦੂਜਾ ਸ. ਹਰਚਰਨ ਸਿੰਘ ਸੰਧੂ (ਟੋਨੀ ਸਰਪੰਚ) ਮੈਮੋਰੀਅਲ

# ਗੋਲਡ ਕੱਪ ਹਾਕੀ ਟੂਰਨਾਮੈਂਟ 2026 (ਮਰਦ ਅਤੇ ਮਹਿਲਾ) ਸੰਪੰਨ




**ਚੌਕ ਮਹਿਤਾ, 23 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)** -ਦੂਜਾ ਸ. ਹਰਚਰਨ ਸਿੰਘ ਸੰਧੂ (ਟੋਨੀ ਸਰਪੰਚ) ਮੈਮੋਰੀਅਲ ਗੋਲਡ ਕੱਪ ਹਾਕੀ ਟੂਰਨਾਮੈਂਟ ਅੰਮ੍ਰਿਤਸਰ ਵਿਖੇ ਸੰਪੰਨ ਹੋਇਆ। ਇਹ ਟੂਰਨਾਮੈਂਟ ਮਹਿਲਾ ਅਤੇ ਮਰਦ ਦੋਵਾਂ ਵਰਗਾਂ ਦੇ ਰੋਮਾਂਚਕ ਫਾਈਨਲ ਮੈਚਾਂ ਨਾਲ ਸਮਾਪਤ ਹੋਇਆ। ਇਸ ਟੂਰਨਾਮੈਂਟ ਨੇ ਸ਼ਾਨਦਾਰ ਪ੍ਰਤਿਭਾ, ਅਨੁਸ਼ਾਸਨ ਅਤੇ ਸੱਚੀ ਖੇਡ ਭਾਵਨਾ ਦਾ ਪ੍ਰਦਰਸ਼ਨ ਕੀਤਾ।

ਮਹਿਲਾ ਫਾਈਨਲ

- ਜੇਤੂ: ਪੰਜਾਬੀ ਯੂਨੀਵਰਸਿਟੀ, ਪਟਿਆਲਾ
- ਇਨਾਮੀ ਰਾਸ਼ੀ: 71,000/-
- ਉਪ-ਜੇਤੂ: ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ
- ਇਨਾਮੀ ਰਾਸ਼ੀ: 51,000/-
- ਮੈਚ ਨਤੀਜਾ: ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਨੂੰ 2-1 ਨਾਲ ਹਰਾ ਕੇ ਖਿਤਾਬ ਜਿੱਤਿਆ।
- ਟੂਰਨਾਮੈਂਟ ਦੀ ਸਰਵੋਤਮ ਖਿਡਾਰਨ (ਮਹਿਲਾ): ਪਰਮੇਸ਼ਵਰੀ - 5,100/-

ਮਰਦ ਫਾਈਨਲ

- ਜੇਤੂ: ਰਾਊਂਡਗਲਾਸ ਹਾਕੀ ਅਕੈਡਮੀ, ਬੁਟਾਲਾ
- ਇਨਾਮੀ ਰਾਸ਼ੀ: 71,000/-
- ਉਪ-ਜੇਤੂ: ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ, ਫਗਵਾੜਾ
- ਇਨਾਮੀ ਰਾਸ਼ੀ: 51,000/-
- ਮੈਚ ਨਤੀਜਾ: ਰਾਊਂਡਗਲਾਸ ਹਾਕੀ ਅਕੈਡਮੀ, ਬੁਟਾਲਾ ਨੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ, ਫਗਵਾੜਾ ਨੂੰ 1-0 ਨਾਲ ਹਰਾ ਕੇ ਖਿਤਾਬ ਜਿੱਤਿਆ।
- ਟੂਰਨਾਮੈਂਟ ਦਾ ਸਰਵੋਤਮ ਖਿਡਾਰੀ (ਮਰਦ): ਜੋਬਨਪ੍ਰੀਤ ਸਿੰਘ - 5,100/-

ਮੌਜੂਦਾ ਗਣਮਾਨਯ ਵਿਅਕਤੀ

ਸਮਾਪਤੀ ਸਮਾਰੋਹ ਵਿੱਚ ਹੇਠ ਲਿਖੇ ਮਹਿਮਾਨ ਸ਼ਾਮਲ ਹੋਏ:

ਮੁੱਖ ਮਹਿਮਾਨ – ਸਰਪਾਲ ਸਿੰਘ - ਦਰੋਣਾਚਾਰੀਆ ਅਵਾਰਡ (ਲਾਈਫਟਾਈਮ 2021)

ਇਸ ਮੌਕੇ ਵਿਸ਼ੇਸ਼ ਮਹਿਮਾਨ

ਰਜਿੰਦਰ ਸਿੰਘ - ਦਰੋਣਾਚਾਰੀਆ ਅਵਾਰਡੀ ਅਤੇ ਓਲੰਪੀਅਨ
ਹਰਚਰਨ ਸਿੰਘ - ਬ੍ਰਿਗੇਡੀਅਰ
ਹਰਚਰਨ ਸਿੰਘ - ਅਰਜੁਨ ਅਵਾਰਡੀ ਅਤੇ ਓਲੰਪੀਅਨ
ਸੁਖਮਿੰਦਰ ਸਿੰਘ ਮਾਨ - ਆਈ.ਪੀ.ਐਸ.ਅਤੇ

ਅਮਰੀਕ ਸਿੰਘ ਪਵਾਰ, ਅਸ਼ਫਾਕ ਉਲ੍ਲਾ ਖਾਨ, ਦੀਦਾਰ ਸਿੰਘ, ਤਰਸੇਮ ਸਿੰਘ ਬੈਂਸ, ਰਵਿੰਦਰ ਸਿੰਘ, ਬਲਬੀਰ ਸਿੰਘ ਰੰਧਾਵਾ, ਕਰਨਲ ਪਰਮਜੀਤ ਸਿੰਘ, ਅਰਵਿੰਦਰ ਸਿੰਘ (ਕਮਾਂਡਰ)ਟੂਰਨਾਮੈਂਟ ਅਧਿਕਾਰੀ:

ਬਲਵਿੰਦਰ ਸਿੰਘ ਸ਼ੰਮੀ (ਓਲੰਪੀਅਨ) - ਟੂਰਨਾਮੈਂਟ ਡਾਇਰੈਕਟਰ
ਸਹਿਲਜੀਤ ਸਿੰਘ ਸੰਧੂ
ਡਾ. ਅਵਤਾਰ ਸਿੰਘ
ਅਮਨਦੀਪ ਕੌਰ (ਐਸ.ਪੀ.)
ਸੁਖਜੀਤ ਕੌਰ
ਰਵੀਸ਼ੇਰ ਸਿੰਘ ਸੰਧੂ
ਬਿਕਰਮਜੀਤ ਸਿੰਘ ਕਾਕਾ
ਕੁਲਜੀਤ ਸਿੰਘ ਬਾਬਾ। ਸੰਧੂ ਪਰਿਵਾਰ ਆਦਿ ਹਾਜ਼ਰ ਸਨ

### ਪੰਜਾਬ ਸਰਕਾਰ ਨੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ

# ਕਾਰਡ ਬਣਾਉਣ ਲਈ ਅਪੌਇੰਟਮੈਂਟ ਸਲਿਪ ਦੀ ਲੋੜ ਨੂੰ ਖਤਮ ਕੀਤਾ

ਜੰਡਿਆਲਾ ਗੁਰੂ 23 ਫਰਵਰੀ ( ਕੁਲਵੰਤ ਸਿੰਘ ਵਿਰਦੀ ) – ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ ਨੇ

**ਕਿਸੇ ਵੀ ਘਰ ਦੇ ਘੱਟੋ-ਘੱਟ ਦੋ ਵਿਅਕਤੀ ਬਣਵਾ ਸਕਣਗੇ ਕਾਰਡ-ਡਿਪਟੀ ਕਮਿਸ਼ਨਰ**



ਜ਼ਿਲ੍ਹਾ ਵਾਸੀਆਂ ਨੂੰ ਸੂਚਿਤ ਕੀਤਾ ਹੈ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਕਾਰਡ ਬਣਾਉਣ ਲਈ ਅਪੌਇੰਟਮੈਂਟ ਸਲਿਪ ਦੀ ਲੋੜ ਨੂੰ ਖਤਮ ਕਰ ਦਿੱਤਾ ਗਿਆ ਹੈ। ਹੁਣ ਕਿਸੇ ਵੀ ਘਰ ਦੇ ਘੱਟੋ-ਘੱਟ ਦੋ ਵਿਅਕਤੀ ਵੋਟਰ ਕਾਰਡ ਅਤੇ ਮੋਬਾਇਲ ਨੰਬਰ ਨਾਲ ਲਿੰਕ ਆਧਾਰ ਕਾਰਡ ਸਮੇਤ ਆਪਣੇ ਕਿਸੇ ਵੀ ਨਜ਼ਦੀਕ ਦੇ ਸੀ.ਐਸ.ਸੀ. ਸੈਂਟਰ ਵਿਖੇ ਜਾ ਕੇ ਮੁੱਖ ਮੰਤਰੀ ਸਿਹਤ ਯੋਜਨਾ ਦਾ ਕਾਰਡ ਬਣਵਾ ਸਕਦੇ ਹਨ। ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹਰ ਪਰਿਵਾਰ ਨੂੰ 10 ਲੱਖ ਰੁਪਏ ਸਲਾਨਾ ਮੁਫਤ ਇਲਾਜ ਦੀ ਸਹੂਲਤ ਪੰਜਾਬ ਸਰਕਾਰ ਵੱਲੋਂ ਦਿੱਤੀ ਜਾਵੇਗੀ। ਡਿਪਟੀ ਕਮਿਸ਼ਨਰ ਅੰਮ੍ਰਿਤਸਰ ਨੇ ਜ਼ਿਲਾ ਵਾਸੀਆਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਬਣਾਉਣ ਦੀ ਅਪੀਲ ਕੀਤੀ ਹੈ।

### ਸ਼੍ਰੋਮਣੀ ਕਮੇਟੀ ਵਿਵਾਦ ਗਰਮਾਇਆ

# 26 ਫਰਵਰੀ ਦੀ ਹੰਗਾਮੀ ਮੀਟਿੰਗ 'ਚ ਹੋ ਸਕਦਾ ਵੱਡਾ ਫੈਸਲਾ



**ਅੰਮ੍ਰਿਤਸਰ, 23 ਫਰਵਰੀ (ਆਵਾਜ਼ਿ ਕੌਮ ਬਿਊਰੋ)**—ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚ ਚੱਲ ਰਹੇ ਵਿਵਾਦ ਨੇ ਹੁਣ ਗੰਭੀਰ ਰੂਪ ਧਾਰ ਲਿਆ ਹੈ। ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਵੱਲੋਂ 26 ਫਰਵਰੀ ਨੂੰ ਹੰਗਾਮੀ ਮੀਟਿੰਗ ਸੱਦੀ ਗਈ ਹੈ, ਜਿਸ ਵਿੱਚ ਸੱਚਖੰਡ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਰਘਬੀਰ ਸਿੰਘ ਨਾਲ ਜੁੜੇ ਵਿਵਾਦ 'ਤੇ ਵੱਡਾ ਫੈਸਲਾ ਲਿਆ ਜਾ ਸਕਦਾ ਹੈ। ਸਿੱਖ ਪੰਥ ਵਿੱਚ ਇਸ ਮੀਟਿੰਗ ਨੂੰ ਬਹੁਤ ਅਹਿਮ ਮੰਨਿਆ ਜਾ ਰਿਹਾ ਹੈ। ਇਹ ਸਾਰਾ ਵਿਵਾਦ 18 ਫਰਵਰੀ ਨੂੰ ਜਲੰਧਰ ਵਿੱਚ ਕੀਤੀ ਗਈ ਪ੍ਰੈੱਸ ਕਾਨਫਰੰਸ ਤੋਂ ਬਾਅਦ ਸ਼ੁਰੂ ਹੋਇਆ, ਜਦੋਂ ਗਿਆਨੀ ਰਘਬੀਰ ਸਿੰਘ ਨੇ ਸ਼੍ਰੋਮਣੀ ਕਮੇਟੀ ਵਿੱਚ ਕਥਿਤ ਭ੍ਰਿਸ਼ਟਾਚਾਰ ਦੇ ਗੰਭੀਰ ਦੋਸ਼ ਲਗਾਏ ਸਨ। ਉਨ੍ਹਾਂ ਨੇ ਦਾਅਵਾ ਕੀਤਾ ਸੀ ਕਿ ਗੁਰਦੁਆਰਾ ਜਾਇਦਾਦਾਂ ਦੀ ਗੈਰ-ਕਾਨੂੰਨੀ ਵਿਕਰੀ, ਲੰਗਰ ਪ੍ਰਬੰਧ ਵਿੱਚ ਘਪਲੇ ਅਤੇ ਬਾਹਰੀ ਦਖਲਅੰਦਾਜ਼ੀ ਕਾਰਨ ਸੰਸਥਾ ਦੀ ਸਾਖ ਨੂੰ ਨੁਕਸਾਨ ਪਹੁੰਚ ਰਿਹਾ ਹੈ। ਇਸ ਦੌਰਾਨ ਉਨ੍ਹਾਂ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੂੰ ਵੀ ਸਿੱਧੇ ਸਵਾਲ ਕੀਤੇ ਸਨ ਅਤੇ ਇਲਜ਼ਾਮਾਂ ਬਾਰੇ ਜਵਾਬ ਮੰਗਿਆ ਸੀ। ਇਸ ਦੇ ਤੁਰੰਤ ਬਾਅਦ 19 ਫਰਵਰੀ ਨੂੰ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਐਮਰਜੈਂਸੀ ਮੀਟਿੰਗ ਬੁਲਾਈ ਗਈ ਸੀ, ਜਿਸ ਵਿੱਚ ਗਿਆਨੀ ਰਘਬੀਰ ਸਿੰਘ ਨੂੰ 72 ਘੰਟਿਆਂ ਦਾ ਅਲਟੀਮੇਟਮ ਜਾਰੀ ਕਰਕੇ ਆਪਣੇ ਦੋਸ਼ਾਂ ਦੇ ਲਿਖਤੀ ਸਬੂਤ ਪੇਸ਼ ਕਰਨ ਲਈ ਕਿਹਾ ਗਿਆ ਸੀ। ਸ਼੍ਰੋਮਣੀ ਕਮੇਟੀ ਪ੍ਰਧਾਨ ਧਾਮੀ ਨੇ ਇਲਜ਼ਾਮਾਂ ਨੂੰ ਬੇਬੁਨਿਆਦ ਅਤੇ ਸੰਸਥਾ ਦੀ ਇੱਜ਼ਤ ਨੂੰ ਠੇਸ ਪਹੁੰਚਾਉਣ ਵਾਲੇ ਕਰਾਰ ਦਿੱਤਾ ਸੀ ਅਤੇ ਕਿਹਾ ਸੀ ਕਿ ਬਿਨਾਂ ਸਬੂਤਾਂ ਦੇ ਦੋਸ਼ ਲਗਾਉਣਾ ਠੀਕ ਨਹੀਂ।

ਦੂਜੇ ਪਾਸੇ ਗਿਆਨੀ ਰਘਬੀਰ ਸਿੰਘ ਨੇ ਵੀ ਜਵਾਬੀ ਕਾਰਵਾਈ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਬੰਧਨ ਨੂੰ 72 ਘੰਟਿਆਂ ਦਾ ਜਵਾਬੀ ਅਲਟੀਮੇਟਮ ਦਿੱਤਾ ਅਤੇ ਕਿਹਾ ਕਿ ਉਹ ਜਲਦ ਹੀ ਸੰਗਤ ਅੱਗੇ ਸਾਰੇ ਤੱਥ ਰੱਖਣਗੇ। ਉਨ੍ਹਾਂ ਨੇ ਦੋਸ਼ ਲਗਾਇਆ ਕਿ ਸ਼੍ਰੋਮਣੀ ਕਮੇਟੀ ਪ੍ਰਬੰਧਨ ਸਵਾਲਾਂ ਦੇ ਜਵਾਬ ਦੇਣ ਤੋਂ ਕਤਰਾਂ ਰਿਹਾ ਹੈ ਅਤੇ ਅਸਲ ਹਕੀਕਤ ਨੂੰ ਲੁਕਾਇਆ ਜਾ ਰਿਹਾ ਹੈ।

ਹੁਣ 26 ਫਰਵਰੀ ਨੂੰ ਹੋਣ ਵਾਲੀ ਅੰਤ੍ਰਿੰਗ ਕਮੇਟੀ ਦੀ ਹੰਗਾਮੀ ਮੀਟਿੰਗ ਨੂੰ ਨਿਰਣਾਇਕ ਮੰਨਿਆ ਜਾ ਰਿਹਾ ਹੈ। ਸੂਤਰਾਂ ਮੁਤਾਬਕ ਇਸ ਮੀਟਿੰਗ ਵਿੱਚ ਗਿਆਨੀ ਰਘਬੀਰ ਸਿੰਘ ਖਿਲਾਫ਼ ਅਨੁਸ਼ਾਸਨਾਤਮਕ ਕਾਰਵਾਈ, ਪਦ ਤੋਂ ਹਟਾਉਣ ਜਾਂ ਹੋਰ ਕੜੇ ਫੈਸਲੇ ਵੀ ਕੀਤੇ ਜਾ ਸਕਦੇ ਹਨ।

ਇਹ ਮਸਲਾ ਇਸ ਸਮੇਂ ਸਿੱਖ ਕੌਮ ਵਿੱਚ ਵੱਡੀ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ ਅਤੇ ਵੱਖ-ਵੱਖ ਧਿਰਾਂ ਵੱਲੋਂ ਲਗਾਤਾਰ ਬਿਆਨਬਾਜ਼ੀ ਜਾਰੀ ਹੈ।

ਨੋਟ: ਅੱਜ (23 ਫਰਵਰੀ 2026) ਤੱਕ ਇਸ ਮਾਮਲੇ 'ਚ ਕੋਈ ਅਧਿਕਾਰਤ ਫੈਸਲਾ ਸਾਹਮਣੇ ਨਹੀਂ ਆਇਆ। ਅਸਲੀ ਸਥਿਤੀ 26 ਫਰਵਰੀ ਦੀ ਮੀਟਿੰਗ ਤੋਂ ਬਾਅਦ ਹੀ ਸਪਸ਼ਟ ਹੋਵੇਗੀ।

## ਵਿਸ਼ਵ ਭਾਈ ਮਰਦਾਨਾ ਕੀਰਤਨ ਦਰਬਾਰ ਸੁਸਾਇਟੀ ਵੱਲੋਂ ਭਾਈ ਕੰਵਲਜੀਤ ਸਿੰਘ ਖਾਲਸਾ, ਭਾਈ ਸੰਦੀਪ ਸਿੰਘ ਖਾਲਸਾ ਖਾਈ ਵਾਲਿਆਂ ਨੂੰ ਗੁਰਮਤਿ ਸੰਗੀਤ ਦੇ ਪਹਿਲੇ ਕੀਰਤਨੀਏ ਭਾਈ ਮਰਦਾਨਾ ਜੀ ਐਵਾਰਡ ਨਾਲ ਸਨਮਾਨਿਤ ਕੀਤਾ



ਫ਼ਿਰੋਜ਼ਪੁਰ, 23 ਫਰਵਰੀ (ਮਨੋਹਰ ਲਾਲ) :— ਵਿਸ਼ਵ ਭਾਈ ਮਰਦਾਨਾ ਕੀਰਤਨ ਦਰਬਾਰ ਸੁਸਾਇਟੀ ਵੱਲੋਂ ਭਾਈ ਕੰਵਲਜੀਤ ਸਿੰਘ ਖਾਲਸਾ, ਭਾਈ ਸੰਦੀਪ ਸਿੰਘ ਖਾਲਸਾ ਖਾਈ ਵਾਲਿਆਂ ਨੂੰ ਗੁਰਮਤਿ ਸੰਗੀਤ ਦੇ ਪਹਿਲੇ ਕੀਰਤਨੀਏ ਭਾਈ ਮਰਦਾਨਾ ਜੀ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਥੇ ਇਹ ਦਸਣਯੋਗ ਹੈ ਕਿ ਭਾਈ ਕੰਵਲਜੀਤ ਸਿੰਘ ਖਾਲਸਾ, ਭਾਈ ਸੰਦੀਪ ਸਿੰਘ ਖਾਲਸਾ ਲੰਮੇ ਸਮੇਂ ਤੋਂ ਗੁਰਬਾਣੀ ਕੀਰਤਨ ਨਾਲ ਜੁੜੇ ਹੋਏ ਹਨ, ਇਨ੍ਹਾਂ ਦੀਆਂ ਸੇਵਾਵਾਂ ਨੂੰ ਵੇਖਦੇ ਹੋਏ ਵਿਸ਼ਵ ਭਾਈ ਮਰਦਾਨਾ ਕੀਰਤਨ ਦਰਬਾਰ ਸੁਸਾਇਟੀ ਵੱਲੋਂ ਫੈਸਲਾ ਲਿਆ ਹੈ ਕਿ ਇਸ ਜਥੇ ਨੂੰ ਗੁਰਮਤਿ ਸੰਗੀਤ ਦੇ ਪਹਿਲੇ ਕੀਰਤਨੀਏ ਭਾਈ ਮਰਦਾਨਾ ਜੀ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਭਾਈ ਕੰਵਲਜੀਤ ਸਿੰਘ ਖਾਲਸਾ, ਭਾਈ ਸੰਦੀਪ ਸਿੰਘ ਨੇ ਵਿਸ਼ਵ ਭਾਈ ਮਰਦਾਨਾ ਸੁਸਾਇਟੀ ਦੇ ਪ੍ਰਧਾਨ ਜਗਜੀਤ ਸਿੰਘ ਭੁੱਲਰ ਅਤੇ ਸਮੂਹ ਅਹੁਦੇਦਾਰਾਂ ਅਤੇ ਸਮੂੰਹ ਸੰਗਤਾਂ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਸਾਨੂੰ ਇਹ ਮਾਣ ਬਖਸ਼ਿਆ। ਅਸੀਂ ਆਪ ਜੀ ਨੂੰ ਵਿਸਵਾਸ਼ ਦਿਵਾਉਂਦੇ ਹਾਂ ਕਿ ਅਸੀਂ ਸਿੱਖੀ ਦੇ ਪ੍ਰਚਾਰ ਪ੍ਰਸਾਰ ਲਈ ਤੱਤਪਰ ਰਹਾਂਗੇ।

## ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿੱਚ ਦੋ ਦਿਵਸੀਏ ਸਪੋਰਟਸ ਫੀਏਸਟਾ ਸ਼ਾਨਦਾਰ ਢੰਗ ਨਾਲ ਸਮਾਪਤ



ਫ਼ਿਰੋਜ਼ਪੁਰ, 23 ਫਰਵਰੀ (ਮਨੋਹਰ ਲਾਲ) :— ਮੋਗਾ ਰੋਡ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿੱਚ ਦੋ ਦਿਵਸੀਏ ਟੀ.ਬੀ.ਐਸ ਸਪੋਰਟਸ ਫੀਏਸਟਾ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਸਕੂਲ ਦੇ ਚੇਅਰਮੈਨ ਡਾ: ਹੀਰਾਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਮਹਾਸਚਿਵ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਨੂੰ ਵਿਸ਼ੇਸ਼ ਸਨਮਾਨ ਦੇ ਕੇ ਕੀਤੀ ਗਈ। ਇਸ ਤੋਂ ਬਾਅਦ ਮਾਰਚ ਪਾਸਟ, ਮਸ਼ਾਲ ਸਮਾਰੋਹ ਅਤੇ ਖੇਡਾਂ ਦੀ ਸ਼ਪਥ ਨਾਲ ਮੁਕਾਬਲਿਆਂ ਦੀ ਵਿਧਿਵਤ ਸ਼ੁਰੂਆਤ ਹੋਈ। ਸਪੋਰਟਸ ਫੀਏਸਟਾ ਦੌਰਾਨ ਵਿਦਿਆਰਥੀਆਂ ਨੇ ਖੇਡਾਂ ਵਿੱਚ ਭਰਪੂਰ ਜੋਸ਼ ਅਤੇ ਹੁਨਰ ਦਾ ਪ੍ਰਦਰਸ਼ਨ ਕੀਤਾ, ਜਿਨ੍ਹਾਂ ਵਿਚ 100 ਮੀਟਰ ਦੌੜ, ਹਰਡਲ ਰੇਸ, ਰੀਲੇ ਰੇਸ, ਲਾਂਗ ਜੰਪ, ਹਾਈ ਜੰਪ, ਖੋ ?ਖੋ, ਫੁਟਬਾਲ ਅਤੇ ਕ੍ਰਿਕਟ ਸਮੇਤ ਕਈ ਮੁਕਾਬਲੇ ਕਰਵਾਏ ਗਏ ਅਤੇ ਜੇਤੂ ਰਹੇ ਵਿਦਿਆਰਥੀਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਫੁਟਬਾਲ ਮੈਚ ਵਿੱਚ ਮਿਨੀ ਸਟ੍ਰਾਈਕਰਜ਼ ਟੀਮ ਨੇ ਸੁਪਰ ਸਪ੍ਰਿੰਟਰਜ਼ ਨੂੰ ਹਰਾਕੇ ਜਿੱਤ ਹਾਸਲ ਕੀਤੀ, ਕ੍ਰਿਕਟ ਮੁਕਾਬਲੇ ਵਿੱਚ ਗੁਨਰਾਜ ਸਟ੍ਰਾਈਕਰਜ਼ ਨੇ ਮੇਹਰ ਵਾਰਿਅਰਜ਼ ਨੂੰ ਮਾਤ ਦਿੱਤੀ, ਜਦਕਿ ਲੜਕੀਆਂ ਦੇ ਖੋ—ਖੋ ਮੈਚ ਵਿੱਚ ਫਲਾਇੰਗ ਫੇਅਰੀਜ਼ ਟੀਮ ਜੇਤੂ ਰਹੀ। ਸਾਰੀਆਂ ਜੇਤੂ ਟੀਮਾਂ ਨੂੰ ਟ੍ਰਾਫੀਆਂ ਪ੍ਰਦਾਨ ਕੀਤੀਆਂ ਗਈਆਂ। ਫਾਊਂਡੇਸ਼ਨ ਪੱਧਰ ਦੇ ਨੰਨੇ ਵਿਦਿਆਰਥੀਆਂ ਨੇ ਫਰਾਗ ਰੇਸ, ਹੁਲਾ—ਹੂਪਸ ਅਤੇ ਬੈਲੈਂਸ ਵਿਦ ਕੋਨ ਵਰਗੀਆਂ ਰੋਚਕ ਗਤੀਵਿਧੀਆਂ ਵਿੱਚ ਭਾਗ ਲੈ ਕੇ ਸਮਾਰੋਹ ਨੂੰ ਹੋਰ ਵੀ ਰੰਗੀਨ ਬਣਾਇਆ। ਸਕੂਲ ਦੀ ਪ੍ਰਿੰਸੀਪਲ ਰੇਖਾ ਪਾਸੀ ਨੇ ਖੇਡਾਂ ਦੀ ਮਹੱਤਤਾ ਬਾਰੇ ਦੱਸਦੇ ਹੋਏ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਟੀਮ ਸਪਿਰਟ ਅਤੇ ਆਤਮਵਿਸ਼ਵਾਸ ਨੂੰ ਮਜ਼ਬੂਤ ਕਰਦੀਆਂ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਜੀਵਨ ਦੇ ਹਰ ਖੇਤਰ ਵਿੱਚ ਮਿਹਨਤ ਅਤੇ ਲਗਨ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਦੋ ਦਿਵਸੀਏ ਖੇਡ ਮਹੋਤਸਵ ਨੇ ਸਕੂਲ ਪਰਿਸਰ ਨੂੰ ਉਤਸ਼ਾਹ, ਉਰਜਾ ਅਤੇ ਖੇਡ ਭਾਵਨਾ ਨਾਲ ਭਰ ਦਿੱਤਾ।

## ਇੰਟਰਨੈਸ਼ਨਲ ਭਾਈ ਮਰਦਾਨਾ ਕੀਰਤਨ ਦਰਬਾਰ ਵਿੱਚ ਆਯੁਰਵੇਦਿਕ ਮੈਡੀਕਲ ਕੈਂਪ ਲਗਾਇਆ ਗਿਆ

ਫ਼ਿਰੋਜ਼ਪੁਰ, 23 ਫਰਵਰੀ (ਮਨੋਹਰ ਲਾਲ) :— ਇੰਟਰਨੈਸ਼ਨਲ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਜੋ ਕਿ 21 ਅਤੇ 22 ਫਰਵਰੀ ਨੂੰ ਕਰਵਾਇਆ ਗਿਆ ਜਿਸ ਵਿੱਚ ਡਿਪਾਰਟਮੈਂਟ ਫਿਰੋਜ਼ਪੁਰ ਵੱਲੋਂ ਆਯੁਰਵੈਦਿਕ ਮੈਡੀਕਲ ਕੈਂਪ ਲਗਾਇਆ ਗਿਆ। ਇਸ ਗੱਲ ਦੀ ਜਾਣਕਾਰੀ ਦਿੰਦੇ ਹੋਏ ਸੋਸਾਇਟੀ ਦੇ ਪ੍ਰਧਾਨ ਜਗਜੀਤ ਸਿੰਘ ਭੁੱਲਰ ਨੇ ਆਖਿਆ ਕਿ ਇਸ ਵਾਰ ਆਯੁਰਵੈਦਿਕ ਮੈਡੀਕਲ ਕੈਂਪ




ਸਰਕਾਰ ਵੱਲੋਂ ਲਗਾਇਆ ਗਿਆ ਸੀ ਜਿਸ ਵਿੱਚ ਮਰੀਜ਼ਾਂ ਦਾ ਚੈਕ ਅਪ ਕੀਤਾ ਗਿਆ ਅਤੇ ਫਰੀ ਦਵਾਈਆਂ ਵੰਡੀਆਂ ਗਈਆਂ। ਇਸ ਮੌਕੇ ਲੋੜਵੰਦ ਲੜਕੀਆਂ ਦੇ ਵਿਆਹ ਵੀ ਕੀਤੇ ਗਏ ਜਿਨਾਂ ਨੂੰ ਕੱਪੜੇ ਗੁਰਚਰਨ ਸਿੰਘ ਕਾਲੜਾ ਵੱਲੋਂ ਵੰਡੇ ਗਏ ਅਤੇ ਵਿਆਹ ਵਾਲੀਆਂ ਜੋੜੀਆਂ ਨੂੰ ਕੰਬਲਾਂ ਦੀ ਸੇਵਾ ਗੁਰਮੇਲ ਸਿੰਘ ਤੇ ਦਰਸ਼ਨ ਸਿੰਘ ਵੱਲੋਂ ਕੀਤੀ ਗਈ। ਇੰਟਰਨੈਸ਼ਨਲ ਭਾਈ ਮਰਦਾਨਾ ਸੁਸਾਇਟੀ ਹੁਣ ਤੱਕ ਤਕਰੀਬਨ 1100 ਤੋਂ ਉੱਪਰ ਲੋੜਵੰਦ ਲੜਕੀਆਂ ਦੇ ਸਮੂਹਿਕ ਵਿਆਹ ਕਰਵਾ ਚੁੱਕੀ ਹੈ। ਸੋਸਾਇਟੀ ਵੱਲੋਂ ਕੈਂਪ ਦੇ ਡਾਕਟਰ ਸਾਹਿਬਾਨ ਦਾ ਸਨਮਾਨ ਵੀ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਟੈਂਟ ਦੀ ਸੇਵਾ ਰਜੇਸ਼ ਕੁਮਾਰ ਵਿਜਟ ਹਾਊਸ ਵੱਲੋਂ ਸੇਵਾ ਦੇ ਤੌਰ ਤੇ ਕੀਤੀ ਗਈ। ਪ੍ਰਬੰਧਕਾਂ ਨੇ ਦੱਸਿਆ ਕਿ ਸੇਵਾ ਦੇਣ ਵਾਲੀਆਂ ਸੰਸਥਾਵਾਂ ਪਤਵੰਤੇ ਸੱਜਣਾਂ ਦਾ ਧੰਨਵਾਦ ਕਰਦੇ ਹਾਂ। ਇਸ ਮੌਕੇ ਹਰਜੀਤ ਸਿੰਘ ਧਾਲੀਵਾਲ, ਰਣਬੀਰ ਸਿੰਘ ਰਾਣਾ, ਪਰਮਜੀਤ ਸਿੰਘ ਔਲਖ, ਰਜੇਸ਼ ਕੁਮਾਰ, ਇੰਦਰਪਾਲ ਸਿੰਘ ਪ੍ਰਿੰਸ, ਨਿਰਮਲ ਸਿੰਘ, ਮੋਹਨ ਸਿੰਘ, ਦਰਸ਼ਨ ਲਾਲ ਹੀਰਾ, ਮਨੋਹਰ ਲਾਲ ਆਦਿ ਹਾਜ਼ਰ ਸਨ।




ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਵਿਖੇ ਚੱਲ ਰਹੇ ਪੰਜ ਰੋਜ਼ਾ ਧਾਰਮਿਕ ਸਮਾਗਮਾਂ ਦੀ ਸੰਪੂਰਨਤਾ ਮੌਕੇ ਐਤਵਾਰ ਨੂੰ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਖਾਲਸਾ ਅਤੇ ਵੱਡੀ ਗਿਣਤੀ ਵਿੱਚ ਹਾਜ਼ਰ ਸੰਗਤਾਂ ਦਾ ਇਕੱਠ।

# ਸਿੰਘ ਸਾਹਿਬ ਗਿ. ਰਘਵੀਰ ਸਿੰਘ ਵੱਲੋਂ ਕੀਤੇ ਖੁਲਾਸਿਆਂ ਦਾ ਸ਼੍ਰੋਮਣੀ ਕਮੇਟੀ ਜਵਾਬ ਦੇਵੇ : ਸਿੰਘ ਸਾਹਿਬ ਗਿ. ਜਸਵੀਰ ਸਿੰਘ ਖਾਲਸਾ

## ਗੁਰਦੁਆਰਾ ਸੰਤ ਖਾਲਸਾ ਵਿਖੇ ਹੋਈ 5 ਰੋਜਾ ਸਮਾਗਮਾਂ ਦੀ ਸੰਪੂਰਨਤਾ

**ਪਿੰਡ ਰੋਡੇ (ਮੋਗਾ), 23 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਵੀਹਵੀਂ ਸਦੀ ਦੇ ਮਹਾਨ ਸਿੱਖ ਯੋਧੇ ਦਮਦਮੀ ਟਕਸਾਲ ਦੇ ਚੌਦਵੇਂ ਸੁਖੀ, ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਅਸਥਾਨ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਵਿਖੇ ਚਲ ਰਹੇ 5 ਰੋਜਾ ਮਹਾਨ ਗੁਰਮਤਿ ਸਮਾਗਮਾਂ ਦੀ ਸੰਪੂਰਨਤਾ ਮੌਕੇ ਪ੍ਰੈਸ ਨਾਲ ਗੱਲਬਾਤ ਕਰਦਿਆ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਖਾਲਸਾ ਨੇ ਆਖਿਆ ਕਿ ਜੋ ਸ੍ਰੀ ਦਰਬਾਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਭਾਈ ਰਘਵੀਰ ਸਿੰਘ ਨੇ ਜਲੰਧਰ ਵਿੱਚ ਪ੍ਰੈੱਸ ਕਾਨਫਰੰਸ ਕਰਕੇ ਖੁਲਾਸੇ ਕੀਤੇ ਹਨ, ਸ਼੍ਰੋਮਣੀ ਕਮੇਟੀ ਪ੍ਰਧਾਨ ਨੂੰ ਉਨ੍ਹਾਂ ਖੁਲਾਸਿਆਂ ਦਾ ਗੰਭੀਰਤਾ ਨਾਲ ਜਵਾਬ ਦੇਣਾ ਚਾਹੀਦਾ ਹੈ ਨਾ ਕਿ ਉਲਟਾ ਉਹਨਾਂ ਖਿਲਾਫ ਨੋਟਿਸ ਜਾਰੀ ਕਰਨੇ ਚਾਹੀਦੇ ਹਨ। ਸ਼੍ਰੋਮਣੀ ਕਮੇਟੀ ਸੰਗਤਾਂ ਨੂੰ ਇੱਕ ਜਵਾਬਦੇਹ ਸੰਸਥਾ ਹੈ, ਇਕ ਧਿਰ ਨੂੰ ਖੁਸ਼ ਕਰਨ ਦੀ ਬਜਾਏ, ਸਮੁੱਚੇ ਪੰਥ ਦੀਆਂ ਭਾਵਨਾਵਾਂ ਦੀ ਕਦਰ ਕਰਦੇ ਹੋਏ, ਸਚਾਈ 'ਤੇ ਪੜਦਾ ਨਹੀ ਪਾਉਣਾ ਚਾਹੀਦਾ ਤਾਂ ਕਿ ਜੁੰਮੇਵਾਰ ਵਿਅਕਤੀਆਂ ਦੀ ਪਛਾਣ ਹੋ ਸਕੇ ਅਤੇ ਸੰਗਤਾਂ ਨੂੰ ਅਸਲੀਅਤ ਦਾ ਪਤਾ ਲੱਗ ਸਕੇ।

ਗਿਆਨੀ ਜਸਵੀਰ ਸਿੰਘ ਰੋਡੇ ਨੇ ਆਪਣੇ ਸੰਬੋਧਨ ਦੋਰਾਨ ਗੁਰੂ ਨਾਲ ਜੁੜਨ ਦੀ ਅਹਿਮੀਅਤ ਬਾਰੇ ਕਿਹਾ ਕਿ ਮਨੁੱਖੀ ਜੀਵਨ ਦੀ ਸਫਲਤਾ ਗੁਰਮਤਿ ਅਨੁਸਾਰ ਜੀਵਨ ਬਤੀਤ ਕਰਨ ਵਿੱਚ ਹੈ। ਉਨ੍ਹਾਂ ਸੰਗਤਾਂ ਨੂੰ ਨਾਮ ਸਿਮਰਨ, ਬਾਣੀ ਅਤੇ ਬਾਣੇ ਨਾਲ ਜੁੜਨ ਦਾ ਸੰਦੇਸ਼ ਦਿੱਤਾ। ਭਾਈ ਗੁਰਵਿੰਦਰ ਸਿੰਘ ਦਮਦਮੀ ਟਕਸਾਲ ਕੈਨੇਡਾ ਵਾਲਿਆਂ ਨੇ ਕਥਾ ਵਿਚਾਰਾਂ ਰਾਹੀਂ ਨੌਜਵਾਨ ਪੀੜ੍ਹੀ ਨੂੰ ਸਿੱਖ ਇਤਿਹਾਸ ਨਾਲ ਜੁੜਨ ਅਤੇ ਪੰਥਕ ਮਰਿਯਾਦਾਵਾਂ ਦੀ ਪਾਲਣਾ ਕਰਨ ਲਈ ਪ੍ਰੇਰਿਤ ਕੀਤਾ।

ਸਮਾਗਮ ਦੌਰਾਨ ਸਜੇ ਵਿਸ਼ਾਲ ਦੀਵਾਨ ਵਿੱਚ ਦੂਰ ਦਰਾਡੇ ਤੋਂ ਪੁੱਜੀਆਂ ਸੰਗਤਾਂ ਨੇ ਗੁਰਬਾਣੀ ਕਥਾ-ਕੀਰਤਨ ਦਾ ਆਨੰਦ ਮਾਣਿਆ। ਸਮਾਪਤੀ ਦਿਨ ਦੇ ਦੀਵਾਨ ਵਿੱਚ ਪੰਥ ਦੀਆਂ ਪ੍ਰਸਿੱਧ ਧਾਰਮਿਕ ਸ਼ਖ਼ਸੀਅਤਾਂ ਨੇ ਹਾਜ਼ਰੀ ਭਰਦੇ ਹੋਏ ਗੁਰਬਾਣੀ ਦੇ ਗੂੜ੍ਹੇ ਅਰਥਾਂ 'ਤੇ ਚਾਨਣ ਪਾਇਆ। ਵੀਹਵੀਂ ਸਦੀ ਦੇ ਮਹਾਨ ਯੋਧੇ ਦਮਦਮੀ ਟਕਸਾਲ ਦੇ 14ਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਅਸਥਾਨ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਵਿਖੇ 5 ਰੋਜ਼ਾ ਮਹਾਨ ਗੁਰਮਤਿ ਸਮਾਗਮ ਅੱਜ ਸੰਪੂਰਨ ਹੋ ਗਏ। ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਖਾਲਸਾ ਜੀ ਦੇ ਪ੍ਰਬੰਧਾਂ ਹੇਠ ਸਮੂਹ ਬਾਬਾ ਪਰਿਵਾਰ ਤੇ ਨਗਰ ਦੀਆਂ ਪੰਚਾਇਤਾਂ ਤੇ ਸੰਗਤਾਂ ਦੇ ਸਹਿਯੋਗ ਨਾਲ ਕਰਵਾਏ ਗਏ ਇਸ ਸਮਾਗਮ ਦੇ ਆਖਰੀ ਦਿਨ ਜਥੇਦਾਰ ਹਰਚੰਦ ਸਿੰਘ ਚਕਰ, ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ, ਜਥੇਦਾਰ ਦਲੀਪ ਸਿੰਘ ਚਕਰ ਕਨਵੀਨਰ, ਸੰਤ ਬਾਬਾ ਜਤਿੰਦਰ ਸਿੰਘ ਕਾਰਜਕਾਰੀ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ, ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ, ਬਾਬਾ ਸੱਜਣ ਸਿੰਘ ਮੁੱਖ ਸਲਾਹਕਾਰ ਇੰਟਰਨੈਸ਼ਨਲ ਪੰਥਕ ਦਲ, ਜਥੇਦਾਰ ਸਵਰਨਜੀਤ ਸਿੰਘ ਤਰਨਾ ਦਲ, ਜਥੇਦਾਰ ਜੋਗਿੰਦਰ ਸਿੰਘ ਫਿਰੋਜ਼ਪੁਰ ਮੀਤ ਪ੍ਰਧਾਨ ਧਾਰਮਿਕ ਵਿੰਗ, ਭਾਈ ਗੁਰਭੇਜ ਸਿੰਘ ਭੈਣੀ ਮੱਸਾ ਸਿੰਘ ਪ੍ਰਧਾਨ ਤਰਨ ਤਾਰਨ, ਭਾਈ ਜਗਤਾਰ ਸਿੰਘ ਰੋਡੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਜਥੇਦਾਰ ਬਲਵੀਰ ਸਿੰਘ ਲੱਧਾਮੁੰਡਾ, ਕਿਸਾਨ ਵਿੰਗ ਦੇ ਪ੍ਰਧਾਨ, ਡਾਕਟਰ ਪਿੱਪਲ ਸਿੰਘ, ਫਿਰੋਜ਼ਪੁਰ (ਪ੍ਰਧਾਨ), ਸੰਤ ਬਾਬਾ ਕਰਨੈਲ ਸਿੰਘ ਜੀ ਮੋਗੇ ਵਾਲੇ, ਕਾਰ ਸੇਵਾ ਸੰਪਰਦਾਇ ਲੰਗਰ ਹਜ਼ੂਰ ਸਾਹਿਬ, ਬਾਬਾ ਗੁਰਦਿਆਲ ਸਿੰਘ ਲੰਗੇਆਣੇ ਵਾਲੇ, ਬਾਬਾ ਜਸਵਿੰਦਰ ਸਿੰਘ ਰਾਜੇਆਣੇ ਵਾਲੇ, ਜਥੇਦਾਰ ਹਰਮੇਲ ਸਿੰਘ (ਕਾਰ ਸੇਵਾ ਮੋਗੇ ਵਾਲੇ), ਸੰਤ ਬਾਬਾ ਸੁਖਮੰਦਰ ਸਿੰਘ ਜੀ, ਗੁਰਦੁਆਰਾ ਗੁਰੂਸਰ ਪਾਤਸ਼ਾਹੀ ਛੇਵੀਂ, ਗੁਰਦੁਆਰਾ ਸੰਤ ਖਾਲਸਾ ਦੇ ਹਜ਼ੂਰੀ ਰਾਗੀ ਭਾਈ ਅੰਮ੍ਰਿਤਪਾਲ ਸਿੰਘ, ਗਿਆਨੀ ਅਵਤਾਰ ਸਿੰਘ,, ਗਗਨਾ ਸਿੰਘ ਸਰਪੰਚ, ਗਿਆਨੀ ਮਨਪ੍ਰੀਤ ਸਿੰਘ, ਗਿਆਨੀ ਸੁਖਜਿੰਦਰ ਸਿੰਘ, ਲਾਂਗਰੀ ਭਾਈ ਗੁਰਮੇਜ ਸਿੰਘ, ਭਾਈ ਹਰਮਨ ਸਿੰਘ, ਬਾਬਾ ਭਜਨ ਸਿੰਘ, ਬਾਬਾ ਬੂਟਾ ਸਿੰਘ, ਆਈ ਪੀ ਡੀ ਪੰਜਾਬ ਪ੍ਰਧਾਨ ਜਗਸੀਰ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਜਗਤਾਰ ਸਿੰਘ ਰੋਡੇ, ਭਾਈ ਕੁਲਦੀਪ ਸਿੰਘ ਰੋਡੇ, ਕੁਲਦੀਪ ਸਿੰਘ, ਸਕੱਤਰ ਭਾਈ ਹਰਪਾਲ ਸਿੰਘ, ਦਮਦਮੀ ਟਕਸਾਲ ਤੋਂ ਭਾਈ ਸਿਮਰਨਪ੍ਰੀਤ ਸਿੰਘ, ਭਾਈ ਜਸਵਿੰਦਰ ਸਿੰਘ, ਭਾਈ ਮਨਜੀਤ ਸਿੰਘ, ਭਾਈ ਬਲਰਾਜ ਸਿੰਘ, ਹਰਪਾਲ ਸਿੰਘ ਰੋਡੇ, ਗੁਰਮੀਤ ਸਿੰਘ ਪ੍ਰਧਾਨ ਰੋਡੇ, ਹਰਜਿੰਦਰ ਸਿੰਘ ਨਿੱਕਾ, ਭਗਵੰਤ ਸਿੰਘ ਰੋਡੇ, ਜਗਮੀਤ ਸਿੰਘ ਰੋਡੇ, ਜਸਕਰਨ ਸਿੰਘ ਰੋਡੇ, ਸੁਖਮੰਦਰ ਸਿੰਘ ਰੋਡੇ, ਪਰਮਵੀਰ ਸਿੰਘ ਰੋਡੇ, ਹਰਵਿੰਦਰ ਸਿੰਘ ਰੋਡੇ, ਬਾਬਾ ਚਮਕੌਰ ਸਿੰਘ, ਕਸ਼ਮੀਰ ਸਿੰਘ, ਗਗਨਦੀਪ ਸਿੰਘ, ਮਨਦੀਪ ਸਿੰਘ ਬਲਦੇਵ ਸਿੰਘ ਹਰਪ੍ਰੀਤ ਸਿੰਘ, ਬਾਬਾ ਗੁਰਦੀਪ ਸਿੰਘ ਠਾਠ ਰੋਡੇ, ਬਾਬਾ ਗੁਰਪ੍ਰੀਤ ਸਿੰਘ ਪੰਜ ਗਰਾਈਆਂ ਵਾਲੇ, ਸੰਤ ਬਾਬਾ ਹਰਭਜਨ ਸਿੰਘ ਔਲਖਾਂ ਵਾਲੇ, ਬਾਬਾ ਲੱਖਾ ਸਿੰਘ ਔਲਖ, ਬਾਬਾ ਸੁਖਪ੍ਰੀਤ ਸਿੰਘ ਰਾਜੇਆਣਾ, ਬਾਬਾ ਸਾਵਣ ਦਾਸ ਜੀ ਬਖਤਗੜ੍ਹ, ਜਥੇਦਾਰ ਹਰਕ੍ਰਿਸ਼ਨ ਸਿੰਘ ਕੋਠੇ ਜੀਵਾ, ਭਾਈ ਕੁਲਦੀਪ ਸਿੰਘ ਡੱਲਾ, ਬਾਬਾ ਬਲਵਿੰਦਰ ਸਿੰਘ ਹੈੱਡ ਗ੍ਰੰਥੀ ਗੁਰਦੁਆਰਾ ਸੰਤ ਖਾਲਸਾ, ਜਥੇਦਾਰ ਬੂਟਾ ਸਿੰਘ ਰੋਡੇ ਆਦਿ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ਅੱਜ ਦੇ ਸਮਾਗਮ ਵਿਚ ਕਥਾਵਾਚਕ ਗਿਆਨੀ ਨਿਰਮਲ ਸਿੰਘ ਧੂੜਕੋਟ ਵਾਲਿਆਂ ਨੇ ਵੀ ਹਾਜ਼ਰੀ ਭਰੀ। ਦੀਵਾਨ ਦੌਰਾਨ ਰਾਗੀ ਅਤੇ ਢਾਡੀ ਜਥਿਆਂ ਭਾਈ ਗੁਰਜੀਵਨ ਸਿੰਘ ਰੋਡੇ, ਕਵੀਸ਼ਰ ਭਾਈ ਵੀਰਭਾਨ ਸਿੰਘ ਮੌੜ ਮਾਲਵਾ, ਵੱਲੋਂ ਰਸਭਿਨੇ ਇਤਿਹਾਸ ਕਾਹਦੀ ਆ ਰਾਹੀਂ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ ਗਿਆ। ਪੂਰੇ ਸਮਾਗਮ ਦੌਰਾਨ ਅਤੁੱਟ ਲੰਗਰ ਦੀ ਸੇਵਾ ਜਾਰੀ ਰਹੀ ਅਤੇ ਪ੍ਰਬੰਧਕ ਕਮੇਟੀ ਵੱਲੋਂ ਦੂਰੋਂ ਆਈਆਂ ਸੰਗਤਾਂ ਲਈ ਵਧੀਆ ਪ੍ਰਬੰਧ ਕੀਤੇ ਗਏ ਸਨ। ਸਮਾਗਮ ਦੇ ਅੰਤ ਵਿੱਚ ਅਰਦਾਸ ਉਪਰੰਤ ਪੰਜ ਦਿਨਾਂ ਧਾਰਮਿਕ ਸਮਾਗਮ ਦੀ ਸਮਾਪਤੀ ਹੋਈ।

ਆਵਾਜ਼ਿ ਕੌਮ AWAZE QAUM International Newspaper & WEB TV

## ਨਸ਼ਾ ਤਸਕਰੀ ਨਾਲ ਸਬੰਧਤ ਨੈੱਟਵਰਕ ਦੇ ਤਿੰਨ ਕਾਰਕੁੰਨ

# 6 ਕਿਲੋ ਹੈਰੋਇਨ ਅਤੇ 6 ਕਿਲੋ ਆਈਸੀਈ ਸਮੇਤ ਅੰਮ੍ਰਿਤਸਰ ਤੋਂ ਕਾਬੂ

**ਜੰਡਿਆਲਾ ਗੁਰੂ , 23 ਫਰਵਰੀ:( ਕੁਲਵੰਤ ਸਿੰਘ ਵਿਰਦੀ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਤਹਿਤ ਕਾਊਂਟਰ ਇੰਟੈਲੀਜੈਂਸ (ਸੀਆਈ) ਅੰਮ੍ਰਿਤਸਰ ਨੇ ਨਸ਼ਾ ਤਸਕਰੀ ਨਾਲ ਜੁੜੇ ਮਾਡਿਊਲ ਦੇ ਤਿੰਨ ਕਾਰਕੁਨਾਂ ਨੂੰ 6 ਕਿਲੋ ਹੈਰੋਇਨ ਅਤੇ 6 ਕਿਲੋ ਆਈਸੀਈ (ਕ੍ਰਿਸਟਲ ਮੇਥਾਮਫੇਟਾਮਾਈਨ) ਬਰਾਮਦ ਕਰਕੇ, ਇਸ ਗਿਰੋਹ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ), ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਸਾਂਝੀ ਕੀਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਫਿਰੋਜ਼ਪੁਰ ਦੇ ਪਿੰਡ ਸੁਰਸਿੰਘ ਵਾਲਾ ਦੇ ਵਸਨੀਕ ਪ੍ਰਤਾਪ ਸਿੰਘ, ਅੰਮ੍ਰਿਤਸਰ ਦੇ ਪਿੰਡ ਕੋਹਾਲਾ ਦੇ ਵਸਨੀਕ ਅਜੈਪਾਲ ਸਿੰਘ ਅਤੇ ਅੰਮ੍ਰਿਤਸਰ ਦੇ ਪਿੰਡ ਖਿਆਲਾ ਕਲਾਂ ਦੇ ਵਸਨੀਕ ਜੋਬਨਦੀਪ ਸਿੰਘ ਵਜੋਂ ਹੋਈ ਹੈ। ਪੁਲਿਸ ਟੀਮਾਂ ਨੇ ਨਸ਼ੀਲੇ ਪਦਾਰਥਾਂ ਦੀ ਖੇਪ ਬਰਾਮਦ ਕਰਨ ਤੋਂ ਇਲਾਵਾ ਦੋਸ਼ੀਆਂ ਦਾ ਕਾਲੇ ਰੰਗ ਦਾ ਸਪਲੈਂਡਰ ਮੋਟਰਸਾਈਕਲ (ਪੀਬੀ 02ਐਫ.ਈ. 1185) ਅਤੇ ਚਿੱਟੇ ਰੰਗ ਦੀ ਐਕਟਿਵਾ (ਪੀਬੀ02 ਈਟੀ 8995) ਵੀ ਜ਼ਬਤ ਕਰ ਲਿਆ ਹੈ, ਜੋ ਖੇਪ ਦੀ ਢੋਆ-ਢੁਆਈ ਲਈ ਵਰਤੇ ਜਾ ਰਹੇ ਸਨ। ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ, ਪ੍ਰਤਾਪ ਸਿੰਘ ਅਤੇ ਅਜੈਪਾਲ ਸਿੰਘ ਪਾਕਿਸਤਾਨੀ ਤਸਕਰ ਦੇ ਸਿੱਧੇ ਸੰਪਰਕ ਵਿੱਚ ਸਨ। ਉਨ੍ਹਾਂ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਅੰਮ੍ਰਿਤਸਰ ਦੇ ਪਿੰਡਾਂ ਅਟਲਗੜ੍ਹ ਅਤੇ ਰਤਨ ਦੇ ਵਾੜ ਵਾਲੇ ਖੇਤਰ ਤੋਂ ਡਰੋਨ ਰਾਹੀਂ ਸਰਹੱਦ ਪਾਰੋਂ ਤਸਕਰੀ ਕੀਤੀਆਂ ਖੇਪਾਂ ਪ੍ਰਾਪਤ ਕਰ ਰਹੇ ਸਨ ਅਤੇ ਉਨ੍ਹਾਂ ਨੂੰ ਸੂਬੇ ਵਿੱਚ ਅੱਗੇ ਹੋਰਨਾਂ ਨੂੰ ਇਹ ਨਸ਼ੀਲੇ ਪਦਾਰਥ ਸਪਲਾਈ ਕਰਨ ਦਾ ਕੰਮ ਸੌਂਪਿਆ ਗਿਆ ਸੀ।





ਆਪ੍ਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦਿਆਂ ਉਨ੍ਹਾਂ ਕਿਹਾ ਕਿ ਸੀਆਈ ਅੰਮ੍ਰਿਤਸਰ ਨੂੰ ਪੁਖ਼ਤਾ ਖੁਫੀਆ ਜਾਣਕਾਰੀ ਮਿਲੀ ਸੀ ਕਿ ਪ੍ਰਤਾਪ ਸਿੰਘ ਅਤੇ ਅਜੈਪਾਲ ਸਿੰਘ ਨੂੰ ਹਾਲ ਹੀ ਵਿੱਚ ਡਰੋਨ ਰਾਹੀਂ ਨਸ਼ੀਲੇ ਪਦਾਰਥਾਂ ਦੀ ਇੱਕ ਵੱਡੀ ਖੇਪ ਮਿਲੀ ਹੈ ਅਤੇ ਉਹ ਇਸ ਖੇਪ ਨੂੰ ਪਿੰਡ ਪਧਰੀ ਵਿਖੇ ਸ਼ਮਸ਼ਾਨ ਘਾਟ ਦੀ ਪਾਣੀ ਵਾਲੀ ਟੈਂਕੀ ਨੇੜੇ ਆਪਣੇ ਸਾਥੀ ਜੋਬਨਦੀਪ ਸਿੰਘ ਤੱਕ ਪਹੁੰਚਾਉਣ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਤੇਜ਼ੀ ਨਾਲ ਕਾਰਵਾਈ ਕਰਦਿਆਂ ਸੀ.ਆਈ. ਅੰਮ੍ਰਿਤਸਰ ਦੀ ਪੁਲਿਸ ਟੀਮ ਨੇ ਉਸ ਥਾਂ 'ਤੇ ਛਾਪਾ ਮਾਰਿਆ ਅਤੇ ਤਿੰਨਾਂ ਸ਼ੱਕੀਆਂ ਨੂੰ 6 ਕਿਲੋ ਹੈਰੋਇਨ ਅਤੇ 6 ਕਿਲੋ ਆਈਸੀਈ ਸਮੇਤ ਗ੍ਰਿਫ਼ਤਾਰ ਕੀਤਾ। ਡੀਜੀਪੀ ਨੇ ਕਿਹਾ ਕਿ ਮਾਮਲੇ ਵਿੱਚ ਪੂਰੇ ਗਿਰੋਹ ਦਾ ਪਰਦਾਫਾਸ਼ ਕਰਨ ਲਈ ਅਗਲੇ-ਪਿਛਲੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ ਅਤੇ ਹੋਰ ਗ੍ਰਿਫ਼ਤਾਰੀਆਂ ਹੋਣ ਦੀ ਉਮੀਦ ਹੈ। ਇਸ ਸਬੰਧ ਵਿੱਚ ਐਫਆਈਆਰ ਨੰਬਰ 10 ਮਿਤੀ 23.02.2026 ਨੂੰ ਪੁਲਿਸ ਸਟੇਸ਼ਨ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ, ਅੰਮ੍ਰਿਤਸਰ ਵਿਖੇ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ 21, 22, 25 ਅਤੇ 29 ਤਹਿਤ ਕੇਸ ਦਰਜ ਕੀਤਾ ਗਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਮੁਫ਼ਤ ਸਹੂਲਤਾਂ ਦੀ ਰਾਜਨੀਤੀ ਦੇਸ਼ ਦੇ ਵਿਕਾਸ ਲਈ ਖਤਰਾ: ਗਿਆਨੀ ਹਰਪ੍ਰੀਤ ਸਿੰਘ

## ਆਮ ਆਦਮੀ ਪਾਰਟੀ ਸੁਪਰੀਮ ਕੋਰਟ ਦੀ ਟਿੱਪਣੀ 'ਤੇ ਆਪਣਾ ਪੱਖ ਸਪੱਸ਼ਟ ਕਰੇ




**ਚੰਡੀਗੜ੍ਹ 23 ਫਰਵਰੀ (ਆਵਾਜ਼ਿ ਕੌਮ ਬਿਊਰੋ)**—ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਚੋਣਾਂ ਤੋਂ ਪਹਿਲਾਂ ਵੱਖ-ਵੱਖ ਸਰਕਾਰਾਂ ਵੱਲੋਂ ਮੁਫ਼ਤ ਸਹੂਲਤਾਂ ਦੇ ਐਲਾਨਾਂ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਹੈ ਕਿ ਇਹ ਰੁਝਾਨ ਦੇਸ਼ ਦੀ ਆਰਥਿਕਤਾ ਅਤੇ ਵਿਕਾਸ ਲਈ ਠੀਕ ਨਹੀਂ। ਉਨ੍ਹਾਂ ਕਿਹਾ ਕਿ ਹਾਲ ਹੀ ਵਿੱਚ ਸੁਪਰੀਮ ਕੋਰਟ ਆਫ ਇੰਡੀਆ ਵੱਲੋਂ ਵੀ ਇਸ ਮਸਲੇ 'ਤੇ ਗੰਭੀਰ ਟਿੱਪਣੀ ਕੀਤੀ ਗਈ ਹੈ ਕਿ ਚੋਣਾਂ ਤੋਂ ਪਹਿਲਾਂ ਮੁਫ਼ਤ ਸਹੂਲਤਾਂ ਵੰਡਣ ਦੀ ਪ੍ਰਥਾ ਦੇਸ਼ ਦੇ ਵਿਕਾਸ ਵਿੱਚ ਰੁਕਾਵਟ ਬਣ ਸਕਦੀ ਹੈ ਅਤੇ ਸਰਕਾਰਾਂ ਨੂੰ ਲੋਕਾਂ ਨੂੰ ਰੋਜ਼ਗਾਰ ਦੇਣ 'ਤੇ ਧਿਆਨ ਦੇਣਾ ਚਾਹੀਦਾ ਹੈ।

ਪ੍ਰੈੱਸ ਨੂੰ ਜਾਰੀ ਬਿਆਨ ਵਿੱਚ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਇਹ ਗੱਲ ਖੁਦ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੀ ਪਹਿਲਾਂ ਕਹਿ ਚੁੱਕੇ ਹਨ ਕਿ "ਮੁਫ਼ਤ ਰਾਸ਼ਨ ਨਹੀਂ, ਰੋਜ਼ਗਾਰ ਦਿਓ - ਰਾਸ਼ਨ ਅਸੀਂ ਖੁਦ ਖਰੀਦ ਲਵਾਂਗੇ।" ਪਰ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਵੱਖ-ਵੱਖ ਮੁਫ਼ਤ ਸਕੀਮਾਂ ਦਾ ਐਲਾਨ ਕੀਤਾ ਜਾ ਰਿਹਾ ਹੈ, ਜੋ ਉਨ੍ਹਾਂ ਦੇ ਪੁਰਾਣੇ ਬਿਆਨਾਂ ਦੇ ਉਲਟ ਹੈ। ਉਨ੍ਹਾਂ ਕਿਹਾ ਕਿ ਪੰਜਾਬ ਪਹਿਲਾਂ ਹੀ ਭਾਰੀ ਕਰਜ਼ੇ ਹੇਠ ਦਬਿਆ ਹੋਇਆ ਹੈ ਅਤੇ ਇਸ ਤਰ੍ਹਾਂ ਦੀਆਂ ਮੁਫ਼ਤ ਸਕੀਮਾਂ ਨਾਲ ਸੂਬੇ ਦੀ ਆਰਥਿਕਤਾ ਹੋਰ ਕਮਜ਼ੋਰ ਹੋ ਸਕਦੀ ਹੈ। ਉਨ੍ਹਾਂ ਨੇ ਕਿਹਾ ਕਿ ਲੋਕਾਂ ਨੂੰ ਮੁਫ਼ਤ ਸਹੂਲਤਾਂ ਦੀ ਬਜਾਏ ਸਥਾਈ ਰੋਜ਼ਗਾਰ ਅਤੇ ਉਦਯੋਗਿਕ ਵਿਕਾਸ ਦੀ ਲੋੜ ਹੈ, ਜਿਸ ਨਾਲ ਨੌਜਵਾਨਾਂ ਦਾ ਭਵਿੱਖ ਸੁਰੱਖਿਅਤ ਹੋ ਸਕੇ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਅਤੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਸੁਪਰੀਮ ਕੋਰਟ ਦੀ ਟਿੱਪਣੀ 'ਤੇ ਆਪਣਾ ਸਪੱਸ਼ਟ ਪੱਖ ਰੱਖਣਾ ਚਾਹੀਦਾ ਹੈ ਅਤੇ ਦੱਸਣਾ ਚਾਹੀਦਾ ਹੈ ਕਿ ਉਹ ਪੰਜਾਬ ਦੇ ਵਿਕਾਸ ਲਈ ਰੋਜ਼ਗਾਰ ਅਧਾਰਿਤ ਨੀਤੀ ਲਿਆਉਣਗੇ ਜਾਂ ਮੁਫ਼ਤ ਸਹੂਲਤਾਂ ਦੀ ਰਾਜਨੀਤੀ ਜਾਰੀ ਰੱਖਣਗੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਸਿਆਸੀ ਵਾਅਦਿਆਂ ਅਤੇ ਮੁਫ਼ਤ ਸਕੀਮਾਂ ਦੀ ਰਾਜਨੀਤੀ ਤੋਂ ਉੱਪਰ ਉੱਠ ਕੇ ਰੋਜ਼ਗਾਰ, ਸਿੱਖਿਆ, ਉਦਯੋਗ ਅਤੇ ਕਿਸਾਨੀ ਦੀ ਮਜ਼ਬੂਤੀ ਵਰਗੇ ਮੁੱਦਿਆਂ ਦਾ ਹੱਲ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਚੋਣੀ ਲਾਭ ਲਈ ਐਲਾਨ ਕਰਨ ਦੀ ਬਜਾਏ ਲੰਬੇ ਸਮੇਂ ਦੀ ਵਿਕਾਸ ਯੋਜਨਾ ਤਿਆਰ ਕਰੇ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਜੇਕਰ ਸਰਕਾਰ ਨੇ ਆਪਣੀ ਨੀਤੀ ਸਪੱਸ਼ਟ ਨਾ ਕੀਤੀ ਤਾਂ ਲੋਕਾਂ ਵਿੱਚ ਇਹ ਸੰਦੇਸ਼ ਜਾਵੇਗਾ ਕਿ ਸਰਕਾਰ ਸਿਰਫ਼ ਚੋਣੀ ਲਾਭ ਲਈ ਫੈਸਲੇ ਕਰ ਰਹੀ ਹੈ, ਜੋ ਲੋਕਤੰਤਰ ਲਈ ਠੀਕ ਨਹੀਂ। ਉਨ੍ਹਾਂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਹਮੇਸ਼ਾ ਲੋਕ-ਹਿਤ ਅਤੇ ਪੰਜਾਬ ਦੇ ਟਿਕਾਊ ਵਿਕਾਸ ਲਈ ਵਚਨਬੱਧ ਰਹੇਗੀ ਅਤੇ ਸਰਕਾਰ ਦੀਆਂ ਲੋਕ-ਵਿਰੋਧੀ ਨੀਤੀਆਂ ਦਾ ਵਿਰੋਧ ਜਾਰੀ ਰੱਖੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਸਰਕਾਰ ਵੱਲੋਂ ਜਲਦ ਕਰਵਾਈ ਜਾਵੇਗੀ ਐਨ.ਆਰ.ਆਈ. ਮਿਲਣੀ: ਡਾ. ਰਵਜੋਤ ਸਿੰਘ

## ਐਨ.ਆਰ.ਆਈਜ਼ ਦੀਆਂ ਸਮੱਸਿਆਵਾਂ ਪਹਿਲ ਦੇ ਆਧਾਰ 'ਤੇ ਹੱਲ ਕੀਤੀਆਂ ਜਾਣਗੀਆਂ



**ਹੁਸ਼ਿਆਰਪੁਰ/ਚੰਡੀਗੜ੍ਹ, 23 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਵੱਲੋਂ ਜਲਦ ਹੀ ਜ਼ਿਲ੍ਹਾ ਵਾਰ ਐਨ.ਆਰ.ਆਈ ਮਿਲਣੀਆਂ ਦਾ ਆਯੋਜਨ ਕੀਤਾ ਜਾਵੇਗਾ। ਇਹ ਜਾਣਕਾਰੀ ਅੱਜ ਇੱਥੇ ਐਨ.ਆਰ.ਆਈ. ਮਾਮਲਿਆਂ ਸਬੰਧੀ ਵਿਭਾਗੀ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਨ ਉਪਰੰਤ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਦਿੱਤੀ। ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵਿਦੇਸ਼ਾਂ ਵਿੱਚ ਵਸਦੇ ਪੰਜਾਬੀ ਐਨ.ਆਰ.ਆਈਜ਼ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਐਨ.ਆਰ.ਆਈ ਮਿਲਣੀਆਂ ਦਾ ਆਯੋਜਨ ਲਗਾਤਾਰ ਕੀਤਾ ਜਾ ਰਿਹਾ ਹੈ ਅਤੇ ਇਸੇ ਦਿਸ਼ਾ ਵਿੱਚ ਚਾਲੂ ਸਾਲ ਦੌਰਾਨ ਸੂਬੇ ਦੇ ਹਰੇਕ ਜ਼ਿਲ੍ਹੇ ਵਿੱਚ ਐਨ.ਆਰ.ਆਈਜ਼ ਮਿਲਣੀਆਂ ਕਰਵਾਈਆਂ ਜਾਣਗੀਆਂ। ਕੈਬਨਿਟ ਮੰਤਰੀ ਨੇ ਦੱਸਿਆ ਕਿ ਸਾਡਾ ਮੁੱਖ ਮਕਸਦ ਐਨ. ਆਰ. ਆਈਜ ਨੂੰ ਦਰਪੇਸ਼ ਸਮੱਸਿਆਵਾਂ ਦਾ ਹੱਲ ਉਨ੍ਹਾਂ ਦੇ ਕੋਲ ਪਹੁੰਚ ਕੇ ਕਰਨਾ ਹੈ ਤਾਂ ਜੋ ਉਨ੍ਹਾਂ ਨੂੰ ਸਰਕਾਰੀ ਦਫ਼ਤਰਾਂ ਦੇ ਬੇਲੋੜੇ ਚੱਕਰ ਨਾ ਕੱਟਣੇ ਪੈਣ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤਾਂ ਦਿੱਤੀਆਂ ਕਿ ਐਨ.ਆਰ.ਆਈਜ ਦੇ ਮਸਲੇ ਤੇ ਸ਼ਿਕਾਇਤਾਂ ਤੈਅ ਸਮੇਂ ਅੰਦਰ ਹੱਲ ਕੀਤੀਆਂ ਜਾਣ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵਿਦੇਸ਼ਾਂ ਵਿੱਚ ਬੈਠੇ ਪੰਜਾਬੀਆਂ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਿਦੇਸ਼ਾਂ ਵਿੱਚ ਵਸਦੇ ਐਨ.ਆਰ.ਆਈਜ਼ ਪੰਜਾਬੀਆਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਸਾਡੀ ਸਰਕਾਰ ਨੇ ਐਨ.ਆਰ.ਆਈਜ਼ ਦੀਆਂ ਪੰਜਾਬ ਵਿੱਚ ਪਈਆਂ ਜ਼ਮੀਨ ਜਾਇਦਾਦ ਦੇ ਅਧਿਕਾਰ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਪੁਖਤਾ ਪ੍ਰਬੰਧ ਕੀਤੇ ਹਨ। ਮੰਤਰੀ ਨੇ ਵਿਭਾਗੀ ਅਧਿਕਾਰੀਆਂ ਨੂੰ ਹਦਾਇਤ ਦਿੰਦਿਆਂ ਕਿਹਾ ਕਿ ਐਨ.ਆਰ.ਆਈਜ਼ ਸਭਾ ਦੀ ਜਲਦ ਚੋਣ ਕਰਵਾਈ ਜਾਵੇ ਅਤੇ ਇਸ ਸਬੰਧੀ ਲੋੜੀਂਦੀ ਕਾਰਵਾਈ ਨੂੰ ਤੇਜ਼ੀ ਨਾਲ ਨੇਪਰੇ ਚੜ੍ਹਾਇਆ ਜਾਵੇ। ਇਸ ਮੌਕੇ ਐਨ. ਆਰ.ਆਈ ਵਿਭਾਗ ਦੇ ਸਕੱਤਰ ਸ੍ਰੀ ਵੀ. ਐਨ. ਜ਼ਾਦੇ, ਡਵੀਜ਼ਨਲ ਕਮਿਸ਼ਨਰ ਜਲੰਧਰ ਅਤੇ ਸਕੱਤਰ ਸੂਚਨਾ ਤੇ ਲੋਕ ਸੰਪਰਕ ਵਿਭਾਗ ਸ੍ਰੀ ਰਾਮਵੀਰ, ਵਿਸ਼ੇਸ਼ ਸਕੱਤਰ ਐਨ.ਆਰ.ਆਈ ਸ੍ਰੀਮਤੀ ਅਮਨਦੀਪ ਕੌਰ, ਏ.ਡੀ.ਜੀ.ਪੀ ਐਨ.ਆਰ.ਆਈ ਸ੍ਰੀ ਆਰ. ਕੇ. ਜੈਸਵਾਲ, ਵਧੀਕ ਸਕੱਤਰ ਐਨ. ਆਰ.ਆਈ ਸ੍ਰੀ ਆਰ. ਬੀ.ਐਸ ਬਰਾੜ ਅਤੇ ਏ.ਆਈ.ਜੀ ਸ੍ਰੀ ਅਜਿੰਦਰ ਸਿੰਘ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV